ਸੋਮਵਾਰ, 5 ਫਰਵਰੀ, 2024
23 ਮਾਘ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 246

ਨਵਾਂ ਜ਼ਮਾਨਾ

DAILY NAWAN ZAMANA • MONDAY, 5 FEBRUARY, 2024
ਜਲੰਧਰ
nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

ਮਾਨ ਨੇ 11 ਖਿਡਾਰੀ ਕਲਾਸ-ਵਨ ਅਫਸਰ ਬਣਾਏ

ਚੰਡੀਗੜ੍ਹ (ਗੁਰਜੀਤ ਬਿੱਲਾ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਆਪਣੇ ਨਿਵਾਸ ਸਥਾਨ 'ਤੇ 11 ਕੌਮਾਂਤਰੀ ਖਿਡਾਰੀਆਂ ਨੂੰ ਕਲਾਸ-ਵਨ ਦੀਆਂ ਸਰਕਾਰੀ ਨੌਕਰੀਆਂ ਲਈ ਨਿਯੁਕਤੀ ਪੱਤਰ ਸੌਂਪੇ। ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ, ਭਾਰਤੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ, ਮਨਦੀਪ ਸਿੰਘ, ਦਿਲਪ੍ਰੀਤ ਸਿੰਘ, ਵਰੁਣ ਕੁਮਾਰ, ਸ਼ਮਸ਼ੇਰ ਸਿੰਘ ਅਤੇ ਸ਼ਾਟਪੁੱਟਰ ਤਜਿੰਦਰਪਾਲ ਸਿੰਘ ਤੂਰ ਡੀ ਐਸ ਪੀ ਵਜੋਂ, ਜਦਕਿ ਹਾਕੀ ਖਿਡਾਰੀ ਰੁਪਿੰਦਰਪਾਲ ਸਿੰਘ, ਸਿਮਰਨਜੀਤ ਸਿੰਘ, ਹਾਰਦਿਕ ਸਿੰਘ ਅਤੇ ਗੁਰਜੰਟ ਸਿੰਘ ਪੰਜਾਬ ਸਿਵਲ ਸਰਵਿਸਿਜ਼ (ਪੀ ਸੀ ਐੱਸ) 'ਚ ਸੇਵਾਵਾਂ ਨਿਭਾਉਣਗੇ।

ਮੋਗਾ ਦੀ ਹਰਮਨਪ੍ਰੀਤ ਕੌਰ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹੈ। ਨਵੰਬਰ 2018 'ਚ ਉਹ ਮਹਿਲਾ ਟੀ-20 ਕੌਮਾਂਤਰੀ ਮੈਚ 'ਚ ਸੈਂਕੜਾ ਲਗਾਉਣ ਵਾਲੀ ਪਹਿਲੀ ਭਾਰਤੀ ਖਿਡਾਰਨ ਬਣੀ ਸੀ। ਅੰਮ੍ਰਿਤਸਰ ਵਿਚ ਜਨਮ ਲੈਣ ਵਾਲੇ ਹਰਮਨਪ੍ਰੀਤ ਸਿੰਘ ਨੇ ਭਾਰਤੀ ਟੀਮ ਲਈ ਸਭ ਤੋਂ ਵੱਧ ਗੋਲ ਕੀਤੇ ਹਨ। ਜਲੰਧਰ ਵਿਚ ਪੈਦਾ ਹੋਇਆ ਮਨਦੀਪ ਭਾਰਤੀ ਹਾਕੀ ਟੀਮ ਤੋਂ ਇਲਾਵਾ ਦਿੱਲੀ ਵੇਵਰਾਈਡਰਜ਼ ਲਈ ਖੇਡ ਰਿਹਾ ਹੈ। ਅੰਮ੍ਰਿਤਸਰ ਦੇ ਬੁਤਾਲਾ ਵਿਚ ਪੈਦਾ ਹੋਇਆ ਦਿਲਪ੍ਰੀਤ ਸਿੰਘ 2018 ਤੋਂ ਭਾਰਤੀ ਹਾਕੀ ਟੀਮ ਨਾਲ ਹੈ। ਵਰੁਣ ਕੁਮਾਰ ਦਾ ਪਰਵਾਰ ਡਲਹੌਜ਼ੀ, ਹਿਮਾਚਲ ਦਾ ਰਹਿਣ ਵਾਲਾ ਹੈ। ਵਰੁਣ ਦਾ ਜਨਮ ਪੰਜਾਬ 'ਚ ਹੋਇਆ ਸੀ। ਉਹ 2017 ਤੋਂ ਹਾਕੀ ਟੀਮ ਲਈ 40 ਗੋਲ ਕਰ ਚੁੱਕਾ ਹੈ। ਅਟਾਰੀ ਵਿਚ ਜਨਮ ਲੈਣ ਵਾਲਾ ਸ਼ਮਸ਼ੇਰ ਸਿੰਘ 2019 ਤੋਂ ਭਾਰਤੀ ਹਾਕੀ ਟੀਮ ਨਾਲ ਹੈ। ਉਹ ਪੰਜਾਬ ਨੈਸ਼ਨਲ ਬੈਂਕ 'ਚ ਕੰਮ ਕਰ ਰਿਹਾ ਸੀ। ਫਰੀਦਕੋਟ ਵਿਚ ਪੈਦਾ ਹੋਣ ਵਾਲਾ ਡਿਫੈਂਡਰ ਰੁਪਿੰਦਰਪਾਲ ਸਿੰਘ ਭਾਰਤੀ ਹਾਕੀ ਟੀਮ ਦੀ ਕੰਧ ਹੈ। ਪੀਲੀਭੀਤ (ਯੂ ਪੀ) ਵਿਚ ਜਨਮ ਲੈਣ ਵਾਲੇ ਸਿਮਰਨਜੀਤ ਸਿੰਘ ਨੇ ਸੁਰਜੀਤ ਹਾਕੀ ਅਕੈਡਮੀ, ਜਲੰਧਰ ਤੋਂ ਸਿਖਲਾਈ ਲਈ। ਉਸ ਦਾ ਚਚੇਰਾ ਭਰਾ ਗੁਰਜੰਟ ਸਿੰਘ ਵੀ ਭਾਰਤੀ ਹਾਕੀ ਟੀਮ ਦਾ ਹਿੱਸਾ ਹੈ। ਗੁਰਜੰਟ ਸਿੰਘ ਦਾ ਜਨਮ ਅੰਮ੍ਰਿਤਸਰ 'ਚ ਹੋਇਆ ਸੀ। ਫਾਰਵਰਡ ਗੁਰਜੰਟ 2017 ਤੋਂ ਭਾਰਤੀ ਹਾਕੀ ਟੀਮ ਲਈ ਖੇਡ ਰਿਹਾ ਹੈ। ਹਾਰਦਿਕ ਦਾ ਜਨਮ ਖੁਸਰੋਪੁਰ, ਜਲੰਧਰ 'ਚ ਹੋਇਆ ਸੀ। ਮਿਡ ਫੀਲਡਰ ਹਾਰਦਿਕ 2018 ਤੋਂ ਭਾਰਤੀ ਹਾਕੀ ਟੀਮ ਲਈ ਖੇਡ ਰਿਹਾ ਹੈ। ਤਜਿੰਦਰਪਾਲ ਸਿੰਘ ਤੂਰ ਦਾ ਜਨਮ ਮੋਗਾ ਦੇ ਪਿੰਡ ਖੋਸਾ ਪਾਂਡੋ ਵਿਖੇ ਹੋਇਆ। ਉਸ ਨੇ ਏਸ਼ੀਆਈ ਖੇਡਾਂ-2023 'ਚ ਸੋਨ ਤਮਗਾ ਜਿੱਤਿਆ ਸੀ।

ਦਰਅਸਲ, ਭਾਰਤੀ ਹਾਕੀ ਟੀਮ ਨੇ ਟੋਕੀਓ ਓਲੰਪਿਕ 'ਚ ਕਾਂਸੀ ਦਾ ਤਮਗਾ ਜਿੱਤਿਆ ਸੀ। ਇਸ ਟੀਮ 'ਚ 9 ਖਿਡਾਰੀ ਪੰਜਾਬ ਦੇ ਸਨ। ਜਿਸ ਤੋਂ ਬਾਅਦ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਸਰਕਾਰੀ ਨੌਕਰੀ ਦੇਣ ਦਾ ਵਾਅਦਾ ਕੀਤਾ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਇਕ ਇਤਿਹਾਸਕ ਮੌਕਾ ਹੈ, ਜਿਸ ਕਾਰਨ ਉਨ੍ਹਾ ਇਹ ਸਮਾਗਮ ਕਰਵਾ ਕੇ ਆਪਣੀ ਸਰਕਾਰੀ ਰਿਹਾਇਸ਼ ਵਿੱਚ ਨਵੇਂ ਬਣੇ ਆਡੀਟੋਰੀਅਮ ਦਾ ਉਦਘਾਟਨ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾ ਕਿਹਾ ਕਿ ਰਾਸ਼ਟਰੀ ਖੇਡ ਹੋਣ ਦੇ ਬਾਵਜੂਦ ਪਹਿਲਾਂ ਲੋਕ ਹਾਕੀ ਦੀ ਖੇਡ ਪ੍ਰਤੀ ਉਦਾਸੀਨ ਸਨ। ਮਾਨ ਨੇ

● ਬਾਕੀ ਸਫ਼ਾ 2 'ਤੇ

ਫਲਸਤੀਨ ਤੇ ਇਜ਼ਰਾਈਲ ਵਿਚਾਲੇ ਸ਼ਾਂਤੀ ਹੋਣ ਨਾਲ ਲੋਕਾਂ ਨੂੰ ਰੁਜ਼ਗਾਰ, ਵਿੱਦਿਆ, ਸਿਹਤ ਤੇ ਘਰ ਮਿਲੇਗਾ : ਸੀ ਪੀ ਆਈ

ਹੈਦਰਾਬਾਦ : ਸੀ ਪੀ ਆਈ ਦੀ ਕੌਮੀ ਕੌਂਸਲ ਮੀਟਿੰਗ, ਜੋ ਰਾਮਾ ਕ੍ਰਿਸ਼ਨ ਪਾਂਡਾ, ਨਿਸ਼ਾ ਸਿੱਧੂ ਤੇ ਸੰਮਬਸਿਵਾ ਰਾਓ ਦੀ ਪ੍ਰਧਾਨਗੀ ਹੇਠ ਹੈਦਰਾਬਾਦ ਵਿਖੇ ਚੱਲ ਰਹੀ ਹੈ, ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨ ਲਈ ਸੀ ਪੀ ਆਈ ਦੇ ਸਾਬਕਾ ਕੌਮੀ ਜਨਰਲ ਸਕੱਤਰ ਸੁਧਾਰਕ ਰੈਡੀ ਪਹੁੰਚੇ। ਉਨ੍ਹਾ ਨੂੰ ਨੈਸ਼ਨਲ ਕੌਂਸਲ ਵੱਲੋਂ ਸਨਮਾਨਤ ਵੀ ਕੀਤਾ ਗਿਆ। ਮੀਟਿੰਗ ਦੇ ਆਖਰੀ ਦਿਨ ਪੰਜਾਬ ਇਸਤਰੀ ਸਭਾ ਦੀ ਸੂਬਾਈ ਜਨਰਲ ਸਕੱਤਰ ਨਰਿੰਦਰ ਕੌਰ ਸੋਹਲ, ਮਹੇਸ਼ ਰਾਠੀ, ਡਾਕਟਰ ਅਰੁਣ ਮਿੱਤਰਾ ਤੇ ਗੁਲਜ਼ਾਰ ਸਿੰਘ ਗੋਰੀਆ ਨੇ ਵਿਚਾਰ-ਚਰਚਾ ਵਿੱਚ ਹਿੱਸਾ ਲਿਆ।

ਮੀਟਿੰਗ ਦੀ ਸਮਾਪਤੀ ਤੋਂ ਬਾਅਦ ਸ਼ਾਮ ਨੂੰ ਮਹਿੰਗਾਈ, ਬੇਰੁਜ਼ਗਾਰੀ, ਫਲਸਤੀਨ ਤੇ ਇਜ਼ਰਾਈਲ ਦੇ ਮਸਲੇ 'ਤੇ ਆਲ ਪਾਰਟੀ ਰੈਲੀ ਹੋਈ, ਜਿਸ ਵਿੱਚ ਮੁੱਖ ਤੌਰ 'ਤੇ ਸੀ ਪੀ ਆਈ ਦੇ ਕੌਮੀ ਜਨਰਲ ਸਕੱਤਰ ਡੀ ਰਾਜਾ, ਸੀ ਪੀ ਐੱਮ ਦੇ ਸੂਬਾਈ ਆਗੂ ਤੇ ਇੰਡੀਆ ਫਰੰਟ ਵਿੱਚ ਸ਼ਾਮਲ ਪਾਰਟੀਆਂ ਦੇ ਆਗੂਆਂ ਨੇ ਵਿਚਾਰ ਰੱਖੇ। ਉਹਨਾ ਕਿਹਾ ਕਿ ਹਾਲਾਤ ਇਹ ਹਨ ਕਿ ਇਜ਼ਰਾਈਲ ਤੇ ਅਮਰੀਕਾ ਰਲ ਕੇ ਫਲਸਤੀਨ ਵਸੋਂ ਭਾਵ ਦੇਸ਼ ਦਾ ਨਾਮੋ-ਨਿਸ਼ਾਨ ਮਿਟਾਉਣ 'ਤੇ ਤੁਲੇ ਹੋਏ ਹਨ। ਇਜ਼ਰਾਈਲ ਦੀ ਵਸੋਂ ਜੋ ਯਹੂਦੀ ਨਸਲ ਨਾਲ ਸੰਬੰਧ ਰੱਖਦੀ ਹੈ, ਯੂਰਪ ਦਾ ਹਿੱਸਾ ਸੀ। ਈਸਾਈ ਬਰਾਦਰੀ ਨੇ ਇਨ੍ਹਾਂ 'ਤੇ ਘੋਰ ਜ਼ੁਲਮ ਕੀਤੇ ਤੇ ਵਸਦੀ-ਰਸਦੀ ਕੌਮ ਨੂੰ ਉਜਾੜ ਕੇ ਘਰੋਂ ਬੇਘਰ ਕਰ ਦਿੱਤਾ। ਈਸਾਈ ਭਾਈਚਾਰੇ ਨੇ ਯਹੂਦੀਆਂ ਨਾਲ ਨੀਚ ਜਾਤ ਵਾਲਾ ਵਿਹਾਰ ਕੀਤਾ, ਜਿਸ ਤਰ੍ਹਾਂ ਹਿੰਦੂ ਧਰਮ ਨੇ ਮਨੁੱਖ ਨੂੰ ਚਾਰ ਵਰਣਾਂ ਵਿੱਚ ਵੰਡ ਕੇ ਕੀਤਾ ਸੀ। ਇਨ੍ਹਾਂ ਚਾਰ ਵਰਣਾਂ ਵਿੱਚ ਨੀਚ ਸਭ ਤੋਂ ਥੱਲੇ ਵਾਲੇ ਮੰਨੇ ਜਾਂਦੇ ਸਨ। ਉੱਚੇ ਵਰਣ ਦੇ ਲੋਕ ਉਨ੍ਹਾਂ ਤੋਂ ਨੀਵੇਂ ਕੰਮ ਕਰਾਉਂਦੇ ਸਨ। ਇਹ ਨੀਚ ਲੋਕ ਉੱਚੀ ਜਾਤੀ ਵਾਲਿਆਂ ਦਾ ਮਲ-ਮੂਤਰ ਸੁੱਟਦੇ ਸਨ। ਇਨ੍ਹਾਂ ਦੀ ਵਸੋਂ ਪਿੰਡ-ਸ਼ਹਿਰ ਤੋਂ ਬਾਹਰ ਹੁੰਦੀ ਸੀ। ਉੱਚੀ ਜਾਤੀ ਵਾਲਿਆਂ ਦੇ ਇਨ੍ਹਾਂ ਨੀਚਾਂ ਨੂੰ ਪਿੰਡ ਤੋਂ ਬਾਹਰ ਰੱਖਣ ਪਿੱਛੇ ਵੀ ਦੋ ਮਕਸਦ ਸਨ। ਇੱਕ ਇਹ ਕਿ ਸਾਡੀ ਬਾਹਰਲੇ ਹਮਲਾਵਰਾਂ ਤੋਂ ਰਾਖੀ ਕਰਨ ਤੇ ਦੂਜਾ ਸਾਡਾ ਮਲਮੂਤਰ ਸੁੱਟਣ। ਇਸੇ ਤਰ੍ਹਾਂ ਹੀ ਈਸਾਈ ਬਰਾਦਰੀ ਨੇ ਯਹੂਦੀਆਂ ਨਾਲ ਕੀਤਾ ਸੀ। ਯਹੂਦੀ ਯੂਰਪ ਦੀ ਵਸੋਂ ਸੀ ਤੇ ਇਨ੍ਹਾਂ ਨੂੰ ਯੂਰਪ ਵਿੱਚੋਂ ਕੱਢ ਦਿੱਤਾ ਗਿਆ। ਯਹੂਦੀ ਥਾਂ-ਥਾਂ ਭਟਕਦੇ ਫਿਰ ਰਹੇ ਸਨ। ਅੰਗਰੇਜ਼ਾਂ ਨੇ ਬੜੀ ਯੋਜਨਾ ਨਾਲ ਇਨ੍ਹਾਂ ਨੂੰ ਫਲਸਤੀਨ ਵਿੱਚ ਵਸਾ ਕੇ ਇਜ਼ਰਾਈਲ ਦੇਸ਼ ਬਣਾ ਦਿੱਤਾ। ਉਸ ਵਕਤ ਫਲਸਤੀਨੀਆਂ ਦੀ ਵਸੋਂ 80 ਫੀਸਦੀ ਸੀ ਤੇ ਯਹੂਦੀਆਂ ਦੀ ਸਿਰਫ 20 ਫੀਸਦੀ। ਬਰਤਾਨੀਆ ਦੀ ਇਜ਼ਰਾਈਲ ਦੇਸ਼ ਬਣਾਉਣ ਪਿੱਛੇ ਨੀਤੀ ਇਹ ਸੀ ਕਿ ਯਹੂਦੀਆਂ ਰਾਹੀਂ ਅਰਬ ਤੇ ਏਸ਼ੀਆਈ ਦੇਸ਼ਾਂ ਵਿੱਚ ਦਖਲ ਦਿੱਤਾ ਜਾਵੇ। ਹੁਣ ਅਮਰੀਕਾ ਬਰਤਾਨੀਆਂ ਵਾਲੀ ਨੀਤੀ 'ਤੇ ਚੱਲ ਰਿਹਾ ਹੈ, ਜੋ ਸੰਸਾਰ ਲਈ ਬੜੀ ਘਾਤਕ ਹੈ। ਚਾਹੀਦਾ ਇਹ ਹੈ ਕਿ ਫਲਸਤੀਨ ਤੇ ਇਜ਼ਰਾਈਲ ਵਿੱਚ ਸ਼ਾਂਤੀ ਕਾਇਮ ਹੋਵੇ ਤੇ ਇਹ ਦੋਵੇਂ ਦੇਸ਼ ਤਰੱਕੀ ਕਰਨ ਤੇ ਖੁਸ਼ਹਾਲ ਹੋਣ। ਬੱਚਿਆਂ ਨੂੰ ਵਿਦਿਆ, ਜਵਾਨੀ ਨੂੰ ਰੁਜ਼ਗਾਰ, ਸਾਰਿਆਂ ਨੂੰ ਸਿਹਤ ਸਹੂਲਤ ਤੇ ਰਹਿਣ ਲਈ ਘਰ ਮਿਲਣ। ਮੀਟਿੰਗ ਵਿੱਚ ਸੀ ਪੀ ਆਈ ਪੰਜਾਬ ਦੇ ਸਕੱਤਰ ਬੰਤ ਸਿੰਘ ਬਰਾੜ, ਹਰਦੇਵ ਅਰਸ਼ੀ, ਨਿਰਮਲ ਸਿੰਘ ਧਾਲੀਵਾਲ ਤੇ ਪ੍ਰਿਥੀਪਾਲ ਸਿੰਘ ਮਾੜੀਮੇਘਾ ਵੀ ਹਾਜ਼ਰ ਸਨ।

ਚੰਡੀਗੜ੍ਹ ਬਾਰੇ ਸੁਣਵਾਈ ਅੱਜ

ਨਵੀਂ ਦਿੱਲੀ : ਚੰਡੀਗੜ੍ਹ ਦੀਆਂ ਮੇਅਰ ਚੋਣਾਂ ਦੇ ਨਤੀਜਿਆਂ 'ਤੇ ਰੋਕ ਲਾਉਣ ਤੋਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਫੈਸਲੇ ਖਿਲਾਫ ਆਪ ਤੇ ਕਾਂਗਰਸ ਦੇ ਮੇਅਰ ਦੇ ਅਹੁਦੇ ਲਈ ਸਾਂਝੇ ਉਮੀਦਵਾਰ ਦੀ ਪਟੀਸ਼ਨ 'ਤੇ ਸੁਪਰੀਮ ਕੋਰਟ ਪੰਜ ਫਰਵਰੀ ਨੂੰ ਸੁਣਵਾਈ ਕਰੇਗੀ।

ਕੁਰੈਸ਼ੀ ਚੋਣ ਲੜਨ ਦੇ ਅਯੋਗ

ਇਸਲਾਮਾਬਾਦ : ਪਾਕਿਸਤਾਨ ਦੇ ਚੋਣ ਕਮਿਸ਼ਨ ਨੇ ਸਾਬਕਾ ਵਿਦੇਸ਼ ਮੰਤਰੀ ਤੇ ਪਾਕਿਸਤਾਨ ਤਹਿਰੀਕ-ਏ-ਇਨਸਾਫ ਦੇ ਆਗੂ ਸ਼ਾਹ ਮਹਿਮੂਦ ਕੁਰੈਸ਼ੀ ਨੂੰ ਪੰਜ ਸਾਲ ਲਈ ਚੋਣ ਲੜਨ ਤੋਂ ਅਯੋਗ ਠਹਿਰਾ ਦਿੱਤਾ ਹੈ। ਕੁਰੈਸ਼ੀ ਨੂੰ ਸਰਕਾਰੀ ਭੇਤ ਲੀਕ ਕਰਨ ਨਾਲ ਜੁੜੇ ਸਾਈਫਰ ਕੇਸ 'ਚ ਪਿਛਲੇ ਦਿਨੀਂ ਦਸ ਸਾਲ ਦੀ ਸਜ਼ਾ ਸੁਣਾਈ ਗਈ ਸੀ। ਕੁਰੈਸ਼ੀ ਨੂੰ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦਾ ਕਰੀਬੀ ਮੰਨਿਆ ਜਾਂਦਾ ਹੈ।

ਨਾਮੀਬੀਆ ਦੇ ਰਾਸ਼ਟਰਪਤੀ ਦੀ ਕੈਂਸਰ ਕਾਰਨ ਮੌਤ

ਕਾਹਿਰਾ : ਨਾਮੀਬੀਆ ਦੇ ਰਾਸ਼ਟਰਪਤੀ ਹੇਜ ਗੇਨਗਾਬ (82) ਦਾ ਐਤਵਾਰ ਦੇਹਾਂਤ ਹੋ ਗਿਆ। ਗੇਨਗਾਬ ਪਿਛਲੇ ਕੁਝ ਦਿਨਾਂ ਤੋਂ ਕੈਂਸਰ ਦੇ ਇਲਾਜ ਲਈ ਹਸਪਤਾਲ ਵਿਚ ਸਨ। ਹਸਪਤਾਲ ਦੇ ਡਾਕਟਰਾਂ ਨੇ ਉਨ੍ਹਾ ਨੂੰ ਬਚਾਉਣ ਦੀ ਪੂਰੀ ਕੋਸ਼ਿਸ਼ ਕੀਤੀ, ਪਰ ਬਚਾਅ ਨਹੀਂ ਸਕੇ।

ਮੋਦੀ ਦੀ ਮਨੀਪੁਰ ਬਾਰੇ ਚੁੱਪੀ ਭਿਆਨਕ ਬੇਇਨਸਾਫੀ : ਕਾਂਗਰਸ

ਨਵੀਂ ਦਿੱਲੀ : ਕਾਂਗਰਸ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮਨੀਪੁਰ ਦੇ ਹਾਲਾਤ ਬਾਰੇ ਪੂਰੀ ਤਰ੍ਹਾਂ ਚੁੱਪ ਧਾਰ ਕੇ ਉੱਥੋਂ ਦੇ ਲੋਕਾਂ ਨਾਲ ਭਿਆਨਕ ਬੇਇਨਸਾਫੀ ਕੀਤੀ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਮਨੀਪੁਰ ਦੇ ਮੁੱਖ ਮੰਤਰੀ ਐੱਨ ਬੀਰੇਨ ਸਿੰਘ ਦੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਤੋਂ ਬਾਅਦ ਕਿਹਾ—ਅੱਜ ਨੌਂ ਮਹੀਨੇ ਹੋ ਗਏ ਹਨ, ਪਰ ਪ੍ਰਧਾਨ ਮੰਤਰੀ ਨਾਲ ਕੋਈ ਮੀਟਿੰਗ ਨਹੀਂ, ਜਿਨ੍ਹਾ ਮਨੀਪੁਰ ਨੂੰ ਲੈ ਕੇ ਚੁੱਪੀ ਧਾਰੀ ਹੋਈ ਹੈ। ਪ੍ਰਧਾਨ ਮੰਤਰੀ ਰੋਡ ਸ਼ੋਅ ਲਈ ਗੁਹਾਟੀ ਜਾ ਸਕਦੇ ਹਨ, ਪਰ ਇੰਫਾਲ ਨਹੀਂ।

ਪਿਛਲੇ ਸੱਤਾਧਾਰੀ ਧਰਮ ਸਥਾਨਾਂ ਦੀ ਮਹੱਤਤਾ ਨਹੀਂ ਸਮਝ ਸਕੇ : ਮੋਦੀ

ਗੁਹਾਟੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਦਾਅਵਾ ਕੀਤਾ ਕਿ ਆਜ਼ਾਦੀ ਤੋਂ ਬਾਅਦ ਸੱਤਾ 'ਚ ਆਉਣ ਵਾਲੇ ਲੋਕ ਧਾਰਮਕ ਅਸਥਾਨਾਂ ਦੀ ਮਹੱਤਤਾ ਨੂੰ ਨਹੀਂ ਸਮਝ ਸਕੇ ਅਤੇ ਸਿਆਸੀ ਕਾਰਨਾਂ ਕਰਕੇ ਆਪਣੇ ਹੀ ਸੱਭਿਆਚਾਰ ਪ੍ਰਤੀ ਸ਼ਰਮਿੰਦਾ ਹੋਣ ਦਾ ਰੁਝਾਨ ਕਾਇਮ ਕਰ ਰਹੇ ਹਨ। ਗੁਹਾਟੀ 'ਚ 11,600 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਮਗਰੋਂ ਰੈਲੀ ਨੂੰ ਸੰਬੋਧਨ ਕਰਦਿਆਂ ਮੋਦੀ ਨੇ ਕਿਹਾ ਕਿ ਕੋਈ ਵੀ ਦੇਸ਼ ਆਪਣੇ ਅਤੀਤ ਨੂੰ ਮਿਟਾ ਕੇ ਤਰੱਕੀ ਨਹੀਂ ਕਰ ਸਕਦਾ। ਉਨ੍ਹਾ ਕਿਹਾ ਕਿ ਹਾਲਾਂਕਿ ਪਿਛਲੇ ਦਸ ਸਾਲਾਂ ਵਿਚ ਹਾਲਾਤ ਬਦਲ ਗਏ ਹਨ।

ਅੰਬੈਸੀ 'ਚ ਕੰਮ ਕਰਨ ਵਾਲਾ ਪਾਕੀ ਜਾਸੂਸ ਨਿਕਲਿਆ

ਮੇਰਠ : ਯੂ ਪੀ ਦੇ ਦਹਿਸ਼ਤਗਰਦੀ ਵਿਰੋਧੀ ਸਕੁਐਡ (ਏ ਟੀ ਐੱਸ) ਨੇ ਮਾਸਕੋ ਸਥਿਤ ਭਾਰਤੀ ਅੰਬੈਸੀ 'ਚ ਕੰਮ ਕਰ ਰਹੇ ਇਕ ਸ਼ਖਸ ਨੂੰ ਪਾਕਿਸਤਾਨ ਦੀ ਖੁਫੀਆ ਏਜੰਸੀ ਆਈ ਐੱਸ ਆਈ ਦੇ ਏਜੰਟ ਵਜੋਂ ਕੰਮ ਕਰਨ ਦੇ ਦੋਸ਼ 'ਚ ਗ੍ਰਿਫਤਾਰ ਕੀਤਾ ਹੈ। ਏ ਟੀ ਐੱਸ ਨੇ ਕਿਹਾ ਕਿ ਕਾਬੂ ਕੀਤਾ ਵਿਅਕਤੀ ਪਾਕਿਸਤਾਨ ਦੀ ਸੂਹੀਆ ਏਜੰਸੀ ਨਾਲ ਦੇਸ਼ ਵਿਰੋਧੀ ਸਰਗਰਮੀਆਂ 'ਚ ਸ਼ਾਮਲ ਸੀ ਤੇ ਉਸ ਨੂੰ ਰੱਖਿਆ ਮੰਤਰਾਲੇ, ਵਿਦੇਸ਼ ਮੰਤਰਾਲੇ ਤੇ ਭਾਰਤੀ ਫੌਜੀ ਟਿਕਾਣਿਆਂ ਦੀਆਂ ਰਣਨੀਤਕ ਸਰਗਰਮੀਆਂ ਬਾਰੇ ਖੁਫੀਆ ਜਾਣਕਾਰੀ ਮੁਹੱਈਆ ਕਰਵਾ ਰਿਹਾ ਸੀ। ਗ੍ਰਿਫਤਾਰ ਕੀਤੇ ਵਿਅਕਤੀ ਦੀ ਪਛਾਣ ਸਤੇਂਦਰ ਸਿਵਾਲ ਪੁੱਤਰ ਜੈਵੀਰ ਸਿੰਘ ਵਾਸੀ ਪਿੰਡ ਸ਼ਾਹਮਹੀਉਦਦੀਨਪੁਰ, ਜ਼ਿਲ੍ਹਾ ਹਾਪੁੜ ਵਜੋਂ ਦੱਸੀ ਗਈ ਹੈ। ਸਿਵਾਲ ਵਿਦੇਸ਼ ਮੰਤਰਾਲੇ ਲਈ ਕੰਮ ਕਰਦਾ ਸੀ ਤੇ ਮੌਜੂਦਾ ਸਮੇਂ ਮਾਸਕੋ ਸਥਿਤ ਭਾਰਤੀ ਅੰਬੈਸੀ 'ਚ ਤਾਇਨਾਤ ਸੀ। ਸਿਵਾਲ ਨੂੰ ਏ ਟੀ ਐੱਸ ਦੀ ਮੇਰਠ ਸਥਿਤ ਫੀਲਡ ਯੂਨਿਟ 'ਚ ਸੱਦ ਕੇ ਪੁੱਛ-ਪੜਤਾਲ ਕੀਤੀ ਗਈ। ਇਸ ਦੌਰਾਨ ਜਦੋਂ ਉਹ ਤਸੱਲੀਬਖਸ਼ ਜਵਾਬ ਨਹੀਂ ਦੇ ਸਕਿਆ ਤਾਂ ਉਸ ਨੇ ਆਪਣਾ ਜੁਰਮ ਕਬੂਲ ਕਰ ਲਿਆ। ਸਿਵਾਲ ਖਿਲਾਫ ਲਖਨਊ ਸਥਿਤ ਏ ਟੀ ਐੱਸ ਪੁਲਸ ਥਾਣੇ ਵਿਚ ਆਈ ਪੀ ਸੀ ਦੀ ਧਾਰਾ 121-ਏ ਤੇ ਸਰਕਾਰੀ ਭੇਤ ਐਕਟ 1923 ਤਹਿਤ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮ ਮਾਸਕੋ ਵਿਚ ਭਾਰਤੀ ਅੰਬੈਸੀ 'ਚ ਆਈ ਬੀ ਐੱਸ ਏ (ਭਾਰਤ ਅਧਾਰਤ ਸੁਰੱਖਿਆ ਸਹਾਇਕ) ਵਜੋਂ ਕੰਮ ਕਰ ਰਿਹਾ ਸੀ।

ਰਿਤੂ ਬਾਹਰੀ ਨੇ ਉੱਤਰਾਖੰਡ ਦੀ ਚੀਫ ਜਸਟਿਸ ਵਜੋਂ ਹਲਫ ਲਿਆ

ਦੇਹਰਾਦੂਨ : ਜਸਟਿਸ ਰਿਤੂ ਬਾਹਰੀ ਨੇ ਐਤਵਾਰ ਉੱਤਰਾਖੰਡ ਹਾਈ ਕੋਰਟ ਦੇ ਪਹਿਲੇ ਮਹਿਲਾ ਚੀਫ ਜਸਟਿਸ ਵਜੋਂ ਹਲਫ ਲਿਆ। ਰਾਜਪਾਲ ਗੁਰਮੀਤ ਸਿੰਘ ਨੇ ਇਥੇ ਰਾਜ ਭਵਨ ਵਿਚ ਬਾਹਰੀ ਨੂੰ ਅਹੁਦੇ ਦਾ ਹਲਫ ਦਿਵਾਇਆ। ਜਸਟਿਸ ਬਾਹਰੀ ਇਸ ਤੋਂ ਪਹਿਲਾਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਐਕਟਿੰਗ ਚੀਫ ਜਸਟਿਸ ਸਨ। ਉੱਤਰਾਖੰਡ ਹਾਈ ਕੋਰਟ ਦੇ ਚੀਫ ਜਸਟ

5-FEB-PAGE-1.qxd 2/4/2024 9:47 PM Page 2

ਗੁਰੂ ਗੋਬਿੰਦ ਸਿੰਘ ਸਟੇਡੀਅਮ ਦਾ ਹੋਵੇਗਾ ਵਿਕਾਸ : ਦਿਆਲਪੁਰਾ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਕੁਹਾੜਾ ਰੋਡ 'ਤੇ ਸਥਿਤ ਗੁਰੂ ਗੋਬਿੰਦ ਸਿੰਘ ਸਟੇਡੀਅਮ ਦੇ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ 3 ਕਰੋੜ ਰੁਪਏ ਦੀ ਰਾਸ਼ੀ ਖਰਚੀ ਜਾਵੇਗੀ ਤਾਂ ਕਿ ਇਸ ਦੀ ਨੁਹਾਰ ਬਦਲੀ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਤੋਂ ਦੂਰ ਰੱਖਣ ਲਈ ਖੇਡਾਂ ਵੱਲ ਪ੍ਰੇਰਿਆ ਜਾ ਰਿਹਾ ਹੈ, ਇਸ ਕਰਕੇ ਜਿੱਥੇ ਉਹ ਸੂਬੇ ਵਿੱਚ ਹੀ ਖੇਡਾਂ ਨਾਲ ਸਬੰਧਤ ਥਾਵਾਂ ਦਾ ਵਿਕਾਸ ਕਰਨ ਨੂੰ ਪਹਿਲ ਦੇ ਰਹੇ ਹਨ, ਉੱਥੇ ਇਤਿਹਾਸਕ ਸ਼ਹਿਰ ਮਾਛੀਵਾੜਾ ਦੇ ਸਟੇਡੀਅਮ ਲਈ 3 ਕਰੋੜ ਰੁਪਏ ਦੀ ਗ੍ਰਾਂਟ ਮਨਜ਼ੂਰ ਕੀਤੀ ਗਈ ਹੈ। ਵਿਧਾਇਕ ਨੇ ਦੱਸਿਆ ਕਿ ਹਾਕੀ ਦੇ ਮੈਦਾਨ ਲਈ ਗ੍ਰੀਨ ਮੈਟ ਵਰਤੇ ਜਾਣਗੇ ਤਾਂ ਕਿ ਖਿਡਾਰੀਆਂ ਨੂੰ ਕੋਈ ਸਮੱਸਿਆ ਨਾ ਆਵੇ। ਉਨ੍ਹਾ ਦੱਸਿਆ ਕਿ ਮਾਛੀਵਾੜਾ ਇਲਾਕੇ ਵਿੱਚ ਹਾਕੀ ਖੇਡਣ ਵਾਲੇ ਨੌਜਵਾਨ ਤੇ ਬੱਚੇ ਵੱਡੀ ਗਿਣਤੀ ਵਿੱਚ ਹਨ ਅਤੇ ਉਨ੍ਹਾਂ ਨੂੰ ਹੋਰ ਉਤਸ਼ਾਹਤ ਕਰਨ ਲਈ ਸਰਕਾਰ ਨੇ ਇਹ ਉਪਰਾਲਾ ਕੀਤਾ ਹੈ। ਇਸ ਤੋਂ ਇਲਾਵਾ ਸਟੇਡੀਅਮ ਵਿੱਚ ਫੁੱਟਬਾਲ ਦਾ ਵੀ ਇੱਕ ਨਵਾਂ ਮੈਦਾਨ ਤਿਆਰ ਕੀਤਾ ਜਾਵੇਗਾ। ਵਿਧਾਇਕ ਦਿਆਲਪੁਰਾ ਨੇ ਦੱਸਿਆ ਕਿ ਸਟੇਡੀਅਮ ਵਿੱਚ ਅਧੁਨਿਕ ਵੱਡੀਆਂ ਲਾਈਟਾਂ ਵੀ ਲਗਾਈਆਂ ਜਾਣਗੀਆਂ ਤਾਂ ਜੋ ਖਿਡਾਰੀ ਦੇਰ ਸ਼ਾਮ ਤੱਕ ਇੱਥੇ ਖੇਡ ਸਕਣ। ਉਨ੍ਹਾਂ ਕਿਹਾ ਕਿ ਸਟੇਡੀਅਮ ਵਿੱਚ ਜੋ ਸਟੇਜ ਹੈ, ਉਸ ਦੀ ਦਿੱਖ ਨੂੰ ਵੀ ਸੁੰਦਰ ਬਣਾਇਆ ਜਾਵੇਗਾ ਅਤੇ ਹੋਰ ਵੀ ਜੋ ਕੰਮ ਹੋਣ ਵਾਲੇ ਹੋਣਗੇ, ਉਹ ਕਰਵਾਏ ਜਾਣਗੇ। ਵਿਧਾਇਕ ਦਿਆਲਪੁਰਾ ਨੇ ਕਿਹਾ ਕਿ ਇਸ ਸਬੰਧੀ 3 ਕਰੋੜ ਰੁਪਏ ਦੇ ਤਜਵੀਜ਼ ਤਿਆਰ ਕੀਤੀ ਜਾ ਰਹੀ ਹੈ, ਜਿਸ ਦਾ ਟੈਂਡਰ ਜਲਦ ਲਗਾ ਕੇ ਕੰਮ ਸ਼ੁਰੂ ਕਰਵਾ ਦਿੱਤਾ ਜਾਵੇਗਾ।

ਗੜੇਮਾਰੀ ਨਾਲ ਨੁਕਸਾਨੀਆਂ ਫਸਲਾਂ ਦੀ ਜਲਦ ਹੋਵੇਗੀ ਗਿਰਦਾਵਰੀ : ਰਾਏ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਬੀਤੀ ਦਿਨ ਹੋਈ ਬੇ-ਮੌਸਮੀ ਬਾਰਸ਼ ਦੇ ਨਾਲ ਬਹੁਤ ਜ਼ਿਆਦਾ ਗੜੇਮਾਰੀ ਹੋਈ ਹੈ, ਜਿਸ ਦਾ ਜ਼ਿਆਦਾ ਨੁਕਸਾਨ ਖੇੜਾ ਬਲਾਕ ਵਿੱਚ ਦੇਖਣ ਨੂੰ ਮਿਲਿਆ ਹੈ।ਇਸ ਨਾਲ ਕਿਸਾਨਾਂ ਦੀਆਂ ਬਹੁਤ ਸਾਰੀਆਂ ਫਸਲਾਂ ਨੁਕਸਾਨੀਆਂ ਗਈਆਂ ਹਨ।ਜ਼ਿਲ੍ਹਾ ਪ੍ਰਸ਼ਾਸਨ ਨੂੰ ਇਸ ਸਬੰਧੀ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਜਲਦ ਹੀ ਮੌਕਾ ਦੇਖ ਕੇ ਫਸਲ ਦੇ ਨੁਕਸਾਨ ਦੀ ਗਰਦਾਵਰੀ ਕਰਵਾਈ ਜਾਵੇ।ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾ ਕਿਹਾ ਕਿ ਬੀਤੇ ਕੱਲ੍ਹ ਜੋ ਗੜੇਮਾਰੀ ਹੋਈ ਹੈ, ਇਸ ਦਾ ਅਸਰ ਮਾਝਾ, ਮਾਲਵਾ ਤੇ ਦੁਆਬਾ ਵਿੱਚ ਦੇਖਣ ਨੂੰ ਮਿਲਿਆ ਹੈ, ਉਨ੍ਹਾਂ ਦੇ ਹਲਕੇ ਵਿੱਚ ਬਲਾਕ ਖੇੜਾ ਵੀ ਇਸ ਨੁਕਸਾਨ ਦੇ ਨਾਲ ਪ੍ਰਭਾਵਿਤ ਹੋਇਆ ਹੈ, ਜਿੱਥੇ ਕਣਕਾਂ ਨੁਕਸਾਨੀਆਂ ਗਈਆਂ ਹਨ, ਉਥੇ ਹੀ ਸਬਜ਼ੀਆਂ ਦੇ ਕਾਸ਼ਤਕਾਰ ਵੀ ਪ੍ਰਭਾਵਿਤ ਹੋਏ ਹਨ।ਕੁਦਰਤ ਦੇ ਅੱਗੇ ਕਿਸੇ ਦਾ ਜ਼ੋਰ ਨਹੀਂ ਚੱਲਦਾ, ਅਜਿਹੇ ਵਿੱਚ ਅਸੀਂ ਪੰਜਾਬ ਸਰਕਾਰ ਤੋਂ ਮੰਗ ਕਰਾਂਗੇ ਕਿ ਜੋ ਕਿਸਾਨ ਪ੍ਰਭਾਵਿਤ ਹੋਏ ਹਨ, ਉਨ੍ਹਾਂ ਦੇ ਨੁਕਸਾਨ ਨੂੰ ਦੇਖਦਿਆਂ ਉਨ੍ਹਾਂ ਦੀ ਜਾਇਜ਼ ਮੱਦਦ ਜ਼ਰੂਰ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਵਿੱਚ ਐੱਸ ਡੀ ਐੱਮ ਤੇ ਤਹਿਸੀਲਦਾਰ ਦੀ ਡਿਊਟੀ ਲਗਾ ਦਿੱਤੀ ਗਈ ਹੈ, ਉਹ ਉਕਤ ਮੌਕਾ ਦੇਖਣਗੇ।ਇਸ ਸਬੰਧੀ ਸਰਕਾਰ ਨੂੰ ਰਿਪੋਰਟ ਭੇਜੀ ਜਾਵੇਗੀ। ਇਸ ਮੌਕੇ ਮੋਹਿਤ ਸੂਦ, ਸਰਪੰਚ ਰੋਹੀ ਰਾਮ, ਪ੍ਰਿਤਪਾਲ ਜੱਸੀ, ਅਮਰਿੰਦਰ ਸਿੰਘ ਮੰਡੋਫਲ, ਪਵੇਲ ਕੁਮਾਰ ਹਾਂਡਾ, ਅਸੀਸ ਕੁਮਾਰ ਅਤਰੀ, ਰਜਸ਼ ਉੱਪਲ, ਬਲਜਿੰਦਰ ਸਿੰਘ ਕਾਕਾ, ਰਮੇਸ਼ ਕੁਮਾਰ ਸੋਨੂੰ, ਐਡਵੋਕੇਟ ਰਾਹੁਲ ਆਦਿ ਹਾਜ਼ਰ ਸਨ।

ਵਿਧਾਇਕ ਨੇ ਸੜਕ ਦੇ ਨਾਲ ਕਰੈਸ਼ਰ ਪਾਉਣ ਦਾ ਕੰਮ ਸ਼ੁਰੂ ਕਰਾਇਆ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਕੋਟ ਈਸੇ ਖਾਂ ਮੇਨ ਰੋਡ ਤੋਂ ਢੋਲੇ ਵਾਲਾ ਰੋਡ 'ਤੇ ਸੇਮ ਤੱਕ ਪਹਿਲਾਂ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਹੁਣ ਸੜਕ ਦੇ ਨਾਲ ਦੂਸਰੇ ਪਾਸੇ ਵੀ ਕਰੈਸਰ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਕਿਹਾ ਕਿ ਕਰੈਸਰ ਪਾਉਣ ਲਈ ਇਕ ਕਰੋੜ 30 ਲੱਖ ਰੁਪਏ ਦੀ ਲਾਗਤ ਆਵੇਗੀ ਤੇ ਜਲਦ ਹੀ ਇਸ ਕੰਮ ਨੂੰ ਸ਼ੁਰੂ ਕਰਵਾਇਆ ਜਾਵੇਗਾ। ਉਨ੍ਹਾ ਕਿਹਾ ਕਿ ਸੜਕ ਦੇ ਦੋਨੇ ਪਾਸੇ ਮਾਡਰਨ ਲਾਈਟਾਂ ਲਗਾਈਆਂ ਜਾਣਗੀਆਂ, ਜਿਸ ਦੀ ਕੀਮਤ 48 ਲੱਖ ਰੁਪਿਆ ਆਵੇਗੀ। ਇਸ ਮੌਕੇ ਐੱਸ ਡੀ ਐੱਮ ਮੈਡਮ ਚਾਰੂਮਿਤਾ, ਗੁਰਮੀਤ ਮਖੀਜਾ, ਅਮਨ ਪੰਡੋਰੀ ਚੇਅਰਮੈਨ ਮਾਰਕੀਟ ਕਮੇਟੀ ਕੋਟ ਈਸੇ ਖਾਂ, ਗੁਰਤਾਰ ਸਿੰਘ ਕਮਾਲ ਕੇ ਸੀਨੀਅਰ ਆਗੂ ਆਮ ਆਦਮੀ ਪਾਰਟੀ ਧਰਮਕੋਟ, ਹਰਪ੍ਰੀਤ ਸਿੰਘ ਰਿੱਕੀ, ਸਤਬੀਰ ਸਿੰਘ ਸੱਤੀ, ਪ੍ਰਧਾਨ ਟਰੱਕ ਯੂਨੀਅਨ ਕਿੱਕਰ ਸਿੰਘ ਢੋਸ, ਰਾਜਾ ਬੱਤਰਾ, ਆੜ੍ਹਤੀਆ ਬਲਰਾਜ ਸਿੰਘ ਕਲਸੀ, ਸਾਜਨ ਛਾਬੜਾ, ਰਾਜਪਾਲ ਮਖੀਜਾ, ਡਾਕਟਰ ਗੁਰਮੀਤ ਸਿੰਘ ਗਿੱਲ, ਡਾਕਟਰ ਹਰਮੀਤ ਸਿੰਘ ਲਾਡੀ, ਜਗਤਾਰ ਸਿੰਘ ਮੰਜਰ, ਸਾਬਕਾ ਪ੍ਰਧਾਨ ਨਗਰ ਕੌਂਸਲ ਮੰਗਾ ਮੰਤਰੀ ਧਰਮਕੋਟ ਬਲਵਿੰਦਰ ਸਿੰਘ ਗੱਗੂ ਮੁਖੀਜਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

ਮਸਤੂਆਣਾ ਸਾਹਿਬ ਵਿਖੇ ਲਗਾਏ ਕੈਂਪ 'ਚ 350 ਯੂਨਿਟ ਖੂਨ ਇਕੱਤਰ

ਧੂਰੀ (ਸੁਖਦੇਵ ਧੂਰੀ)-ਸੰਸਥਾ ਪਰਿਵਰਤਨ ਵੱਲੋਂ ਮਸਤੂਆਣਾ ਸਾਹਿਬ ਵਿਖੇ ਅਕਾਲ ਕਾਲਜ ਆਫ ਫਾਰਮੇਸੀ ਐਂਡ ਟੈਕਨੀਕਲ ਐਜੂਕੇਸ਼ਨ ਕਾਲਜ ਦੇ ਸਹਿਯੋਗ ਨਾਲ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਸਾਹਿਬ ਜੀ ਦੀ 97 ਵੀਂ ਬਰਸੀ ਮੌਕੇ ਲੱਗੇ ਖੂਨਦਾਨ ਕੈਂਪ 'ਚ ਸੰਸਥਾ ਦੇ ਮੈਂਬਰਾ ਵੱਲੋਂ ਅਣਥੱਕ ਮਿਹਨਤ ਦੇ ਸਦਕਾ ਸਫਲਤਾ ਪੂਰਵਕ ਸਮਾਪਤ ਹੋਇਆ। ਅਕਾਲ ਕਾਲਜ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਤੇ ਅਮਨਦੀਪ ਕੌਰ ਬਾਠ ਨੇ ਇਸ ਸਾਲ ਵੀ ਖੂਨਦਾਨ ਕੈਂਪ ਲਈ ਭਰਪੂਰ ਸਹਿਯੋਗ ਕੀਤਾ। ਤਿੰਨੋ ਦਿਨ ਕੈਂਪ ਦੇ ਇੰਚਾਰਜ ਧੂਰੀ ਪਿੰਡ ਦੇ ਡੀਪੀਈ ਸੁਖਵੀਰ ਸਿੰਘ ਸੁੱਖੀ ਤੇ ਉਨ੍ਹਾਂ ਦੇ ਸਕੂਲ ਦੇ ਐੱਨ ਐੱਨ ਐੱਸ ਵਲੰਟੀਅਰਾਂ ਦੀ ਪੂਰੀ ਟੀਮ ਵੱਲੋਂ ਅਮਨਪ੍ਰੀਤ ਦੀ ਅਗਵਾਈ ਹੇਠ ਵਿਸ਼ੇਸ਼ ਉਪਰਾਲੇ ਕੀਤੇ ਗਏ। ਕੈਂਪ ਦੌਰਾਨ ਸਰਕਾਰੀ ਬਲੱਡ ਬੈਂਕ ਸੰਗਰੂਰ, ਰਾਜਿੰਦਰਾ ਬਲੱਡ ਬੈਂਕ (ਪਟਿਆਲਾ) ਤੇ ਮਿੱਤਲ ਬਲੱਡ ਬੈਂਕ ਸੰਗਰੂਰ ਦੁਆਰਾ ਖੂਨ ਇਕੱਤਰ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਸੇਵਾਦਾਰ ਕਮਲ ਸ਼ਰਮਾ, ਕਿਰਨ ਬਾਲਾ, ਜੋਗਿੰਦਰ ਸਿੰਘ ਜੇ ਈ, ਜਤਿੰਦਰ ਸਿੰਘ ਵਿੱਕੀ, ਸੁਖਪਾਲ ਸਿੰਘ ਸੁਲਤਾਨਪੁਰ, ਕਰਮਜੀਤ ਸਿੰਘ, ਗੁਰਤੇਜ ਸਿੰਘ ਘਨੌਰ, ਸੁਰੇਸ਼ ਸ਼ਰਮਾ ਰੰਗੀਆਂ, ਰੂਬਲ ਸੰਗਰੂਰ, ਗੁਰਤੇਜ ਸਿੰਘ ਤੇਜੀ, ਮਾਸਟਰ ਜਸਵਿੰਦਰ ਕੁਮਾਰ, ਜਸਵਿੰਦਰ ਸਿੰਘ, ਜਗਰੂਪ ਸਿੰਘ ਬੱਬੂ, ਕਮਲਜੀਤ ਸਿੰਘ, ਮਾਸਟਰ ਰੁਪਿੰਦਰ, ਮੈਡਮ ਸੁਖਜੀਤ ਕੌਰ ਤੇ ਅਕਾਲ ਕਾਲਜ ਆਫ ਫਾਰਮੇਸੀ ਦੇ ਵਲੰਟੀਅਰਾਂ ਵੱਲੋਂ ਤਨ-ਮਨ ਨਾਲ ਸੇਵਾ ਕੀਤੀ ਗਈ।

ਟ੍ਰੈਫ਼ਿਕ ਨਿਯਮਾਂ ਬਾਰੇ ਜਾਗਰੂਕ ਕਰਨ ਲਈ ਸਾਈਕਲ ਰੈਲੀ

ਮਲੋਟ (ਗੁਰਮੀਤ ਸਿੰਘ ਮੱਕੜ)-ਰੋਜ਼ਾਨਾ ਵੱਧ ਰਹੇ ਸੜਕ ਹਾਦਸਿਆਂ ਨੂੰ ਰੋਕਣ ਲਈ ਟ੍ਰੈਫਿਕ ਨਿਯਮਾਂ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਮਲੋਟ ਦੀ ਟ੍ਰੈਫ਼ਿਕ ਪੁਲਸ ਵੱਲੋਂ ਸਕੂਲੀ ਬੱਚਿਆਂ ਨੂੰ ਨਾਲ ਲੈ ਕੇ ਇੱਕ ਸਾਈਕਲ ਰੈਲੀ ਕੱਢੀ ਗਈ, ਜਿਸ ਦੀ ਅਗਵਾਈ ਉੱਪ ਕਪਤਾਨ ਅਵਤਾਰ ਸਿੰਘ ਰਾਜਪਾਲ ਵੱਲੋਂ ਖੁਦ ਸਾਈਕਲ ਚਲਾ ਕੇ ਇਸ ਦੀ ਅਗਵਾਈ ਕੀਤੀ ਗਈ। ਇਹ ਸਾਈਕਲ ਰੈਲੀ ਡੀ.ਏ.ਵੀ. ਕਾਲਜ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੋ ਕੇ ਸ਼ਹਿਰ ਦੇ ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਬਾਰੇ ਜਾਗਰੂਕ ਕਰਦੇ ਹੋਏ ਗੁਜ਼ਰੀ। ਇਸ ਮੌਕੇ ਉੱਪ ਕਪਤਾਨ ਅਵਤਾਰ ਸਿੰਘ ਰਾਜਪਾਲ ਨੇ ਦੱਸਿਆ ਕਿ ਇਸ ਰੈਲੀ ਦਾ ਮਕਸਦ ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਬਾਰੇ ਜਾਗਰੂਕ ਕਰਨਾ ਹੈ ਤਾਂ ਕਿ ਸੜਕ ਹਾਦਸਿਆਂ ਨੂੰ ਰੋਕਿਆ ਜਾ ਸਕੇ।

ਪੰਜਾਬੀ ਵਿਕੀਪੀਡੀਆ ਦੀ ਪਲੇਠੀ ਦੋ-ਰੋਜ਼ਾ ਕਾਨਫਰੰਸ

ਲਹਿਰਾਗਾਗਾ (ਪਵਨ ਸ਼ਰਮਾ)-ਪੰਜਾਬੀ ਵਿਕੀਪੀਡੀਆ ਦੀ ਪਲੇਠੀ ਦੋ-ਰੋਜ਼ਾ ਕਾਨਫਰੰਸ ਸਥਾਨਕ ਸੀਬਾ ਸਕੂਲ ਲਹਿਰਾਗਾਗਾ ਵਿਖੇ ਕਰਵਾਈ ਗਈ। ਇਸ ਕਾਨਫਰੰਸ ਦੀ ਸ਼ੁਰੂਆਤ ਦੌਰਾਨ ਫ਼ਿਲਮੀ ਕਲਾਕਾਰ ਤੇ ਗਾਇਕ ਕਰਮਜੀਤ ਅਨਮੋਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਸੰਬੋਧਨ ਕਰਦਿਆਂ ਵਿਕੀਪੀਡੀਆ ਦੇ ਮੰਚ ਉੱਪਰ ਪੰਜਾਬੀ ਭਾਸ਼ਾ ਲਈ ਕੰਮ ਕਰਦੇ ਸਾਰੇ ਕਾਰਕੁਨਾਂ ਨੂੰ ਵਧਾਈ ਦਿੱਤੀ। ਉਨ੍ਹਾ ਕਿਹਾ ਕਿ ਅਸੀਂ ਆਪਣੇ ਮਨੋਭਾਵਾਂ-ਜਜ਼ਬਾਤਾਂ ਨੂੰ ਆਪਣੀ ਮਾਂ-ਬੋਲੀ 'ਚ ਹੀ ਪ੍ਰਗਟਾ ਸਕਦੇ ਹਾਂ। ਇਸ ਮੌਕੇ ਪੰਜਾਬੀ ਵਿਕੀਪੀਡੀਆ ਵਿੱਚ ਵੱਡਾ ਯੋਗਦਾਨ ਪਾਉਣ ਵਾਲੇ ਚਰਨ ਗਿੱਲ ਨੇ ਸੰਬੋਧਨ ਕਰਦਿਆਂ ਤਕਨੀਕੀ ਜਾਣਕਾਰੀਆਂ ਸਾਂਝੀਆਂ ਕੀਤੀਆਂ। ਮੰਚ ਸੰਚਾਲਨ ਕਰਦਿਆਂ ਸਤਦੀਪ ਗਿੱਲ ਨੇ ਵਿਕੀਪੀਡੀਆ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ ਅਤੇ ਆਪਣੇ ਨਿੱਜੀ ਤਜਰਬੇ ਵੀ ਸਾਂਝੇ ਕੀਤੇ। ਬਾਹਰੋਂ ਆਏ ਲੋਕਾਂ ਦੇ ਨਾਲ ਸਕੂਲ ਦੇ 18 ਵਿਦਿਆਰਥੀਆਂ ਨੇ ਕਾਨਫਰੰਸ ਵਿੱਚ ਸ਼ਮੂਲੀਅਤ ਕੀਤੀ। ਸੀਬਾ ਦੇ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਨੇ ਕਿਹਾ ਕਿ ਕਿਸੇ ਵੀ ਇਨਸਾਨ ਦੀ ਖੋਜੀ ਪ੍ਰਵਿਰਤੀ ਉਸ ਨੂੰ ਵਧੇਰੇ ਜਾਣਕਾਰੀ ਵਾਲ਼ੇ ਮਨੁੱਖ ਦੇ ਨਾਲ-ਨਾਲ ਜ਼ਿੰਦਗੀ ਦੇ ਕਈ ਰੰਗਾਂ ਨਾਲ ਜੋੜਦੀ ਹੈ। ਇਸ ਮੌਕੇ ਕੇਸ਼ਵ ਸ਼ਰਮਾ, ਜੱਸੂ ਗਿੱਲ, ਗੌਰਵ ਝੰਮਟ, ਡਾ. ਜਗਦੀਸ਼ ਕੌਰ, ਮੁਲਖ਼ ਸਿੰਘ, ਗੁਰਤੇਜ ਚੌਹਾਨ ਹਾਜ਼ਰ ਸਨ।

ਮੰਗਾਂ ਨਾ ਮੰਨੀਆਂ ਤਾਂ ਜਥੇਬੰਦੀ ਸੰਘਰਸ਼ ਦੇ ਰਾਹ ਤੁਰਨ ਲਈ ਮਜਬੂਰ ਹੋਵੇਗੀ : ਨਿਰਮਲ ਸਿੰਘ

ਮਲੋਟ (ਗੁਰਮੀਤ ਸਿੰਘ ਮੱਕੜ)

ਫਰੀਡਮ ਫਾਈਟਰ ਉੱਤਰਾਧਿਕਾਰੀ ਜਥੇਬੰਦੀ ਸ਼੍ਰੀ ਮੁਕਤਸਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਦੀ ਯੋਗ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਜ਼ਿਲ੍ਹੇ ਦੀਆਂ ਮੰਗਾਂ ਪ੍ਰਤੀ ਵਿਚਾਰ ਵਿਟਾਂਦਰਾ ਕੀਤਾ ਗਿਆ, ਜਿਸ ਵਿੱਚ ਕਾਫ਼ੀ ਸਮੇਂ ਤੋਂ ਡਿਪਟੀ ਕਮਿਸ਼ਨਰ ਨੂੰ ਜ਼ਿਲ੍ਹੇ ਦੇ ਫਰੀਡਮ ਫਾਈਟਰਾਂ ਦੇ ਸਨਮਾਨ ਚਿੰਨ੍ਹਾਂ ਨੂੰ ਸਰਕਾਰੀ ਸਕੂਲਾਂ ਵਿੱਚ ਲਗਵਾਉਣ ਸਬੰਧੀ ਬਿਨੈ-ਪੱਤਰ ਦਿੱਤੇ ਗਏ ਸਨ, ਪ੍ਰੰਤੂ ਦੇਸ਼ ਭਗਤਾਂ ਦੇ ਨਾਮ ਸਰਕਾਰੀ ਸਕੂਲਾਂ ਵਿੱਚ ਲਿਖਣ ਲਈ ਪ੍ਰਸ਼ਾਸਨ ਦਾ ਮੂੰਹ ਬੰਦ ਕਿਉਂ ਸਮਝ ਤੋਂ ਬਾਹਰ ਹੈ। ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਇਸ ਮਸਲੇ ਨੂੰ ਦੁਬਾਰਾ ਫ਼ਿਰ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ, ਜੇਕਰ ਫਿਰ ਵੀ ਇਸ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਜਥੇਬੰਦੀ ਸੰਘਰਸ਼ ਦੇ ਰਾਹ ਤੁਰਨ ਲਈ ਮਜਬੂਰ ਹੋਵੇਗੀ। ਇਸ ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਸੰਧੂ, ਮੀਤ ਪ੍ਰਧਾਨ ਜਗਪ੍ਰੀਤ ਸਿੰਘ ਛਾਬੜਾ, ਜਰਨਲ ਸਕੱਤਰ ਬਲਜਿੰਦਰ ਸਿੰਘ ਮਧੀਰ, ਜ਼ਿਲ੍ਹਾ ਖਜ਼ਾਨਚੀ ਕੁਲਵੰਤ ਸਿੰਘ ਭਲਾਈਆਣਾ, ਦਫਤਰ ਇੰਚਾਰਜ ਹਰਿੰਦਰ ਸਿੰਘ ਛਾਬੜਾ ਤੇ ਅਮਰਜੀਤ ਬਾਵਾ, ਜਸਕਰਨ ਸਿੰਘ ਬੁੱਟਰ, ਸੁਖਦੇਵ ਸਿੰਘ ਵੰਗਲ ਕਿਰਪਾਲ ਸਿੰਘ, ਜਿੰਮੀ ਕਨਵਰ ਮਲੋਟ, ਗੁਰਮੀਤ ਸਿੰਘ ਜੰਡਵਾਲਾ, ਨਰਿੰਦਰ ਸਿੰਘ ਝੋਰੜ, ਮਨਜੀਤ ਕੌਰ ਮੁਕਤਸਰ ਤੇ ਬਲਵਿੰਦਰ ਕੌਰ ਮਿੱਡਾ ਆਦਿ ਮੈਂਬਰ ਹਾਜ਼ਰ ਸਨ।

ਵਿਦਿਆਰਥੀਆਂ ਵੱਲੋਂ ਉਚੇਰੀ ਸਿੱਖਿਆ ਸੰਸਥਾਵਾਂ ਦਾ ਵਿੱਦਿਅਕ ਦੌਰਾ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)

ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਵਿਦਿਆਰਥੀਆਂ ਦੀ ਸ਼ਖ਼ਸੀਅਤ ਉਸਾਰੀ ਤੇ ਵਿਗਿਆਨਕ ਵਿਚਾਰਾਂ ਦੇ ਹਾਣੀ ਬਣਾਉਣ ਦੇ ਇਰਾਦੇ ਨਾਲ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪੰਜਾਬ ਰਾਜ ਅੰਦਰ ਵੱਖ ਵੱਖ ਉਚੇਰੀ ਸਿੱਖਿਆ ਪ੍ਰਦਾਨ ਕਰਨ ਵਾਲੀਆਂ ਸੰਸਥਾਵਾਂ ਦਾ ਦੌਰਾ ਕਰਵਾਇਆ ਜਾ ਰਿਹਾ ਹੈ।

ਇਸੇ ਕੜੀ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰ. ਮੇਵਾ ਸਿੰਘ ਸਿੱਧ

5-FEB-PAGE-3.qxd 2/4/2024 9:59 PM Page 1

ਆਮ ਆਦਮੀ ਪਾਰਟੀ ਨੇ ਨਵੇਂ ਥਾਪੇ ਅਹੁਦੇਦਾਰਾਂ ਨੂੰ ਸਨਮਾਨਤ ਕੀਤਾ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਮ ਆਦਮੀ ਪਾਰਟੀ ਵੱਲੋਂ ਦੀਨਾਨਗਰ ਹਲਕੇ ਨਾਲ ਸਬੰਧਤ ਹਾਲ ਹੀ ਵਿੱਚ ਐਲਾਨੇ ਗਏ ਵੱਖ ਵੱਖ ਵਿੰਗਾਂ ਦੇ ਜ਼ਿਲ੍ਹਾ ਪੱਧਰੀ ਅਹੁਦੇਦਾਰਾਂ ਦਾ ਸਨਮਾਨ ਕਰਨ ਲਈ ਪਾਰਟੀ ਦਫਤਰ ਵਿਖੇ ਇਕ ਸਮਾਗਮ ਕਰਵਾਇਆ ਗਿਆ।

ਜਿਸ ਵਿੱਚ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਅਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਉਚੇਚੇ ਤੌਰ 'ਤੇ ਹਾਜ਼ਰ ਹੋਏ। ਨਵੇਂ ਐਲਾਨੇ ਗਏ ਅਹੁਦੇਦਾਰਾਂ ਰਿਟਾ. ਪ੍ਰਿੰਸੀਪਲ ਸੁਖਦੇਵ ਰਾਜ ਨੂੰ ਸਾਬਕਾ ਮੁਲਾਜ਼ਮ ਵਿੰਗ ਦਾ ਜ਼ਿਲ੍ਹਾ ਸਕੱਤਰ, ਪਿੰਡ ਠੱਠੀ ਦੇ ਮੌਜੂਦਾ ਸਰਪੰਚ ਚੰਦਰ ਸ਼ੇਖਰ ਨੂੰ ਕਿਸਾਨ ਵਿੰਗ ਦਾ ਜ਼ਿਲ੍ਹਾ ਮੀਤ ਪ੍ਰਧਾਨ, ਜਰਨੈਲ ਸਿੰਘ ਭੁੱਗਰੀ ਨੂੰ ਐਕਸ ਸਰਵਿਸਮੈਨ ਵਿੰਗ ਦਾ ਜ਼ਿਲ੍ਹਾ ਮੀਤ ਪ੍ਰਧਾਨ, ਰਿਟਾ. ਸੂਬੇਦਾਰ ਸੁਖਦੇਵ ਰਾਜ ਨੂੰ ਐਸ ਸੀ ਵਿੰਗ ਦਾ ਜ਼ਿਲ੍ਹਾ ਪ੍ਰਧਾਨ, ਦਿੱਲੀ ਪੁਲਸ ਦੇ ਰਿਟਾ. ਅਧਿਕਾਰੀ ਜਗੀਰ ਸਿੰਘ ਬਹਿਲੋਲਪੁਰ ਨੂੰ ਸਾਬਕਾ ਮੁਲਾਜ਼ਮ ਵਿੰਗ ਦਾ ਜ਼ਿਲ੍ਹਾ ਮੀਤ ਪ੍ਰਧਾਨ, ਨੌਜਵਾਨ ਆਗੂ ਐਸ ਪੀ ਸਿੰਘ ਨੂੰ ਟਰੇਡ ਵਿੰਗ ਦਾ ਜ਼ਿਲ੍ਹਾ ਸਕੱਤਰ, ਬਲਜੀਤ ਸਿੰਘ ਖਾਲਸਾ ਨੂੰ ਬੀ ਸੀ ਵਿੰਗ ਦੇ ਜ਼ਿਲ੍ਹਾ ਸਕੱਤਰ, ਬਲਵਿੰਦਰ ਪਾਲ ਦਾਊਵਾਲ ਨੂੰ ਜ਼ਿਲ੍ਹਾ ਈਵੈਂਟ ਇੰਚਾਰਜ, ਉੱਤਮ ਸਿੰਘ ਨਾਰਦਾਂ ਨੂੰ ਬੀ ਸੀ ਵਿੰਗ ਦਾ ਜ਼ਿਲ੍ਹਾ ਜਾਇੰਟ ਸਕੱਤਰ, ਸਰਬਜੀਤ ਸਿੰਘ ਸਾਬ੍ਹ ਨੂੰ ਟਰੇਡ ਵਿੰਗ ਦਾ ਜ਼ਿਲ੍ਹਾ ਮੀਤ ਪ੍ਰਧਾਨ ਅਤੇ ਜਗਜੀਤ ਸਿੰਘ ਪਿੰਟਾ ਨੂੰ ਜ਼ਿਲ੍ਹਾ ਦਫਤਰ ਇੰਚਾਰਜ ਐਲਾਨੇ ਜਾਣ 'ਤੇ ਜ਼ਿਲ੍ਹਾ ਪ੍ਰਧਾਨ ਸ਼ਮਸ਼ੇਰ ਸਿੰਘ ਅਤੇ ਪਾਰਟੀ ਦੇ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਸ਼ਮਸ਼ੇਰ ਸਿੰਘ ਨੇ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਅਹੁਦੇਦਾਰਾਂ ਤੇ ਵਰਕਰਾਂ ਨੂੰ ਕਮਰਕੱਸੇ ਕਰ ਲੈਣ ਲਈ ਕਿਹਾ ਅਤੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਵਿੱਚ ਕੋਈ ਕਸਰ ਨਾ ਛੱਡਣ। ਇਸ ਮੌਕੇ ਬਲਾਕ ਪ੍ਰਧਾਨਾਂ ਗੁਰਨਾਮ ਸਿੰਘ ਪੁਰਾਣਾ ਸ਼ਾਲਾ, ਨਿਸ਼ਾਨ ਸਿੰਘ ਗੂੰਝੀਆਂ, ਬਲਬੀਰ ਸਿੰਘ, ਮਨਮੋਹਨ ਸਿੰਘ ਧਮਰਾਈ, ਜਸਬੀਰ ਸਿੰਘ ਕਠਿਆਲੀ, ਠਾਕੁਰ ਪ੍ਰਦੀਪ ਕੁਮਾਰ, ਮੋਨੂੰ ਝਬਕਰਾ, ਰਜਿੰਦਰ ਸਿੰਘ ਆਲੀਨੰਗਲ, ਪੰਕਜ ਬਹਿਰਾਮਪੁਰ, ਰਣਜੀਤ ਸਿੰਘ ਜੀਵਨਚੱਕ, ਮਨਮੋਹਨ ਸਿੰਘ, ਕਾਜਲ, ਗੋਰਾ ਕੱਤੋਵਾਲ, ਮਸਤਾਨ ਸਿੰਘ, ਕਸ਼ਮੀਰ ਚੰਦ, ਅਰਵਿੰਦਰ ਕੁਮਾਰ, ਅਵਤਾਰ ਸਿੰਘ, ਬਾਪੂ ਬਲਦੇਵ ਸਿੰਘ, ਮੰਨਾ ਸੰਧੂ ਅਤੇ ਸੋਨੂੰ ਪਹਾੜੀਪੁਰ ਵੱਡੀ ਗਿਣਤੀ 'ਚ ਆਪ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

ਸਰਪੰਚ ਮਨਜਿੰਦਰ ਸਿੰਘ ਐਮਾ ਨੂੰ ਸਦਮਾ, ਮਾਤਾ ਦਾ ਦੇਹਾਂਤ

ਝਬਾਲ (ਹਰਜਿੰਦਰ ਸਿੰਘ ਸੋਨੀ)- ਸਰਪੰਚ ਮਨਜਿੰਦਰ ਸਿੰਘ ਐਮਾ ਨੂੰ ਉਸ ਵੇਲੇ ਗਹਿਰਾ ਸਦਮਾ ਪਹੁੰਚਿਆ ਜਦੋਂ ਉਨ੍ਹਾਂ ਦੀ ਸਤਿਕਾਰਯੋਗ ਮਾਤਾ ਜਗੀਰ ਕੌਰ ਦਾ ਅਚਾਨਕ ਦੇਹਾਂਤ ਹੋ ਗਿਆ। ਉਨ੍ਹਾਂ ਨਾਲ ਦੁੱਖ ਪ੍ਰਗਟਾਵਾ ਕਰਦਿਆਂ ਸਾਬਕਾ ਹਰਮੀਤ ਸਿੰਘ ਸੰਧੂ, ਦਵਿੰਦਰ ਸਿੰਘ ਲਾਲੀ ਢਾਲਾ, ਸਾਬਕਾ ਚੇਅਰਮੈਨ ਹਰਵੰਤ ਸਿੰਘ ਝਬਾਲ ਖੁਰਦ, ਸਾਬਕਾ ਚੇਅਰਮੈਨ ਗੁਰਬੀਰ ਸਿੰਘ ਝਬਾਲ, ਚੇਅਰਮੈਨ ਰਮਨ ਕੁਮਾਰ ਝਬਾਲ, ਗੁਰਦੁਆਰਾ ਬੀੜ ਸਾਹਿਬ ਮੈਨੇਜਰ ਰਜਿੰਦਰ ਸਿੰਘ ਟੌਹੜਾ, ਹੈਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ, ਸਾਬਕਾ ਮੈਨੇਜਰ ਪ੍ਰਮਜੀਤ ਸਿੰਘ ਮੁੰਡਾ ਪਿੰਡ, ਸਾਬਕਾ ਸਰਪੰਚ ਜਸਬੀਰ ਸਿੰਘ ਸਵਾਰਗਾਪੁਰੀ, ਬਾਬਾ ਸੰਤੋਖ ਸਿੰਘ ਬੀੜ ਸਾਹਿਬ, ਬਾਬਾ ਭੋਲਾ ਸਿੰਘ ਬੀੜ ਸਾਹਿਬ, ਰਾਮ ਸਿੰਘ ਨਾਮਧਾਰੀ, ਮਨਜੀਤ ਸਿੰਘ ਝਬਾਲ ਖੁਰਦ, ਬਲਜੀਤ ਸਿੰਘ ਟਰਾਂਸਪੋਰਟ ਝਬਾਲ ਖੁਰਦ, ਸਾਬਕਾ ਸਰਪੰਚ ਅਜਮੇਰ ਸਿੰਘ ਛਾਪਾ, ਬੀ ਡੀ ਪੀ ਓ ਅਮਨਦੀਪ ਸਿੰਘ ਮੰਨਣ, ਸਰਪੰਚ ਨਰਿੰਦਰ ਕੁਮਾਰ ਝਬਾਲ, ਕਾਮਰੇਡ ਦਵਿੰਦਰ ਕੁਮਾਰ ਸੋਹਲ, ਹੀਰਾ ਸਿੰਘ ਬੱਬੂ, ਮਾਣਕ ਸਿੰਘ ਬੱਬੇ, ਬਿਕਰਮਜੀਤ ਸਿੰਘ ਢਿੱਲੋਂ ਝਬਾਲ, ਦਿਲਬਾਗ ਸਿੰਘ ਐਮਾ, ਆੜ੍ਹਤੀਆ ਸਰਨਜੀਤ ਸਿੰਘ ਭੋਜੀਆਂ, ਰਿਸੀਵਰ ਬਲਵਿੰਦਰ ਸਿੰਘ ਸਵਾਰਗਾਪੁਰੀ, ਗੁਰਸੇਵਕ ਸਿੰਘ ਐਮਾ, ਮਾਸਟਰ ਬਿਕਰਮਜੀਤ ਸਿੰਘ ਢੰਡ ਨੇ ਗਹਿਰੇ ਦੁੱਖ ਪ੍ਰਗਟਾਵਾ ਕੀਤਾ।

ਟਰੱਸਟ ਦੀਆਂ 92 ਲੈਬਾਰਟਰੀਆਂ ਦੇ ਰਹੀਆਂ ਹਰ ਮਹੀਨੇ ਇੱਕ ਲੱਖ ਮਰੀਜ਼ਾਂ ਨੂੰ ਰਾਹਤ : ਡਾ. ਉਬਰਾਏ

ਧਾਰੀਵਾਲ, (ਮਨਦੀਪ ਸਿੰਘ ਵਿੱਕੀ) -ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁਖੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖਸੀਅਤ ਡਾ. ਐਸ ਪੀ ਸਿੰਘ ਉਬਰਾਏ ਵੱਲੋਂ ਮਨੁੱਖਤਾ ਨੂੰ ਬਚਾਉਣ ਲਈ ਕੀਤੇ ਜਾ ਰਹੇ ਪਰਉਪਕਾਰੀ ਕਾਰਜਾਂ ਤਹਿਤ ਲੋੜਵੰਦਾਂ ਦੇ ਲਈ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਰੇਲਵੇ ਰੋਡ ਕਾਦੀਆਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਸੰਨੀ ਉਬਰਾਏ ਕਲੀਨੀਕਲ ਲੈਬ ਅਤੇ ਡਾਇਗਨੋਸਟਿਕ ਸੈਂਟਰ ਵਿੱਚ ਅੱਜ ਆਟੋਮੈਟਿਕ ਬਾਇਓ ਮਿਸਟਰੀ ਐਨਾਲਾਈਜਰ ਈ ਐਮ 200 ਆਧੁਨਿਕ ਤਕਨੀਕ ਵਾਲੀ ਮਸ਼ੀਨ ਸਥਾਪਤ ਕੀਤੀ ਗਈ। ਜਿਸ ਦਾ ਰਸਮੀ ਤੌਰ 'ਤੇ ਉਦਘਾਟਨ ਕਰਨ ਲਈ ਮੁੱਖ ਮਹਿਮਾਨ ਵਜੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁਖੀ ਡਾ. ਐਸ ਪੀ ਸਿੰਘ ਉਬਰਾਏ ਅਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਪਹੁੰਚੇ। ਵਿਸ਼ੇਸ਼ ਮਹਿਮਾਨ ਵਜੋਂ ਟਰੱਸਟੀ ਡਾ. ਸਤਨਾਮ ਸਿੰਘ ਨਿੱਜਰ ਸ਼ਾਮਲ ਸਨ। ਉਨ੍ਹਾਂ ਦੇ ਨਾਲ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਜਨਰਲ ਸੈਕਟਰੀ ਰਜਿੰਦਰ ਸਿੰਘ ਹੈਪੀ, ਵਿੱਤ ਸੈਕਟਰੀ ਰਜਿੰਦਰ ਸਿੰਘ ਰਾਜੂ, ਮੈਂਬਰ ਇੰਦਰਪ੍ਰੀਤ ਸਿੰਘ ਰਿੰਕੀ, ਮੈਂਬਰ ਰੋਹਿਤ ਕੁਮਾਰ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤਰਸੇਮ ਸਿੰਘ, ਡਾ. ਬਾਗੀ, ਪ੍ਰਿੰਸੀਪਲ ਅਵਤਾਰ ਸਿੰਘ ਸਿੱਧੂ, ਦਲਜੀਤ ਸਿੰਘ ਕਾਦੀਆਂ ਤੋਂ ਇਲਾਵਾ ਹੋਰ ਵੀ ਪਤਵੰਤੇ ਮੈਂਬਰ ਸ਼ਾਮਲ ਸਨ। ਇਸ ਮੌਕੇ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਡਾ. ਉਬਰਾਏ ਵੱਲੋਂ ਦੇਸ਼ ਵਿਦੇਸ਼ ਅੰਦਰ ਬਹੁਤ ਹੀ ਨੇਕ ਤੇ ਪਰਉਪਕਾਰੀ ਕਾਰਜ ਕਰਦਿਆਂ ਮਨੁੱਖਤਾ ਦਾ ਭਲਾ ਕੀਤਾ ਜਾ ਰਿਹਾ ਹੈ। ਜਦਕਿ ਪੰਜਾਬ ਤੋਂ ਇਲਾਵਾ ਹੋਰ ਸੂਬਿਆਂ ਅੰਦਰ ਵੀ ਲੈਬਾਰਟਰੀਆਂ ਚਲਾ ਕੇ ਲੋਕਾਂ ਨੂੰ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਦਾਦੂਵਾਲ ਨੇ ਕਿਹਾ ਕਿ ਆਪਣੀ ਨੇਕ ਕਿਰਤ ਕਮਾਈ ਦਾ 99 ਫੀਸਦੀ ਹਿੱਸਾ ਦਾਨ ਕਰਕੇ ਡਾਕਟਰ ਉਬਰਾਏ ਵੱਲੋਂ ਸਮੁੱਚੇ ਸੰਸਾਰ ਅੰਦਰ ਮਿਸਾਲ ਕਾਇਮ ਕੀਤੀ ਗਈ ਹੈ। ਇਸ ਮੌਕੇ ਮੈਨੇਜਿੰਗ ਟਰੱਸਟੀ ਡਾ. ਉਬਰਾਏ ਨੇ ਦੱਸਿਆ ਕਿ ਪੰਜਾਬ 'ਚ ਇਸ ਵੇਲੇ ਟਰੱਸਟ ਦੀਆਂ 92 ਲੈਬਾਰਟਰੀਆਂ ਸਫਲਤਾ ਪੂਰਵਕ ਚੱਲ ਰਹੀਆਂ ਹਨ। ਜਦਕਿ ਪੰਜਾਬ ਤੋਂ ਇਲਾਵਾ 11 ਹੋਰ ਸੂਬਿਆਂ 'ਚ ਲੈਬਾਰਟਰੀਆਂ ਚੱਲ ਰਹੀਆਂ ਹਨ। ਡਾ. ਉਬਰਾਏ ਨੇ ਦੱਸਿਆ ਕਿ ਟਰੱਸਟ ਵੱਲੋਂ ਡਾਇਲਸਿਸ ਸੈਂਟਰ ਖੋਲ੍ਹਣ ਤੋਂ ਇਲਾਵਾ ਅੱਖਾਂ ਦੇ ਕੈਂਪ ਵੀ ਲਗਾਏ ਜਾ ਰਹੇ ਹਨ। ਜਦਕਿ ਹੋਰ ਵੀ ਸਿਹਤ ਸਹੂਲਤਾਂ ਗਰੀਬਾਂ ਲੋੜਵੰਦਾਂ ਨੂੰ ਮੁਫਤ ਦਿੱਤੀਆਂ ਜਾ ਰਹੀਆਂ ਹਨ। ਡਾ. ਉਬਰਾਏ ਨੇ ਦੱਸਿਆ ਕਿ ਇਸ ਵੇਲੇ 55 ਲੈਬਾਰਟਰੀਆਂ ਦੇ ਵਿੱਚ ਫੁੱਲ ਆਟੋਮੈਟਿਕ ਮਸੀਨਾਂ ਲੱਗ ਚੁੱਕੀਆਂ ਹਨ। ਉਨ੍ਹਾ ਦੱਸਿਆ ਕਿ ਸਰਬੱਤ ਦਾ ਭਲਾ ਟਰੱਸਟ ਵੱਲੋਂ ਚਲਾਈਆਂ ਜਾ ਰਹੀਆਂ ਲੈਬਾਰਟਰੀਆਂ 'ਚ ਹਰ ਮਹੀਨੇ ਇੱਕ ਲੱਖ ਮਰੀਜ਼ ਲਾਭ ਪ੍ਰਾਪਤ ਕਰ ਰਹੇ ਹਨ। ਇਸ ਮੌਕੇ ਹੋਰ ਵੀ ਆਗੂ ਹਾਜ਼ਰ ਸਨ।

ਨੌਜਵਾਨ ਗੁਜਰਾਤ ਦੀ ਨਿੱਜੀ ਕੰਪਨੀ 'ਚੋਂ ਭੇਦ-ਭਰੇ ਹਾਲਾਤ 'ਚ ਲਾਪਤਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਹਲਕਾ ਡੇਰਾ ਬਾਬਾ ਨਾਨਕ ਦੇ ਪੁਲਸ ਥਾਣਾ ਕੋਟਲੀ ਸੂਰਤ ਮੱਲ੍ਹੀ ਅੰਦਰ ਪੈਂਦੇ ਪਿੰਡ ਸ਼ਿਕਾਰ ਮਾਛੀਆਂ ਦਾ 24 ਸਾਲਾ ਨੌਜਵਾਨ ਜੋਬਨਪ੍ਰੀਤ ਸਿੰਘ ਪੁੱਤਰ ਬਲਜੀਤ ਸਿੰਘ ਜੋ ਕਿ ਪਿਛਲੇ ਤਿੰਨ ਸਾਲ ਤੋਂ ਗੁਜਰਾਤ ਦੇ ਸੂਰਤ ਸ਼ਹਿਰ 'ਚ ਇੱਕ ਨਿੱਜੀ ਕੰਪਨੀ ਵਿੱਚ ਸਕਿਉਰਟੀ ਗਾਰਡ ਦੀ ਨੌਕਰੀ ਕਰਦਾ ਸੀ ਦੇ ਬੀਤੀ 19 ਜਨਵਰੀ ਨੂੰ ਕੰਪਨੀ ਵਿੱਚੋਂ ਭੇਦਭਰੇ ਹਾਲਾਤ ਵਿੱਚ ਲਾਪਤਾ ਹੋਣ ਦਾ ਸਮਾਚਾਰ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਨੌਜਵਾਨ ਜੋਬਨਪ੍ਰੀਤ ਸਿੰਘ ਦੀ ਮਾਤਾ ਮਨਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦਾ ਬੇਟਾ ਅਕਤੂਬਰ ਮਹੀਨੇ ਵਿੱਚ ਛੁੱਟੀ ਕੱਟ ਕੇ ਗੁਜਰਾਤ ਦੇ ਸੂਰਤ ਸ਼ਹਿਰ ਵਿੱਚ ਨਿੱਜੀ ਕੰਪਨੀ ਦੀ ਸਕਿਉਰਟੀ ਗਾਰਡ ਦੀ ਡਿਊਟੀ 'ਤੇ ਵਾਪਸ ਪਰਤਿਆ ਸੀ ਪਰ ਬੀਤੀ 19 ਜਨਵਰੀ ਨੂੰ ਉਨ੍ਹਾਂ ਦੇ ਬੇਟੇ ਨਾਲ ਉਨ੍ਹਾਂ ਦੀ ਆਖਰੀ ਗੱਲਬਾਤ ਹੋਈ ਸੀ। ਉਨ੍ਹਾਂ ਦੱਸਿਆ ਕਿ ਜਦ ਦੋ ਤਿੰਨ ਦਿਨ ਬੀਤ ਜਾਣ ਦੇ ਬਾਵਜੂਦ ਉਨ੍ਹਾਂ ਨੂੰ ਜੋਬਨਪ੍ਰੀਤ ਸਿੰਘ ਦਾ ਕੋਈ ਵੀ ਫੋਨ ਨਹੀਂ ਆਇਆ ਤੇ ਸੰਪਰਕ ਕਰਨ 'ਤੇ ਉਸ ਦਾ ਫੋਨ ਬੰਦ ਆ ਰਿਹਾ ਸੀ। ਫਿਰ ਮਾਪਿਆਂ ਪਿੰਡ ਦੇ ਪ੍ਰਧਾਨ ਬਲਵਿੰਦਰ ਸਿੰਘ ਤੇ ਹੋਰ ਆਗੂਆਂ ਨਾਲ ਗੱਲਬਾਤ ਕੀਤੀ। ਮਾਤਾ ਨੇ ਦੱਸਿਆ ਕਿ ਪੁੱਤਰ ਦੀ ਖਬਰ ਸੁਰਤ ਲੈਣ ਲਈ ਜਦ ਉਨ੍ਹਾਂ ਦੇ ਧੀ ਤੇ ਜਵਾਈ ਨਿੱਜੀ ਕੰਪਨੀ ਵਿੱਚ ਪਹੁੰਚੇ ਤਾਂ ਉਨ੍ਹਾਂ ਟਾਲਮਟੋਲ ਕਰਦੇ ਹੋਏ ਉਨ੍ਹਾਂ ਨੂੰ ਇਹ ਕਹਿ ਕੇ ਤੋਰ ਦਿੱਤਾ ਕਿ ਉਹ ਬੈਗ ਲੈ ਕੇ ਚਲਾ ਗਿਆ ਹੈ। ਉਨ੍ਹਾਂ ਦੇ ਧੀ ਜਵਾਈ ਵੱਲੋਂ ਇਸ ਸਬੰਧੀ ਗੁਜਰਾਤ ਦੇ ਸ਼ਹਿਰ ਸੂਰਤ ਦੇ ਥਾਣਾ ਇਸਾਪੁਰ ਵਿੱਚ ਗੁੰਮਸ਼ੁਦਗੀ ਦੀ ਰਿਪੋਰਟ ਲਿਖਾਉਣੀ ਚਾਹੀ ਤਾਂ ਉਨ੍ਹਾਂ ਕਿਹਾ ਇਹ ਮਾਮਲਾ ਥਾਣਾ ਕੁਸੰਭਾ ਦੇ ਅਧੀਨ ਪੈਂਦਾ ਹੈ ਤਾਂ ਉਨ੍ਹਾਂ ਵੱਲੋਂ ਜੋਬਨਪ੍ਰੀਤ ਸਿੰਘ ਦੀ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕਰਵਾਈ ਗਈ। ਜੋਬਨਪ੍ਰੀਤ ਸਿੰਘ ਮਾਤਾ ਨੇ ਦੱਸਿਆ ਕਿ ਬੀਤੀ 28 ਜਨਵਰੀ ਨੂੰ ਉਨ੍ਹਾਂ ਦੇ ਫੋਨ 'ਤੇ ਵਟਸਐਪ ਰਾਹੀਂ ਅਣਪਛਾਤੇ ਵਿਅਕਤੀ ਵੱਲੋਂ ਵਾਇਸ ਕਾਲ ਕੀਤੀ ਗਈ ਤੇ ਉਨ੍ਹਾਂ ਦੇ ਪੁੱਤਰ ਨੂੰ ਛੱਡਣ ਲਈ ਕੁਝ ਪੈਸਿਆਂ ਦੀ ਮੰਗ ਕੀਤੀ ਗਈ ਤੇ ਪੈਸੇ ਨਾ ਦੇਣ 'ਤੇ ਉਸ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਐਸ ਐਸ ਪੀ ਬਟਾਲਾ ਨੂੰ ਲਿਖਤੀ ਦਰਖਾਸਤ ਦਿੱਤੀ ਗਈ ਹੈ। ਇਸ ਮੌਕੇ ਪਿੰਡ ਵਾਸੀਆਂ ਤੇ ਪੀੜਤ ਪਰਵਾਰ ਨੇ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਤੋਂ ਮਦਦ ਦੀ ਗੁਹਾਰ ਲਾਈ ਹੈ।

ਡੱਲਾ ਰਾਜਪੂਤਾਂ ਦੇ ਕਈ ਪਰਵਾਰ ਬੋਨੀ ਅਮਰਪਾਲ ਸਿੰਘ ਦੇ ਬੇੜੇ 'ਚ ਹੋਏ ਸਵਾਰ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)- ਵਿਧਾਨ ਸਭਾ ਹਲਕਾ ਅਜਨਾਲਾ ਦੇ ਪਿੰਡ ਡੱਲਾ ਰਾਜਪੂਤਾਂ ਵਿਖੇ ਭਾਰਤੀ ਜਨਤਾ ਪਾਰਟੀ ਨੂੰ ਉਸ ਵੇਲੇ ਵੱਡਾ ਹੁਲਾਰਾ ਮਿਲਿਆ ਜਦੋਂ ਕਈ ਆਪ ਵਰਕਰ ਭਾਜਪਾ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਕਰਵਾਏ ਸਮਾਗਮ ਵਿੱਚ ਉਚੇਚੇ ਤੌਰ 'ਤੇ ਪਹੁੰਚੇ ਉਹ ਬੀ ਸੀ ਮੋਰਚਾ ਸੂਬਾ ਦੇ ਪ੍ਰਧਾਨ ਸਾਬਕਾ ਵਿਧਾਇਕ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਪਰਵਾਰਾਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ। ਸਨਮਾਨਤ ਕਰਨ ਮੌਕੇ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਪਾਰਟੀ ਵਿੱਚ ਬਣਦਾ ਮਾਨ ਸਤਿਕਾਰ ਦੇਣ ਦੀ ਗੱਲ ਕਹੀ। ਸ਼ਾਮਲ ਹੋਣ ਵਾਲੇ ਪਰਵਾਰ ਦੇ ਮੁਖੀ ਸੰਮਾ ਸਿੰਘ, ਵਰਿੰਦਰ ਕੌਰ, ਸੱਤਬੀਰ ਸਿੰਘ, ਰਣਜੋਤ ਸਿੰਘ, ਕੁਲਦੀਪ ਸਿੰਘ, ਸੁਖਦੇਵ ਸਿੰਘ, ਕਰਨ ਸਿੰਘ ਆਦਿ ਨੂੰ ਪਾਰਟੀ ਦੇ ਚਿੰਨ੍ਹ ਅਤੇ ਮਫਲਰ ਦੇ ਕੇ ਸਨਮਾਨਤ ਕੀਤਾ ਅਤੇ ਬੋਨੀ ਅਮਰਪਾਲ ਸਿੰਘ ਵੱਲੋਂ ਵਿਸ਼ਵਾਸ ਦਿਵਾਇਆ ਕਿ ਭਾਰਤੀ ਜਨਤਾ ਪਾਰਟੀ ਇਨ੍ਹਾਂ ਪਰਵਾਰਾਂ ਦੇ ਹਰ ਸੁੱਖ ਦੁੱਖ ਦੇ 'ਚ ਸ਼ਾਮਲ ਅਤੇ ਸਾਥ ਦੇਵੇਗੀ। ਇਸ ਮੌਕੇ ਅਜੀਤ ਸਿੰਘ ਬੱਲੜਵਾਲ, ਕਾਲਾ ਖਾਣਵਾਲ, ਕਰਨੈਲ ਸਿੰਘ ਸਾਬਕਾ ਸਰਪੰਚ, ਸਵਰਨ ਸਿੰਘ ਚੱਕ ਡੋਗਰਾਂ, ਪ੍ਰਧਾਨ ਬਲਵਿੰਦਰ ਸਿੰਘ ਚੱਕ ਡੋਗਰਾਂ ਦੀ ਹਾਜ਼ਰ ਸਨ।

ਪਿੰਡ ਵਾਸੀਆਂ ਆਪ ਹਲਕਾ ਆਗੂ ਰੰਧਾਵਾ ਨੂੰ ਸਮੱਸਿਆਵਾਂ ਸੰਬੰਧੀ ਜਾਣੂ ਕਰਵਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਅੱਜ ਹਲਕਾ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਦੇ ਆਪਣੇ ਹੀ ਪਿੰਡ ਸ਼ਾਹਪੁਰ ਜਾਜਨ ਦੀ ਪੱਤੀ ਕਿਲਾ ਕਲੋਨੀ ਦੇ ਵਾਸੀਆਂ ਨੇ ਨੌਜਵਾਨ ਯੂਥ ਆਗੂ ਤਜਿੰਦਰ ਸਿੰਘ ਮਾਨ ਦੀ ਅਗਵਾਈ ਹੇਠ ਗੁਰਦੀਪ ਸਿੰਘ ਰੰਧਾਵਾ ਦੇ ਗ੍ਰਹਿ ਵਿਖੇ ਮਿਲ ਕੇ ਉਨ੍ਹਾਂ ਨੂੰ ਪਾਣੀ ਦੀ ਨਿਕਾਸੀ ਅਤੇ ਰਸਤੇ ਸਬੰਧੀ ਆ ਰਹੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ । ਇਸ ਮੌਕੇ ਪਿੰਡ ਵਾਸੀਆਂ ਨੇ ਕਥਿਤ ਤੌਰ 'ਤ

5-FEB-PAGE-4.qxd00000.qxd 2/4/2024 9:49 PM Page 1

ਨਵਾਂ ਜ਼ਮਾਨਾ
ਸੋਮਵਾਰ, 5 ਫਰਵਰੀ 2024

ਰਾਜਸਥਾਨ ਵਿੱਚ ਧਰੁਵੀਕਰਨ ਮੁਹਿੰਮ

ਭਾਰਤੀ ਜਨਤਾ ਪਾਰਟੀ ਦੀ ਰਾਜਸਥਾਨ ਵਿੱਚ ਸਰਕਾਰ ਬਣਨ ਤੋਂ ਬਾਅਦ ਉਸ ਨੇ ਪੂਰੇ ਜ਼ੋਰ-ਸ਼ੋਰ ਨਾਲ ਹਿੰਦੂਤਵ ਦੇ ਏਜੰਡੇ ਨੂੰ ਅੱਗੇ ਵਧਾਉਣਾ ਸ਼ੁਰੂ ਕਰ ਦਿੱਤਾ ਹੈ। ਰਾਜਸਥਾਨ ਦੇ ਹੁਣ ਤੱਕ ਅਮਨ-ਅਮਾਨ ਨਾਲ ਚੱਲ ਰਹੇ ਸਕੂਲ ਪਿਛਲੇ ਹਫਤੇ ਤੋਂ ਯੁੱਧ ਦਾ ਮੈਦਾਨ ਬਣਾ ਦਿੱਤੇ ਗਏ ਹਨ।

ਗਣਤੰਤਰਤਾ ਦਿਵਸ ਦੇ ਮੌਕੇ ਉੱਤੇ ਭਾਜਪਾ ਵਿਧਾਇਕ ਬਾਲਮੁਕੰਦ ਅਚਾਰੀਆ ਦਾ ਇੱਕ ਵੀਡੀਓ ਸਾਹਮਣੇ ਆਇਆ ਹੈ, ਜਿਸ ਵਿੱਚ ਕੁਝ ਲੜਕੀਆਂ ਦੇ ਹਿਜਾਬ ਪਹਿਨਣ ਕਾਰਨ ਉਹ ਸਕੂਲ ਦੇ ਇੱਕ ਅਧਿਆਪਕ ਨੂੰ ਬੁਰਾ-ਭਲਾ ਕਹਿ ਰਹੇ ਹਨ।

ਬਾਅਦ ਵਿੱਚ ਸਾਹਮਣੇ ਆਏ ਇੱਕ ਵੀਡੀਓ ਵਿੱਚ ਵਿਧਾਇਕ ਸਕੂਲ ਪ੍ਰਬੰਧਕਾਂ ਨੂੰ ਮੁਸਲਿਮ ਲੜਕੀਆਂ ਨੂੰ ਹਿਜਾਬ ਪਹਿਨ ਕੇ ਆਉਣ ਤੋਂ ਰੋਕਣ ਲਈ ਕਹਿੰਦੇ ਹਨ। ਇਹੋ ਨਹੀਂ, ਵੀਡੀਓ ਵਿੱਚ ਉਹ ਕੁਝ ਵਿਦਿਆਰਥੀਆਂ ਦੀ ਅਗਵਾਈ ਕਰਦੇ ਹੋਏ ਉਨ੍ਹਾਂ ਤੋਂ ਭਾਰਤ ਮਾਤਾ ਦੀ ਜੈ ਤੇ ਸਰਸਵਤੀ ਮਾਤਾ ਦੀ ਜੈ ਦੇ ਨਾਅਰੇ ਲਵਾਉਂਦੇ ਹਨ। ਉਹ ਸਕੂਲ ਵਿੱਚ ਘੁੰਮ-ਘੁੰਮ ਕੇ ਵਿਦਿਆਰਥੀਆਂ ਨੂੰ ਜੈ ਸ੍ਰੀ ਰਾਮ ਦਾ ਨਾਅਰਾ ਲਾਉਣ ਲਈ ਕਹਿੰਦੇ ਹਨ। ਵਿਧਾਇਕ ਦੀ ਇਸ ਹਰਕਤ ਵਿਰੁੱਧ ਮੁਸਲਿਮ ਵਿਦਿਆਰਥੀਆਂ ਦੇ ਮਾਪਿਆਂ ਨੇ ਸਥਾਨਕ ਥਾਣੇ ਅੱਗੇ ਮੁਜ਼ਾਹਰਾ ਕਰਕੇ ਵਿਧਾਇਕ ਨੂੰ ਸਕੂਲਾਂ ਦਾ ਮਹੌਲ ਖਰਾਬ ਕਰਨ ਤੋਂ ਰੋਕਣ ਦੀ ਮੰਗ ਕੀਤੀ ਸੀ। ਬਾਅਦ ਵਿੱਚ ਪੁਲਸ ਵੱਲੋਂ ਸਮਝੌਤਾ ਕਰਾ ਦੇਣ ਬਾਅਦ ਮੁਜ਼ਾਹਰਾਕਾਰੀ ਚਲੇ ਗਏ, ਪਰ ਇਹ ਵਿਵਾਦ ਰੁਕਣ ਵਾਲਾ ਨਹੀਂ।

ਵਿਧਾਇਕ ਅਚਾਰੀਆ ਨੇ ਆਪਣੀ ਸਫਾਈ ਦਿੰਦਿਆਂ ਕਿਹਾ ਸੀ ਕਿ ਉਨ੍ਹਾ ਸਕੂਲ ਪ੍ਰਿੰਸੀਪਲ ਨੂੰ ਪੁੱਛਿਆ ਸੀ ਕਿ ਕੀ ਉਨ੍ਹਾਂ ਦੇ ਸਕੂਲ ਵਿੱਚ ਦੋ ਡਰੈੱਸ ਕੋਡ ਹਨ? ਜੇ ਅਜਿਹਾ ਹੈ ਤਾਂ ਸਾਡੇ ਬੱਚੇ ਵੀ ਲਹਿੰਗਾ-ਚੁੰਨੀ ਪਾ ਕੇ ਆਉਣਗੇ।

ਹਵਾ ਮਹਿਲ ਸੀਟ ਤੋਂ ਜਿੱਤਣ ਬਾਅਦ ਅਚਾਰੀਆ ਲਗਾਤਾਰ ਝਗੜੇ ਖੜ੍ਹੇ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਜਿੱਤਣ ਤੋਂ ਕੁਝ ਘੁੰਟੇ ਪਿੱਛੋਂ ਹੀ ਉਹ ਖੇਤਰ ਦੀਆਂ ਮਾਸ ਵੇਚਣ ਵਾਲੀਆਂ ਦੁਕਾਨਾਂ ਉੱਤੇ ਗਏ ਤੇ ਲਾਇਸੰਸ ਨਾ ਹੋਣ ਉੱਤੇ ਨਤੀਜੇ ਭੁਗਤਣ ਦੀ ਧਮਕੀ ਦੇ ਆਏ ਸਨ।

ਕਾਂਗਰਸ ਦੇ ਜੈਪੁਰ ਤੋਂ ਵਿਧਾਇਕ ਰਫੀਕ ਖਾਨ ਨੇ ਕਿਹਾ ਕਿ ਅਚਾਰੀਆ ਨੂੰ ਸਮਝਣਾ ਚਾਹੀਦਾ ਹੈ ਕਿ ਉਹ ਸਭ ਜਾਤੀਆਂ ਤੇ ਧਰਮਾਂ ਦੇ ਵਿਧਾਇਕ ਹਨ। ਰਾਜਸਥਾਨ ਵਿੱਚ ਅਜਿਹੀਆਂ ਫੁੱਟਪਾਊ ਗੱਲਾਂ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ।

ਕਾਂਗਰਸ ਵਿਧਾਇਕਾਂ ਵੱਲੋਂ ਅਚਾਰੀਆ ਦੇ ਵਿਰੋਧ ਪਿੱਛੋਂ ਭਾਜਪਾ ਦੇ ਕਈ ਸੀਨੀਅਰ ਆਗੂ ਉਸ ਦੇ ਹੱਕ ਵਿੱਚ ਨਿੱਤਰ ਪਏ। ਖੇਤੀ ਮੰਤਰੀ ਕਿਰੋੜੀ ਲਾਲ ਮੀਣਾ ਨੇ ਕਿਹਾ ਕਿ ਮੁਸਲਿਮ ਭਾਈਚਾਰਾ ਕੱਟੜਤਾ ਤੇ ਕਾਂਗਰਸ ਦੀ ਤੁਸ਼ਟੀਕਰਨ ਦੀ ਨੀਤੀ ਕਾਰਨ ਤਰੱਕੀ ਨਹੀਂ ਕਰ ਸਕਿਆ। ਸਕੂਲਾਂ ਵਿੱਚ ਡਰੈੱਸ ਕੋਡ ਦੀ ਪਾਲਣਾ ਜ਼ਰੂਰੀ ਹੈ। ਸਿੱਖਿਆ ਮੰਤਰੀ ਮਦਨ ਦਿਲਾਵਰ ਨੇ ਕਿਹਾ ਕਿ ਰਾਜਸਥਾਨ ਦੇ ਸਕੂਲਾਂ ਵਿੱਚ ਡਰੈੱਸ ਕੋਡ ਜਲਦੀ ਹੀ ਲਾਗੂ ਕਰ ਦਿੱਤਾ ਜਾਵੇਗਾ।

ਹਿਜਾਬ ਵਿਵਾਦ ਨਾਲ ਹੀ ਸਕੂਲਾਂ ਵਿੱਚ ਸੂਰਜ ਨਮਸਕਾਰ ਲਾਗੂ ਕਰਨ ਦੀ ਵੀ ਯੋਜਨਾ ਹੈ। ਰਾਜਸਥਾਨ ਸਰਕਾਰ ਨੇ ਹੁਕਮ ਦਿੱਤਾ ਹੈ ਕਿ 15 ਫਰਵਰੀ ਨੂੰ ਸਪਤਮੀ ਦੇ ਮੌਕੇ ਉੱਤੇ ਸਭ ਸਕੂਲਾਂ ਵਿੱਚ ਸਕੂਲ ਨਮਸਕਾਰ ਦਾ ਅਭਿਆਸ ਹੋਣਾ ਚਾਹੀਦਾ ਹੈ। ਸਿੱਖਿਆ ਮੰਤਰੀ ਨੇ ਕਿਹਾ ਹੈ ਕਿ ਸੂਰਜ ਨਮਸਕਾਰ ਸਵੇਰ ਦੀ ਪ੍ਰਾਰਥਨਾ ਦੇ ਸ਼ੁਰੂ ਵਿੱਚ ਕੀਤਾ ਜਾਵੇਗਾ ਤੇ ਨਿਰਧਾਰਤ ਦਿਨ ਤੋਂ ਬਾਅਦ ਇਸ ਨੂੰ ਲਗਾਤਾਰ ਜਾਰੀ ਰੱਖਣ ਦਾ ਫੈਸਲਾ ਲਿਆ ਜਾਵੇਗਾ। ਸੂਰਜ ਨਮਸਕਾਰ ਦੌਰਾਨ ਮੰਤਰਾਂ ਦਾ ਜਾਪ ਹੁੰਦਾ ਹੈ, ਜਿਸ ਨੇ ਮੁਸਲਿਮ ਤੇ ਈਸਾਈ ਵਰਗਾਂ ਦੇ ਲੋਕਾਂ ਨੂੰ ਚਿੰਤਤ ਕਰ ਦਿੱਤਾ ਹੈ।

ਹਿਜਾਬ ਵਿਵਾਦ ਤੇ ਸੂਰਜ ਨਮਸਕਾਰ ਸਪੱਸ਼ਟ ਤੌਰ ਉੱਤੇ ਲੋਕ ਸਭਾ ਚੋਣਾਂ ਲਈ ਧਰੁਵੀਕਰਨ ਨੂੰ ਤੇਜ਼ ਕਰਨ ਦੀ ਇੱਕ ਸੋਚੀ-ਸਮਝੀ ਸਾਜ਼ਿਸ਼ ਹੈ। ਮੁੱਖ ਮੰਤਰੀ ਭਜਨ ਲਾਲ ਦੇ ਆਉਣ ਬਾਅਦ ਸ਼ਾਸਨ ਵਿੱਚ ਅਜਿਹਾ ਕੁਝ ਨਹੀਂ ਬਦਲਿਆ, ਜਿਸ ਨੂੰ ਸ਼ਾਨਦਾਰ ਕਿਹਾ ਜਾ ਸਕਦਾ ਹੈ। ਵੰਡਪਾਊ ਮੁੱਦਿਆਂ ਨੂੰ ਉਛਾਲ ਕੇ ਭਾਜਪਾ ਸਰਕਾਰ ਦੀਆਂ ਕਮੀਆਂ ਤੋਂ ਲੋਕਾਂ ਦਾ ਧਿਆਨ ਭਟਕਾਉਣਾ ਚਾਹੁੰਦੀ ਹੈ।

ਵਿਕਦਾ ਜਾ ਰਿਹੈ ਪੰਜਾਬ

ਗੁਰਮੀਤ ਸਿੰਘ ਪਲਾਹੀ

ਪੰਜਾਬ 'ਚ ਇੱਕ ਮੰਗ ਉੱਠਣ ਲੱਗੀ ਹੈ ਕਿ ਪੰਜਾਬ ਵਿੱਚ ਵੀ ਇੱਕ ਕਾਨੂੰਨ ਬਣਨਾ ਚਾਹੀਦਾ ਹੈ ਕਿ ਕੋਈ ਵੀ ਬਾਹਰਲਾ ਵਿਅਕਤੀ (ਪੰਜਾਬੀਆਂ ਤੋਂ ਬਿਨ੍ਹਾਂ) ਪੰਜਾਬ ਵਿੱਚ ਜ਼ਮੀਨ ਜਾਂ ਜਾਇਦਾਦ ਨਹੀਂ ਖਰੀਦ ਸਕਦਾ। ਇਹ ਚਰਚਾ ਵੀ ਜੋਰ ਫੜ ਰਹੀ ਹੈ ਕਿ ਪੰਜਾਬ ਤੋਂ ਬਾਹਰਲੇ ਵਿਅਕਤੀ ਪੰਜਾਬ ਵਿੱਚ ਆਉਣ, ਕੋਈ ਕਿੱਤਾ ਕਰਨ, ਧਨ ਕਮਾਉਣ, ਪਰ ਜ਼ਮੀਨ-ਜਾਇਦਾਦ ਨਾ ਖਰੀਦਣ।

ਵਿਚਾਰ ਇਹ ਵੀ ਪਲਪ ਰਿਹਾ ਹੈ ਕਿ ਪੰਜਾਬ ਨੂੰ ਬਾਹਰਲੇ ਸੂਬਿਆਂ ਦੇ ਲੋਕਾਂ ਨੂੰ ਇਥੇ ਵਸਾ ਕੇ ਪੰਜਾਬ ਦੀ ਦਿੱਖ, ਪੰਜਾਬ ਦੀ ਬੋਲੀ, ਪੰਜਾਬ ਦਾ ਸੱਭਿਆਚਾਰ ਨੂੰ ਰੰਗੋਂ ਬੇਰੰਗ ਕੀਤਾ ਜਾ ਰਿਹਾ ਹੈ। ਪੰਜਾਬ ਨੂੰ ਹਥਿਆਇਆ ਜਾ ਰਿਹਾ ਹੈ। ਪੰਜਾਬ ਨੂੰ ਕਾਬੂ ਕਰਨ ਲਈ ਕੀਤੇ ਪਹਿਲੇ ਯਤਨ, ਕਿਉਂਕਿ ਸਫ਼ਲ ਨਹੀਂ ਹੋ ਸਕੇ, ਇਸ ਕਰਕੇ ਨਿੱਤ ਨਵੇਂ ਹੱਥਕੰਡੇ ਅਪਨਾ ਕੇ ਪੰਜਾਬ ਨੂੰ ਆਪਣੇ ਪਾਲੇ 'ਚ ਲਿਆਉਣ ਦਾ ਯਤਨ ਹੋ ਰਿਹਾ ਹੈ।

ਇਸ ਵੇਲੇ ਭਾਰਤ 'ਚ ਬਹੁ-ਸੱਭਿਆਚਾਰੀ ਅਤੇ ਬਹੁ-ਕੌਮੀ ਸੰਸਕ੍ਰਿਤੀ ਹੈ। ਮੌਜੂਦਾ ਹਾਕਮਾਂ ਵੱਲੋਂ ਇਸ ਨੂੰ ਇੱਕ ਦੇਸ਼, ਇੱਕ ਰਾਸ਼ਟਰ 'ਚ ਤਬਦੀਲ ਕਰਨ ਦੇ ਯਤਨ ਹੋ ਰਹੇ ਹਨ। ਪੰਜਾਬ ਕੋਲ ਕੋਈ ਕੁਦਰਤੀ ਸਾਧਨ ਨਹੀਂ, ਬੰਦਰਗਾਹ ਨਹੀਂ, ਜੋ ਕਿ ਅੱਜ ਦੇ ਸਮੇਂ ਵਿੱਚ ਵਪਾਰ ਤੇ ਉਦਯੋਗੀਕਰਨ ਦੀ ਪਹਿਲੀ ਲੋੜ ਹੈ। ਲੋੜ ਤਾਂ ਇਸ ਗੱਲ ਦੀ ਸੀ ਕਿ ਪੰਜਾਬ ਵਿੱਚ ਚੰਗਾ ਮਾਹੌਲ ਸਥਾਪਤ ਕਰਨ ਲਈ ਅਤੇ ਆਰਥਕ ਮਜ਼ਬੂਤੀ ਲਈ ਗੁਆਂਢੀ ਦੇਸ਼ ਪਾਕਿਸਤਾਨ ਨਾਲ ਚੰਗਾ ਮਾਹੌਲ ਪੈਦਾ ਕਰਕੇ ਵਪਾਰ ਦੀ ਸਾਂਝ ਵਿਕਸਤ ਕੀਤੀ ਜਾਵੇ, ਪਰ 1947, ਫਿਰ 1965 ਦੀ ਜੰਗ, ਕਾਰਗਿਲ ਦੀ ਜੰਗ, ਜੋ ਦੇਸ਼ ਦੀਆਂ ਵੋਟਾਂ ਹਥਿਆਉਣ ਲਈ ਹਾਕਮਾਂ ਵੱਲੋਂ ਦੇਸ਼ 'ਤੇ ਮੜੀ ਗਈ, ਉਸ ਨੇ ਪੰਜਾਬ ਦਾ ਅਰਥਚਾਰਾ, ਪੰਜਾਬ ਦਾ ਸਮਾਜਿਕ ਤਾਣਾ-ਬਾਣਾ ਏਨਾ ਵਿਖਰਾਅ ਦਿੱਤਾ ਹੈ ਕਿ ਪੰਜਾਬ ਜਿਹੜਾ ਕਦੇ ਦੇਸ਼ ਦਾ ਮੋਹਰੀ ਸੂਬਾ ਸੀ, ਉਹ ਹੁਣ ਤਰੱਕੀ ਅਤੇ ਵਿਕਾਸ ਦੇ ਮਾਮਲਿਆਂ 'ਚ ਪਹਿਲੇ ਦਸਾਂ ਸੂਬਿਆਂ 'ਚ ਵੀ ਸ਼ਾਮਲ ਨਹੀਂ ਰਿਹਾ।

ਸਵਾਲ ਇਹ ਵੀ ਉੱਠ ਰਿਹਾ ਹੈ ਕਿ ਪੰਜਾਬ ਦੇ ਵਾਹੀ ਯੋਗ ਖੇਤ ਘਟਦੇ ਜਾ ਰਹੇ ਹਨ। ਪੰਜਾਬ ਦੇ ਹਰ ਪਾਸੇ, ਦੁਆਬੇ, ਮਾਲਵੇ, ਮਾਝੇ 'ਚ ਪੰਜਾਬ ਦੇ ਹਰ ਪਾਸੇ, ਵੱਡੀਆਂ, ਚੌੜੀਆਂ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ। ਖੇਤਾਂ ਦਾ ਸੀਨਾ ਵਿੰਨ੍ਹਿਆ ਜਾ ਰਿਹਾ ਹੈ। ਰਾਸ਼ਟਰੀ, ਸੂਬਾ ਹਾਈਵੇ ਵਾਹੀਯੋਗ ਜ਼ਮੀਨ ਨੱਪ ਰਹੇ ਹਨ, ਇਸ ਦਾ ਫਾਇਦਾ ਕਿਸ ਨੂੰ ਹੋਵੇਗਾ? ਪੰਜਾਬ ਨੂੰ? ਖੇਤੀ ਅਧਾਰਤ ਸੂਬੇ 'ਚ ਕਿਸਾਨਾਂ ਦੀ ਗਿਣਤੀ ਅਤੇ ਖੇਤਾਂ ਦੀ ਗਿਣਤੀ ਨਿੱਤ-ਦਿਹਾੜੇ ਊਣੀ ਹੋ ਰਹੀ ਹੈ। ਇਹੋ ਜਿਹੇ 'ਚ ਪੰਜਾਬ ਕਿਵੇਂ ਜੀਵੇਗਾ ਕਿਵੇਂ ਬਚੇਗਾ?

ਇਹ ਸੱਚ ਹੈ ਕਿ ਪੰਜ ਦਰਿਆਵਾਂ ਦੀ ਧਰਤੀ, ਢਾਈ ਦਰਿਆਵਾਂ ਤੱਕ ਸੀਮਤ ਹੋ ਚੁੱਕੀ ਹੈ। ਖੇਤੀ ਲਈ ਧਰਤੀ ਹੇਠਲਾ ਪਾਣੀ ਵੱਧ ਵਰਤੇ ਜਾਣ ਕਾਰਨ, ਸੂਬੇ ਦੇ 135 ਬਲਾਕਾਂ ਵਿਚੋਂ 127 ਬਲਾਕਾਂ 'ਚ ਪਾਣੀ ਹਰ ਵਰ੍ਹੇ ਨੀਵਾਂ ਉਤਰਨ ਕਾਰਨ ਧਰਤੀ ਹੇਠੋਂ ਪਾਣੀ ਮੁੱਕਣ ਦੀ ਚਿਤਾਵਨੀ ਮਿਲ ਰਹੀ ਹੈ। ਇਹੋ ਜਿਹੀ ਸਥਿਤੀ 'ਚ ਜ਼ਰਖੇਜ਼ ਪੰਜਾਬ ਦੀ ਧਰਤੀ ਕੀ ਮਾਰੂਥਲ ਨਹੀਂ ਬਣ ਜਾਏਗੀ? ਬਿਲਕੁਲ ਇਹੋ ਜਿਹੇ ਸੰਕੇਤ ਪੰਜਾਬ ਦੀ ਆਬਾਦੀ 'ਚੋਂ ਨਿਕਾਸ ਹੋਣ ਅਤੇ ਨੌਜਵਾਨਾਂ ਦੇ ਪ੍ਰਵਾਸ ਦੇ ਮਿਲ ਰਹੇ ਹਨ। ਇਹ ਪ੍ਰਵਾਸ 'ਮਨਭਾਉਂਦਾ' ਨਹੀਂ ਮਜਬੂਰੀਵੱਸ ਪ੍ਰਵਾਸ ਹੈ। ਸੂਬੇ 'ਚ ਨੌਕਰੀ ਨਹੀਂ, ਸੂਬੇ 'ਚ ਚੈਨ ਨਹੀਂ, ਸੂਬੇ 'ਚ ਸ਼ਾਂਤੀ ਨਹੀਂ, ਸੂਬੇ 'ਚ ਮਾਪਿਆਂ ਦੀ ਬੇਚੈਨੀ ਹੈ, ਨਸ਼ਾ ਅੰਤਾਂ ਦੇ ਪੈਰ ਪਸਾਰ ਬੈਠਾ ਹੈ, ਮਾਪੇ, ਆਪਣੇ ਖੇਤ, ਲਾਡਲੇ ਪੁੱਤਾਂ, ਧੀਆਂ ਖਾਤਰ ਵੇਚਣ ਲਈ ਮਜਬੂਰ ਹੋਏ ਪਏ ਹਨ। ਲੱਖਾਂ ਦਾ ਕਰਜ਼ਾ ਲੈ ਕੇ ਅਣਦਿਸਦੇ ਰਾਹਾਂ ਉਤੇ ਬੱਚਿਆਂ ਨੂੰ ਤੋਰਨ ਲਈ ਉਹ ਮਜਬੂਰ ਹਨ।

ਪੰਜਾਬ ਦੇ ਪਿੰਡਾਂ ਦਾ ਦ੍ਰਿਸ਼ ਵੇਖੋ। ਘਰਾਂ ਦੇ ਘਰ ਖਾਲੀ ਪਏ ਹਨ। ਮਕਾਨਾਂ ਨੂੰ ਜਿੰਦਰੇ ਲੱਗੇ ਹੋਏ ਹਨ। ਆਲੀਸ਼ਾਨ ਕੋਠੀਆਂ ਕਿਸੇ ਦੂਸਰੇ, ਅਜਨਬੀ ਦੇ ਹਵਾਲੇ ਕੀਤੀਆਂ ਪਈਆਂ ਹਨ। ਜ਼ਮੀਨਾਂ, ਕਿਰਾਏ 'ਤੇ ਚੜ੍ਹਾ ਕੇ ਪੰਜਾਬ ਦੇ ਵਾਸੀ ਖੇਤਾਂ ਦੇ ਮਾਲਕ ਆਪ ਕਿਰਤ ਕਰਦੇ ਵਿਦੇਸ਼ਾਂ 'ਚ ਬੈਠੇ ਹਨ। ਦੇਰ-ਸਵੇਰ ਉਨ੍ਹਾਂ ਦੇ ਮੁੜ ਪਰਤਣ ਦੀ ਉਮੀਦ ਬਹੁਤੀ ਨਹੀਂ, ਉਨ੍ਹਾਂ ਦੀ ਔਲਾਦ ਤਾਂ ਪੰਜਾਬ ਵੱਲ ਵੇਖਣ ਲਈ ਵੀ ਤਿਆਰ ਨਹੀਂ।

ਇਹੋ ਜਿਹੀਆਂ ਹਾਲਤਾਂ ਵਿੱਚ ਸੂਬੇ ਪੰਜਾਬ ਦੇ ਹਾਲਾਤ ਕਿਹੋ ਜਿਹੇ ਹਨ। ਸੂਬੇ ਦਾ ਹਰ ਵਿਅਕਤੀ ਕਰਜ਼ਾਈ ਹੈ। ਕਿਸੇ ਨੇ ਆੜ੍ਹਤੀਆਂ ਤੋਂ, ਕਿਸੇ ਨੇ ਬੈਂਕਾਂ ਤੋਂ ਲਿਮਟ ਬਣਾ ਕੇ ਕਰਜ਼ਾ ਲਿਆ ਹੋਇਆ ਹੈ ਅਤੇ ਕਰਜ਼ਾ ਲੈ ਕੇ ਖੇਤੀ ਕਰਨ ਲਈ ਕਿਸਾਨ ਮਜਬੂਰ ਹਨ। ਨਰੇਗਾ ਕਾਮਿਆਂ ਨੂੰ ਸਾਲ 'ਚ ਮਸਾਂ 100 ਦਿਨ ਦਾ ਰੁਜ਼ਗਾਰ ਮਿਲਦਾ ਹੈ। ਖੇਤ ਮਜ਼ਦੂਰ ਲੰਮਾ ਸਮਾਂ ਕਿਸਾਨਾਂ ਦੇ ਨਾਲ-ਨਾਲ ਵਿਹਲੇ ਰਹਿੰਦੇ ਹਨ। ਕਰਜ਼ਦਾਰ ਹਨ। ਸਿਤਮ ਦੀ ਗੱਲ ਵੇਖੋ ਕਿ ਪੂਰੇ ਦੇਸ਼ ਦਾ ਅੰਨ ਭੰਡਾਰ ਭਰਨ ਵਾਲੇ ਪੰਜਾਬ ਦੀ 50 ਫੀਸਦੀ ਆਬਾਦੀ ਮੁਫ਼ਤ ਰਾਸ਼ਨ ਲੈਣ ਲਈ ਮਜ਼ਬੂਰ ਹੈ। ਸੂਬੇ ਸਿਰ ਇਸ ਵੇਲੇ 3.27 ਲੱਖ ਕਰੋੜ ਰੁਪਏ ਦਾ ਕਰਜ਼ਾ ਹੈ।

ਹਰ ਸੂਬੇ ਜਾਂ ਦੇਸ਼ ਦੇ ਵਿਕਾਸ ਲਈ ਉਥੇ ਸਿੱਖਿਆ ਅਤੇ ਸਿਹਤ ਸੇਵਾਵਾਂ ਚੰਗੀਆਂ ਹੋਣੀਆਂ ਲੋੜੀਂਦੀਆਂ ਹਨ। ਪੰਜਾਬ 'ਚ ਨਿੱਤ ਨਵੇਂ ਪ੍ਰਾਜੈਕਟ ਆ ਰਹੇ ਹਨ। 2024-25 ਦੇ ਸੈਸ਼ਨ 'ਚ ਸਰਕਾਰ ਵੋਕੇਸ਼ਨਲ ਐਜੂਕੇਸ਼ਨ ਦੇ ਨਾਅ ਉਤੇ 40 ਸਕੂਲਾਂ 'ਚ ਪਾਇਲਟ ਪ੍ਰਾਜੈਕਟ ਲਿਆ ਰਹੀ ਹੈ, ਤਾਂ ਕਿ ਹੱਥੀਂ ਕਿੱਤਾ ਸਿਖਾ ਕੇ ਵਿਦਿਆਰਥੀ ਰੁਜ਼ਗਾਰਤ ਹੋ ਸਕਣ, ਪਰ ਪੰਜਾਬ ਦੇ ਸਿੱਖਿਆ ਪ੍ਰਬੰਧ ਤੇ ਹਾਲਾਤ ਬਾਰੇ ਇੱਕ ਰਿਪੋਰਟ ਛਪੀ ਹੈ, ਜਿਸ ਵਿੱਚ ਪੰਜਾਬ ਦੇ 11000 ਬੱਚਿਆਂ ਦਾ ਮੁਲਾਂਕਣ ਕੀਤਾ ਗਿਆ। ਇਨ੍ਹਾਂ ਸਰਕਾਰੀ ਸਕੂਲਾਂ 'ਚ ਪੜ੍ਹਨ ਵਾਲੇ ਬੱਚਿਆਂ 'ਚੋਂ 39 ਫੀਸਦੀ ਹੀ ਪੰਜਾਬੀ 'ਚ ਲਿਖੀ ਕਹਾਣੀ ਪੜ੍ਹ ਪਾਉਂਦੇ ਹਨ। 4 ਫੀਸਦੀ ਨੂੰ ਅੱਖਰਾਂ ਦੀ ਪਹਿਚਾਣ ਨਹੀਂ। ਦੋ ਫੀਸਦੀ ਬੱਚੇ ਗਣਿਤ ਦੇ ਬਾਰੇ ਹੀ ਨਹੀਂ ਜਾਣਦੇ। ਇਸ ਤੋਂ ਵੀ ਹੈਰਾਨੀ ਦੀ ਗੱਲ ਇਹ ਹੈ ਕਿ ਪੰਜਾਬ 'ਚ 13 ਫੀਸਦੀ ਸਕੂਲ ਇਹੋ ਜਿਹੇ ਹਨ, ਜਿਥੇ ਪ੍ਰਾਇਮਰੀ ਸਕੂਲ 'ਚ ਪੜ੍ਹਨ ਵਾਲੇ ਪਹਿਲੀ ਤੋਂ ਪੰਜਵੀਂ ਜਮਾਤ ਦੇ ਬੱਚਿਆਂ ਲਈ ਇੱਕ ਅਧਿਆਪਕ ਹੈ।

ਅਸਲ 'ਚ ਪੰਜਾਬ ਨੂੰ ਸਿਰਫ ਆਰਥਕ ਮਰੋੜਾ ਹੀ ਨਹੀਂ ਚਾੜ੍ਹਿਆ ਗਿਆ, ਇਸ ਦੇ ਵਸ਼ਿੰਦਿਆਂ ਦੀ ਸਿਹਤ ਨਾਲ ਖਿਲਵਾੜ ਕਰਨ ਲਈ ਨਸ਼ਿਆਂ ਦੇ ਦਰਿਆ ਵਹਾਅ ਦਿੱਤੇ ਗਏ। ਸਿੱਖਿਆ ਤੋਂ ਵਿਰਵੇ ਰੱਖਣ ਲਈ ਸਕੂਲਾਂ 'ਚ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਵੀ ਮੁਹੱਈਆ ਨਹੀਂ ਹੋਈਆਂ। ਸਿੱਟਾ ਨੌਜਵਾਨਾਂ 'ਚ ਵਧ ਰਹੀ ਸਿਹਤ ਤੇ ਸਿੱਖਿਆ ਪੱਖੋਂ ਘਾਟ ਸੂਬੇ ਦੇ ਨਿਘਰ ਦਾ ਕਾਰਨ ਬਣਦੀ ਗਈ ਹੈ।

ਇਸ ਸਥਿਤੀ 'ਤੇ ਕਾਬੂ ਪਾਉਣ ਲਈ ਖੇਤੀ ਅਧਾਰਤ ਫੂਡ ਪ੍ਰੋਸੈਸਿੰਗ ਛੋਟੇ ਉਦਯੋਗ, ਲਘੂ ਉਦਯੋਗ ਲਾਉਣ ਦੀ ਲੋੜ ਸੀ, ਪਰ ਪੰਜਾਬ ਦੇ ਸਿਆਸਤਦਾਨਾਂ, ਨੀਤੀਵਾਨਾਂ ਨੂੰ ਤਾਂ ਆਪਣੀ ਕੁਰਸੀ ਬਚਾਉਣ ਅਤੇ ਕੁਰਸੀ ਖੋਹਣ ਤੋਂ ਹੀ ਵਿਹਲ ਨਹੀਂ ਮਿਲੀ। ਕਿੰਨੇ ਕੁ ਨੇਤਾ ਨੇ ਪੰਜਾਬ 'ਚ ਜਿਹੜੇ ਸਿਰਫ਼ ਪੰਜਾਬ ਦੇ ਭਲੇ ਹਿੱਤ ਵਿਕਦੇ ਜਾ ਰਹੇ ਕਰਜ਼ਾਈ ਪੰਜਾਬ ਨੂੰ, ਥਾਂ ਸਿਰ ਕਰਨ ਲਈ ਫਿਕਰਮੰਦ ਹਨ। ਪੰਜਾਬ ਹਿਤੈਸ਼ੀ ਕਿੰਨੇ ਕੁ ਬੁੱਧੀਜੀਵੀ ਹਨ, ਲੇਖਕ ਹਨ, ਚਿੰਤਕ ਹਨ, ਸਮਾਜੀ ਕਾਰਕੁਨ ਹਨ, ਜਿਹੜੇ ਤਿਲ-ਤਿਲ ਮਰਦੇ ਜਾ ਰਹੇ, ਪੰਜਾਬ ਨੂੰ ਥਾਂ ਸਿਰ ਕਰਨ ਲਈ ਤਤਪਰ ਹਨ ਜਾਂ ਅੱਗੇ ਆ ਰਹੇ ਹਨ। ਮਾਯੂਸੀ ਹੁੰਦੀ ਹੈ, ਉਦੋਂ ਜਦੋਂ ਕੋਈ ਪੰਜਾਬ 'ਚ ਹਾਅ ਦਾ ਨਾਹਰਾ ਜੇਕਰ ਕੋਈ ਮਾਰਦਾ ਹੈ, ਪਰ ਦੂਜੇ ਉਸ ਨੂੰ ਸਹੀ ਸਮਝਦਿਆਂ ਵੀ ਇੱਕ ਪਲੇਟਫਾਰਮ 'ਤੇ ਇਕੱਠੇ ਨਹੀਂ ਹੋ ਰਹੇ।

ਅੱਜ ਦਸ ਖੇਤਾਂ ਦਾ ਮਾਲਕ ਵੀ ਪੰਜਾਬ 'ਚ ਕੰਗਾਲ ਹੈ। ਅੱਜ ਮਜ਼ਦੂਰ ਵੀ ਸਹੀ ਉਜਰਤ ਪ੍ਰਾਪਤ ਨਹੀਂ ਕਰਦਾ। ਅੱਜ ਪੰਜਾਬ ਦੇ ਮੱਧ ਵਰਗੀ ਪਰਵਾਰ ਵੀ ਕਰਜ਼ੇ ਹੇਠ ਜਿਊ ਰਹੇ ਹਨ। ਅੰਕੜੇ ਵੱਡੇ ਹਨ।

ਸਰਕਾਰੀ ਅੰਕੜੇ ਤਾਂ ਕਹਿੰਦੇ ਹਨ ਕਿ ਪੰਜਾਬ ਦਾ ਕਿਸਾਨ ਮੁਫ਼ਤ ਬਿਜਲੀ ਲੈ ਰਿਹਾ ਹੈ। ਸਬਸਿਡੀ ਲੈ ਰਿਹਾ ਹੈ ਖਾਦਾਂ ਤੇ ਬੀਜਾਂ 'ਤੇ ਅਤੇ ਖੁਸ਼ਹਾਲ ਹੈ। ਤਾਂ ਫਿਰ ਉਹ ਸ਼ਤੀਰਾਂ ਨੂੰ ਜੱਫੇ ਕਿਉਂ ਪਾ ਰਿਹਾ। ਸੂਬੇ ਦੇ 90 ਫੀਸਦੀ ਛੋਟੇ ਕਿਸਾਨ ਕਰਜ਼ਾਈ ਹਨ।

ਪੰਜਾਬ ਖੁਰ ਰਿਹਾ ਹੈ। ਨੈਤਿਕ ਤੌਰ 'ਤੇ ਕਮਜ਼ੋਰ ਹੋ ਰਿਹਾ ਹੈ। ਪੰਜਾਬ ਦਾ ਬਰੇਨ ਪ

5-FEB-PAGE-5.qxd 2/4/2024 9:54 PM Page 1

ਨਕਾਬਪੋਸ਼ਾਂ ਨੇ ਹਥਿਆਰਾਂ ਦੀ ਨੋਕ 'ਤੇ ਘਰ 'ਚੋਂ 30 ਲੱਖ ਰੁਪਏ ਲੁੱਟੇ

ਘੱਗਾ ਵਿਖੇ ਬਜ਼ਾਰ 'ਚ ਜੁੜਿਆ ਇਕੱਠ ਤੇ ਜਾਂਚ ਦੇ ਕੰਮ ਵਿੱਚ ਜੁਟੀ ਫੋਰੈਂਸਿਕ ਟੀਮ।

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਕਸਬਾ ਘੱਗਾ ਵਿੱਚ ਬੀਤੀ ਰਾਤ ਨਕਾਬਪੋਸ਼ ਲੁਟੇਰਿਆਂ ਵੱਲੋਂ ਇੱਕ ਘਰ ਵਿੱਚ ਵੜ ਕੇ ਪਰਿਵਾਰਕ ਮੈਂਬਰਾਂ ਨੂੰ ਬੰਦੀ ਬਣਾ ਕੇ 30 ਲੱਖ ਰੁਪਏ ਤੋਂ ਵੱਧ ਦੀ ਨਕਦੀ ਲੁੱਟ ਲਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਦਾ ਪਤਾ ਲੱਗਦਿਆਂ ਹੀ ਘੱਗਾ ਪੁਲਸ ਵੱਲੋਂ ਮੌਕੇ ਉੱਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈਂਦਿਆਂ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਸ਼ੁਰੂ ਕਰ ਦਿੱਤੀ। ਪੁਲਸ ਵੱਲੋਂ ਫਰਾਂਸਿਕ ਟੀਮਾਂ ਨੂੰ ਮੌਕੇ ਉੱਤੇ ਬੁਲਾ ਕੇ ਵਾਰਦਾਤ ਨੂੰ ਅੰਜਾਮ ਦੇਣ ਵਾਲਿਆਂ ਖਿਲਾਫ ਸਬੂਤ ਇਕੱਤਰ ਕੀਤੇ ਜਾ ਰਹੇ ਹਨ। ਘਟਨਾ ਨੂੰ ਲੈ ਕੇ ਸ਼ਹਿਰ ਵਾਸੀਆਂ ਵੱਲੋਂ ਰੋਸ ਵਜੋਂ ਘੱਗਾ ਦੇ ਬਾਜ਼ਾਰ ਬੰਦ ਰੱਖ ਕੇ ਰੋਹ ਦਾ ਪ੍ਰਗਟਾਵਾ ਕੀਤਾ ਗਿਆ।

ਜਾਣਕਾਰੀ ਦਿੰਦਿਆਂ ਸਕੂਲ ਰੋਡ ਘੱਗਾ ਵਾਸੀ ਸੰਜੀਵ ਕੁਮਾਰ ਨੇ ਦੱਸਿਆ ਕਿ ਉਹ ਘੱਗਾ ਵਿਖੇ ਕਰਿਆਨੇ ਦੀ ਦੁਕਾਨ ਕਰਦਾ ਹੈ ਤੇ ਦੁਕਾਨ ਦੇ ਉੱਪਰ ਹੀ ਉਸ ਦਾ ਘਰ ਹੈ, ਬੀਤੀ ਰਾਤ ਕਰੀਬ 2 ਵਜੇ ਸਾਡੇ ਕਮਰੇ ਦੀ ਖਿੜਕੀ ਉਤੇ ਕਿਸੇ ਨੇ ਕੁੱਝ ਮਾਰਿਆ, ਜਿਸ ਨਾਲ ਹੋਏ ਖੜਕੇ ਦੀ ਅਵਾਜ਼ ਸੁਣ ਕੇ ਉਹ ਘਰ ਦਾ ਦਰਵਾਜ਼ਾ ਖੋਲ੍ਹ ਕੇ ਦੇਖਣ ਲੱਗਾ ਤਾਂ ਬਾਹਰ ਖੜੇ ਤਿੰਨ ਵਿਅਕਤੀ ਜਬਰੀ ਘਰ ਅੰਦਰ ਆ ਵੜੇ, ਜਦੋਂ ਰੌਲਾ ਪਾਉਣਾ ਚਾਹਿਆ ਤਾਂ ਨਕਾਬਪੋਸ਼ਾਂ ਨੇ ਪਰਿਵਾਰ ਨੂੰ ਹਥਿਆਰ ਨਾਲ ਡਰਾ ਕੇ ਚੁੱਪ ਕਰਵਾ ਦਿੱਤਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨਕਾਬਪੋਸ਼ ਵਿਅਕਤੀਆਂ ਨੇ ਉਸ ਕੋਲੋਂ ਢਾਈ ਲੱਖ ਤੇ ਜਬਰੀ ਚਾਬੀ ਲੈ ਕੇ ਅਲਮਾਰੀ ਵਿੱਚ ਬੈਗ ਅੰਦਰ ਰੱਖੇ ਹੋਏ ਹੋਏ ਸਾਰੇ ਰੁਪਿਆਂ ਸਮੇਤ 30 ਲੱਖ ਦੇ ਕਰੀਬ ਰੁਪਏ ਲੈ ਕੇ ਉਸ ਨੂੰ ਅਤੇ ਉਸ ਦੀ ਪਤਨੀ ਨੂੰ ਬੰਨ੍ਹ ਕੇ ਚਲੇ ਗਏ। ਸੰਜੀਵ ਕੁਮਾਰ ਦੀ ਪਤਨੀ ਸੁਨੀਤਾ ਨੇ ਦੱਸਿਆ ਕਿ ਐਕਸੀਡੈਂਟ ਹੋਣ ਕਾਰਨ ਉਸਦਾ ਭਤੀਜਾ ਸਾਲ ਭਰ ਤੋਂ ਮੋਹਾਲੀ ਮਿੰਨੀ ਪੀਜੀਆਈ ਵਿੱਚ ਹੈ ਤੇ ਉਸ ਨੂੰ ਹੁਣ ਇਲਾਜ ਲਈ ਦਿੱਲੀ ਦੇ ਹਸਪਤਾਲ ਵਿੱਚ ਲੈ ਕੇ ਜਾਣਾ ਸੀ, ਜਿਸ ਲਈ ਰਿਸ਼ਤੇਦਾਰਾਂ ਤੇ ਜਾਣ ਪਹਿਚਾਣ ਵਾਲਿਆਂ ਤੋਂ ਰੁਪਏ ਇਕੱਠੇ ਕੀਤੇ ਸਨ, ਜਿਨ੍ਹਾਂ ਨੂੰ ਇਹ ਲੁਟੇਰੇ ਰਾਤ ਸਮੇਂ ਲੁੱਟ ਕੇ ਲੈ ਗਏ ਹਨ।

ਇਸ ਦੌਰਾਨ ਵਪਾਰੀ ਆਗੂ ਜਤਿੰਦਰ ਮੈਣੀ ਨੇ ਦੱਸਿਆ ਕਿ ਲੁੱਟ ਦੀ ਵਾਰਦਾਤ ਕਾਰਨ ਸਾਰੇ ਕਸਬੇ ਵਿੱਚ ਸਹਿਮ ਦਾ ਮਾਹੌਲ ਹੈ ਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਨ ਲਈ ਸਾਰੇ ਦੁਕਾਨਦਾਰਾਂ ਵੱਲੋਂ ਦੁਕਾਨਾਂ ਬੰਦ ਕੀਤੀਆਂ ਹੋਈਆਂ ਹਨ। ਉਨ੍ਹਾਂ ਮੰਗ ਕੀਤੀ ਕਿ ਲੁਟੇਰਿਆਂ ਨੂੰ ਕਾਬੂ ਕਰਕੇ ਲੁੱਟੀ ਹੋਈ ਰਾਸ਼ੀ ਬਰਾਮਦ ਕਰਵਾਈ ਜਾਵੇ। ਵਾਰਦਾਤ ਸਬੰਧੀ ਡੀ ਐੱਸ ਪੀ ਪਾਤੜਾਂ ਦਲਜੀਤ ਸਿੰਘ ਵਿਰਕ ਨਾਲ ਗੱਲ ਕਰਨ 'ਤੇ ਉਨ੍ਹਾਂ ਕਿਹਾ ਕਿ ਇਹ ਵਾਰਦਾਤ ਕਰਨ ਵਾਲਿਆਂ ਨੂੰ ਕਾਬੂ ਕਰਨ ਲਈ ਸੀਆਈਏ ਤੇ ਹੋਰ ਟੀਮਾਂ ਹਰ ਤਰ੍ਹਾਂ ਦੀ ਪੜਤਾਲ ਕਰਨ ਵਿੱਚ ਲੱਗੀਆਂ ਹੋਈਆਂ ਹਨ ਅਤੇ ਛੇਤੀ ਹੀ ਇਨ੍ਹਾਂ ਨੂੰ ਕਾਬੂ ਕਰ ਲਿਆ ਜਾਵੇਗਾ।

ਰੇਲਵੇ ਲਾਈਨ 'ਤੇ ਅਣਪਛਾਤੀ ਲਾਸ਼ ਮਿਲੀ

ਮੱਖੂ (ਰਛਪਾਲ ਸਿੰਘ ਸੰਧੂ)-ਬਲਾਕ ਮਖੂ ਦੇ ਪਿੰਡ ਅਮੀਵਾਲਾ ਦੇ ਨਜ਼ਦੀਕ ਰੇਲਵੇ ਲੈਣ 'ਤੇ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ। ਰੇਲਵੇ ਪੁਲਸ ਚੌਕੀ ਇੰਚਾਰਜ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਅਣਪਛਾਤੇ ਮ੍ਰਿਤਕ ਵਿਅਕਤੀ ਦੀ ਉਮਰ 30-35 ਸਾਲ ਦੇ ਕਰੀਬ ਹੈ, ਬਰਾਊਨ ਰੰਗ ਦੀ ਜੈਕਟ ਪਾਈ ਹੋਈ ਹੈ ਤੇ ਸਿਰ ਵਿੱਚ ਸੱਟਾਂ ਦੇ ਨਿਸ਼ਾਨ ਹਨ। ਇਸ ਅਣਪਛਾਤੇ ਮ੍ਰਿਤਕ ਵਿਅਕਤੀ ਦੀ ਲਾਸ਼ 72 ਘੰਟਿਆਂ ਲਈ ਸਿਵਲ ਹਸਪਤਾਲ ਜ਼ੀਰਾ ਦੀ ਮੋਰਚਰੀ ਵਿੱਚ ਰੱਖ ਦਿੱਤੀ ਗਈ ਹੈ। ਜੇਕਰ ਇਸ ਸਬੰਧੀ ਕਿਸੇ ਨੂੰ ਜਾਣਕਾਰੀ ਪ੍ਰਾਪਤ ਹੋਵੇ ਤਾਂ ਉਹ ਗੁਰਮੀਤ ਸਿੰਘ ਇੰਚਾਰਜ ਰੇਲਵੇ ਪੁਲਸ ਚੌਕੀ ਮਖੂ ਜਾਂ ਏਐੱਸਆਈ ਗੁਰਨਾਮ ਸਿੰਘ ਨਾਲ ਸੰਪਰਕ ਕਰ ਸਕਦਾ ਹੈ।

ਸੜਕ ਹਾਦਸੇ ਦੌਰਾਨ ਪਿਓ-ਪੁੱਤਰ ਦੀ ਮੌਤ

ਮੂਨਕ (ਰਾਜਪਾਲ ਸਿੰਗਲਾ)-ਨਜ਼ਦੀਕ ਪੈਂਦੇ ਪਿੰਡ ਸੇਲ ਵਾਲਾ ਦੇ ਕੋਲ ਇੱਕ ਮੋਟਰਸਾਈਕਲ ਸਵਾਰ ਪਿਓ ਪੁੱਤਰ ਨੂੰ ਪਿੱਛੋਂ ਆ ਰਹੀ ਤੇਜ਼ ਰਫਤਾਰ ਕਾਰ ਨੇ ਜਬਰਦਸਤ ਮਾਰੀ, ਜਿਸ ਕਾਰਨ ਮੌਕੇ 'ਤੇ ਮੌਤ ਹੋ ਗਈ। ਇਸ ਸਬੰਧੀ ਜਦੋਂ ਮ੍ਰਿਤਕ ਦੇ ਵਾਰਿਸ ਗੁਰਧਿਆਨ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਨੇ ਕਿਹਾ ਕਿ ਉਸ ਦੇ ਪਿਤਾ ਲਾਲ ਸਿੰਘ ਪੁੱਤਰ ਮੁਖਤਿਆਰ ਸਿੰਘ ਉਮਰ 50 ਸਾਲ ਪਿੰਡ ਮੌਲਵੀ ਵਾਲਾ ਅਤੇ ਉਸ ਦਾ ਭਰਾ ਗੁਰਸੇਵਕ ਸਿੰਘ ਪੁੱਤਰ ਲਾਲ ਸਿੰਘ (28) ਪਿੰਡ ਮੌਲਵੀਵਾਲਾ ਦੋਨੇ ਸਵੇਰੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਘਰੇਲੂ ਕੰਮ ਦੇ ਲਈ ਜਾਖਲ ਵੱਲ ਨੂੰ ਜਾ ਰਹੇ ਸਨ। ਮਿਲੀ ਸੂਚਨਾ ਦੇ ਅਨੁਸਾਰ ਅਚਾਨਕ ਪਿੰਡ ਬਾਦਲਗੜ੍ਹ ਦੇ ਕੋਲ ਕਿਸੇ ਅਣਪਛਾਤੀ ਤੇਜ਼ ਰਫਤਾਰ ਕਾਰ ਨੇ ਇੰਨੀ ਜ਼ਬਰਦਸਤ ਟੱਕਰ ਮਾਰੀ, ਜਿਸ ਨਾਲ ਇਨ੍ਹਾਂ ਦੀ ਮੌਕੇ 'ਤੇ ਮੌਤ ਹੋ ਗਈ।

ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਕਨਵੈਨਸ਼ਨ ਭਲਕੇ, ਤਿਆਰੀਆਂ ਮੁਕੰਮਲ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ, ਲੁੱਟਾਂ-ਖੋਹਾਂ, ਠੇਕੇਦਾਰੀ ਪ੍ਰਥਾ ਰਾਹੀਂ ਮਜ਼ਦੂਰਾਂ ਦੀ ਹੋ ਰਹੀ ਲੁੱਟ, ਔਰਤਾਂ 'ਤੇ ਜ਼ੁਲਮਾਂ ਨੂੰ ਰੋਕਣ ਲਈ ਅਤੇ ਦੇਸ਼ ਦੀਆਂ 10 ਟਰੇਡ ਯੂਨੀਅਨਾਂ ਕਨਫੈਡਰੇਸ਼ਨਾਂ ਆਫ ਸੈਂਟਰਲ ਗੌਰਮਿੰਟ ਤੇ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੀ ਸਾਂਝੇ ਤੌਰ 'ਤੇ 16 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਦਾ ਸਮਰਥਨ ਕਰਨ ਲਈ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਫਿਰੋਜ਼ਪੁਰ ਵੱਲੋਂ 6 ਫਰਵਰੀ ਨੂੰ ਵਿਸ਼ਾਲ ਕਨਵੈਨਸ਼ਨ ਕੀਤੀ ਜਾ ਰਹੀ।ਕਨਵੈਨਸ਼ਨ ਦੀ ਤਿਆਰੀ ਲਈ ਇੱਕ ਮੀਟਿੰਗ ਜ਼ਿਲ੍ਹਾ ਕਨਵੀਨਰਜ਼ ਸੁਰਿੰਦਰ ਸਿੰਘ ਤੇ ਕਿਸ਼ਨ ਚੰਦ ਜਾਗੋਵਾਲੀਆ ਦੀ ਅਗਵਾਈ ਹੇਠ ਨਾਰਦਰਨ ਰੇਲਵੇ ਮੈਨਜ਼ ਯੂਨੀਅਨ ਦਫਤਰ ਫਿਰੋਜ਼ਪੁਰ ਵਿਖੇ ਹੋਈ।ਮੀਟਿੰਗ ਵਿੱਚ ਕੇਂਦਰ ਤੇ ਰਾਜ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੀਆਂ ਜਥੇਬੰਦੀਆਂ ਮਜ਼ਦੂਰਾਂ, ਨੌਜਵਾਨਾਂ, ਆਟੋ ਰਿਕਸ਼ਾ, ਪੱਲੇਦਾਰ ਯੂਨੀਅਨ, ਕਿਸਾਨ ਯੂਨੀਅਨ ਦੇ ਆਗੂ ਸ਼ਾਮਲ ਹੋਏ।ਬੁਲਾਰਿਆਂ ਨੇ ਕਿਹਾ ਕਿ ਅੰਤਰਰਾਸ਼ਟਰੀ ਮੁਦਰਾਫੰਡ ਤੇ ਵਰਲਡ ਬੈਂਕ ਦੇ ਦਬਾਅ ਹੇਠ 1996 ਤੋਂ ਲਾਗੂ ਕੀਤੀਆਂ ਨਵ-ਉਦਾਰਵਾਦੀ ਨੀਤੀਆਂ ਨੇ ਪਬਲਿਕ ਸੈਕਟਰ ਨੂੰ ਅੱਖੋਂ ਪਰੋਖੇ ਕਰ ਦਿੱਤਾ ਹੈ, ਪਬਲਿਕ ਸੈਕਟਰ ਤੇ ਉਸ ਦੀ ਵਿੱਤੀ ਸੰਪਤੀ ਦੇਸ਼ ਦੀ ਦੌਲਤ ਹੈ ਉਸ ਦਾ ਪਸਾਰ ਕਰਨ ਦੀ ਬਜਾਏ ਉਸ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ, ਦੇਸ਼ ਭਰ ਵਿੱਚ ਬੇਰੁਜ਼ਗਾਰੀ ਸਿਖਰਾਂ ਨੂੰ ਛੂ ਰਹੀ ਹੈ, ਲੱਖਾਂ ਪੜ੍ਹੇ ਲਿਖੇ ਨੌਜਵਾਨ ਹੱਥਾਂ ਵਿੱਚ ਡਿਗਰੀਆਂ ਲੈ ਕੇ ਘੁੰਮ ਰਹੇ ਹਨ, ਮਹਿੰਗਾਈ ਚਰਮ ਸੀਮਾ 'ਤੇ ਪਹੁੰਚ ਚੁੱਕੀ ਹੈ, ਜਿਸ ਨੇ ਹਰੇਕ ਵਰਗ ਨੂੰ ਪ੍ਰਭਾਵਿਤ ਕੀਤਾ ਹੈ।ਨਵੀਂ ਪੈਨਸ਼ਨ ਸਕੀਮ ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਨਹੀਂ ਕੀਤੀ ਜਾ ਰਹੀ, ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਛੇਵੇਂ ਪੇ ਕਮਿਸ਼ਨ ਦਾ ਬਕਾਇਆ ਤੇ ਮਹਿਗਾਈ ਭੱਤੇ ਦਾ ਬਕਾਇਆ ਨਹੀਂ ਦਿੱਤਾ ਜਾ ਰਿਹਾ, 40 ਕਿਰਤ ਕਨੂੰਨਾਂ ਨੂੰ ਚਾਰ ਕੋਡਾਂ ਵਿੱਚ ਬਦਲ ਦਿੱਤਾ ਗਿਆ ਹੈ, ਮਜ਼ਦੂਰਾਂ ਕੋਲੋਂ 12 ਘੰਟੇ ਕੰਮ ਲਿਆ ਜਾ ਰਿਹਾ ਹੈ, ਨਵਾਂ ਕਾਨੂੰਨ ਬਣਾ ਕੇ ਡਰਾਈਵਰਾਂ ਤੇ ਥੋਪਿਆ ਜਾ ਰਿਹਾ ਹੈ, ਹਰੇਕ ਫ਼ਸਲ ਤੇ ਐੱਮ ਐੱਸ ਪੀ ਲਾਗੂ ਨਹੀਂ ਕੀਤੀ ਜਾ ਰਹੀ ਆਦਿ ਮੰਗਾਂ 'ਤੇ ਵਿਚਾਰ ਕਰਨ ਲਈ ਤੇ 16 ਫਰਵਰੀ ਦੀ ਹੜਤਾਲ ਦੀ ਤਿਆਰੀ ਲਈ 6 ਫਰਵਰੀ ਨੂੰ ਨਾਰਦਰਨ ਰੇਲਵੇ ਮੈਨਜ਼ ਯੂਨੀਅਨ ਦਫਤਰ ਫਿਰੋਜ਼ਪੁਰ ਦੇ ਨੇੜੇ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਫਿਰੋਜ਼ਪੁਰ ਵੱਲੋਂ ਇੱਕ ਵਿਸ਼ਾਲ ਕਨਵੈਨਸ਼ਨ ਕੀਤੀ ਜਾ ਰਹੀ ਹੈ, ਜਿਸ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ।ਆਗੂਆਂ ਨੇ ਸਮੂਹ ਜਨਤਕ ਜਥੇਬੰਦੀਆਂ ਨੂੰ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਮੀਟਿੰਗ ਵਿੱਚ ਸੁਰਿੰਦਰ ਸਿੰਘ, ਕਿਸ਼ਨ ਚੰਦ ਜਾਗੋਵਾਲੀਆ ਨੂੰ ਕਨਵੀਨਰ, ਸੁਭਾਸ਼ ਸ਼ਰਮਾ ਨੂੰ ਚੇਅਰਮੈਨ-ਕਮ-ਕੋਆਰਡੀਨੇਟਰ ਤੇ ਮਹਿੰਦਰ ਸਿੰਘ ਧਾਲੀਵਾਲ ਨੂੰ ਖਜ਼ਾਨਚੀ ਤੋਂ ਇਲਾਵਾ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦਾ ਵਿਸਥਾਰ ਕਰਕੇ 29 ਕੋ-ਕਨਵੀਨਰ ਚੁਣੇ ਗਏ।

ਇਸ ਸਮੇਂ ਮੀਟਿੰਗ ਵਿੱਚ ਪ੍ਰਦੀਪ ਧਵਨ, ਤਰਲੋਕ ਸਿੰਘ, ਗੁਰਦੇਵ ਸਿੰਘ ਸਿੱਧੂ, ਬਲਕਾਰ ਸਿੰਘ ਮਾੜੀਮੇਘਾ, ਡਾਕਟਰ ਪ੍ਰਦੀਪ ਰਾਣਾ, ਇੰਜ. ਜਗਦੀਪ ਮਾਂਗਟ ਬਲਦੇਵ ਸਿੰਘ, ਗੁਰਜਿੰਦਰ ਸਿੰਘ, ਤਰਸੇਮ ਲਾਲ ਬੇਦੀ, ਬਲਵੀਰ ਸਿੰਘ ਗੋਖੀਵਾਲਾ, ਮੇਹਰ ਸਿੰਘ, ਦਲਜੀਤ ਸਿੰਘ ਯਾਰੇਸ਼ਾਹ ਵਾਲਾ, ਆਰਸੀ ਮਹਿਤਾ, ਪਦਮ ਕੁਮਾਰ, ਮੇਹਰ ਸਿੰਘ, ਜਗਤਾਰ ਸਿੰਘ, ਸਤਪਾਲ, ਪਾਲਾ ਸਿੰਘ, ਗੁਰਮੀਤ ਸਿੰਘ ਔਲਖ, ਪ੍ਰਤਾਪ ਸਿੰਘ ਢਿੱਲੋਂ, ਹਰੀ ਕ੍ਰਿਸ਼ਨ, ਪ੍ਰਲਾਦ ਭਗਤ, ਰਮੇਸ਼ ਕੁਮਾਰ ਭੱਟੀ, ਬੂਟਾ ਸਿੰਘ, ਚੰਦਰ ਮੋਹਨ, ਨੂਰਜੋਤ ਮਾਂਗਟ, ਬਲਬੀਰ ਸਿੰਘ ਕੰਬੋਜ਼, ਰਮੇਸ਼ ਕੁਮਾਰ ਆਦਿ ਮੀਟਿੰਗ ਵਿੱਚ ਹਾਜ਼ਰ ਸਨ।

ਕਾਤਰਾਂ

ਪ੍ਰੇਮਿਕਾ ਦਾ ਕਤਲ ਕਰਕੇ ਥਾਣੇ ਪੁੱਜਾ

ਸਿਰਸਾ (ਸੁਰਿੰਦਰ ਪਾਲ ਸਿੰਘ)-ਸਿਰਸਾ ਦੇ ਇਕ ਨੌਜਵਾਨ ਨੇ ਆਪਣੀ ਪ੍ਰੇਮਿਕਾ ਦਾ ਚਾਕੂ ਮਾਰ ਕੇ ਕਤਲ ਕਰਨ ਤੋਂ ਬਾਅਦ ਖ਼ੁਦ ਨੂੰ ਪੁਲਸ ਹਵਾਲੇ ਕਰ ਦਿੱਤਾ।ਨੌਜਵਾਨ ਨੇ ਪੁਲਸ ਨੂੰ ਦੱਸਿਆ ਕਿ ਉਸ ਨੇ ਆਪਣੀ ਪ੍ਰੇਮਿਕਾ ਦੇ ਚਰਿੱਤਰ 'ਤੇ ਸ਼ੱਕ ਹੋਣ ਕਾਰਨ ਉਸ 'ਤੇ ਚਾਕੂ ਦੇ ਕਈ ਵਾਰ ਕੀਤੇ। ਮ੍ਰਿਤਕ ਔਰਤ ਵਿਧਵਾ ਸੀ ਤੇ ਇੱਕ ਬੱਚੇ ਦੀ ਮਾਂ ਵੀ ਸੀ। ਚਾਕੂ ਨਾਲ ਹਮਲਾ ਕਰਨ ਤੋਂ ਬਾਅਦ ਨੌਜਵਾਨ ਨੂੰ ਲੱਗਾ ਕਿ ਉਸ ਨੇ ਗਲਤ ਕੀਤਾ ਹੈ ਤੇ ਉਹ ਆਪਣੀ ਪ੍ਰੇਮਿਕਾ ਨੂੰ ਮੋਟਰਸਾਈਕਲ 'ਤੇ ਬਿਠਾ ਕੇ ਇਲਾਜ ਲਈ ਸਿਵਲ ਹਸਪਤਾਲ ਲੈ ਗਿਆ, ਜਿੱਥੇ ਡਾਕਟਰਾਂ ਨੇ ਉਸ ਦੀ ਪ੍ਰੇਮਿਕਾ ਨੂੰ ਮ੍ਰਿਤਕ ਐਲਾਨ ਦਿੱਤਾ।ਪੁਲਸ ਦੀ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਦੋਵੇਂ ਇਕ ਕਾਸਮੈਟਿਕ ਦੀ ਦੁਕਾਨ 'ਤੇ ਇਕੱਠੇ ਕੰਮ ਕਰਦੇ ਸਨ ਤੇ ਇੱਥੋਂ ਹੀ ਦੋਵਾਂ ਵਿਚਾਲੇ ਪ੍ਰੇਮ ਸਬੰਧਾਂ ਦੀ ਸ਼ੁਰੂਆਤ ਹੋਈ।ਸੂਤਰਾਂ ਮੁਤਾਬਕ ਜਦੋਂ ਉਸ ਪ੍ਰੇਮੀ ਕੋਲੋਂ ਉਸ ਦੀ ਪ੍ਰੇਮਿਕਾ ਦਾ ਕਤਲ ਹੋ ਗਿਆ ਤਾਂ ਉਸ ਨੇ ਫਰਾਰ ਹੋਣ ਦੀ ਬਜਾਏ ਸਿੱਧਾ ਪੁਲਸ ਕੋਲ ਜਾ ਕੇ ਆਤਮ ਸਮਰਪਣ ਕਰ ਦਿੱਤਾ।ਇਸ ਮਗਰੋਂ ਥਾਣਾ ਸਿਵਲ ਲਾਈਨ ਦੀ ਪੁਲਸ ਨੇ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ।

ਚੋਰੀ ਦੀ ਜਿੰਨ ਕਾਰ ਸਮੇਤ ਗ੍ਰਿਫਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਕੁੱਲਗੜ੍ਹੀ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੀ ਇਕ ਜਿੰਨ ਕਾਰ ਸਮੇਤ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਇਕ ਬਾਏ ਵਿਅਕਤੀ ਤੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਬਲਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਸ਼ਹੀਦ ਭਗਤ ਸਿੰਘ ਕਾਲਜ ਫਿਰੋਜ਼ਪੁਰ ਮੋਗਾ ਰੋਡ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ 1 ਫਰਵਰੀ 2024 ਨੂੰ ਕਰੀਬ 12 ਪੀਐੱਮ 'ਤੇ ਗਰੀਬਨ ਫੀਲਡ ਪੈਲੇਸੇ ਦੇ ਸਾਹਮਣੇ ਪੈਟਰੋਲ ਪੰਪ ਤੋਂ ਜਿੰਨ ਗਿੱਲ ਚੋਰੀ ਹੋਈ ਸੀ, ਉਹ ਗੱਡੀ ਦੋਸ਼ੀਆਨ ਹਰਜਿੰਦਰ ਸਿੰਘ ਉਰਫ ਸੋਨੂੰ ਪੁੱਤਰ ਗੁਰਮੀਤ ਸਿੰਘ ਵਾਸੀ ਗਣੇਸ਼ ਕਾਲੋਨੀ ਮੱਲਾਂਵਾਲਾ ਰੋਡ ਸਿਟੀ ਫਿਰੋਜ਼ਪੁਰ, ਉਦੇ ਉਰਫ ਗੋਰਾ ਵਾਸੀ ਪਿੰਡ ਬੁੱਕਣ ਖਾਂ ਵਾਲਾ ਤੇ ਇੱਕ ਅਣਪਛਾਤੇ ਵਿਅਕਤੀ ਨੇ ਚੋਰੀ ਕੀਤੀ ਸੀ ਤੇ ਇਹ ਗੱਡੀ ਦੋਸ਼ੀਆਨ ਦਾਣਾ ਮੰਡੀ ਫਿਰੋਜ਼ਪੁਰ ਫਰੀਦਕੋਟ ਰੋਡ ਵਿੱਚ ਖੜੇ ਕਿਸੇ ਗਾਹਕ ਨੂੰ ਗੱਡੀ ਵੇਚਣ ਦੀ ਤਾਕ ਵਿੱਚ ਹਨ, ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦੇ ਹਨ। ਪੁਲਸ ਪਾਰਟੀ ਵੱਲੋਂ ਦੋਸ਼ੀਆਨ 'ਤੇ ਛਾਪੇਮਾਰੀ ਕਰਕੇ ਦੋਸ਼ੀ ਹਰਜਿੰਦਰ ਸਿੰਘ ਨੂੰ ਕਾਬੂ ਕੀਤਾ ਗਿਆ ਤੇ ਮੌਕੇ 'ਤੇ ਉਕਤ ਜਿੰਨ ਗੱਡੀ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

ਦਫਤਰੀ ਅਹਾਤੇ 'ਚ ਚੋਰੀ, ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਉੱਪ ਮੰਡਲ ਫਿਰੋਜ਼ਸ਼ਾਹ ਵਿਖੇ ਦਫਤਰੀ ਅਹਾਤੇ ਦੇ ਤਾਲੇ ਤੋੜ ਕੇ ਅਣਪਛਾਤੇ ਵਿਅਕਤੀਆਂ ਵੱਲੋਂ ਸਾਮਾਨ ਚੋਰੀ ਕਰਨ ਦੀ

page-6-05-Febuary.-2024.qxd 2/4/2024 10:06 PM Page 1

ਭਾਰਤ ਬੰਦ ਲਈ ਟਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚਾ 'ਚ ਸ਼ਾਮਲ ਜਥੇਬੰਦੀਆਂ ਦੀ ਸਾਂਝੀ ਮੀਟਿੰਗ

ਪਠਾਨਕੋਟ (ਦਵਿੰਦਰ ਸਿੰਘ)- ਕੇਂਦਰੀ ਟ੍ਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕੇਂਦਰ ਸਰਕਾਰ ਦੀਆਂ ਮਜ਼ਦੂਰ ਜਮਾਤ, ਕਿਸਾਨਾਂ, ਵਿਦਿਆਰਥੀਆਂ, ਦੁਕਾਨਦਾਰਾਂ, ਨੌਜਵਾਨਾਂ ਅਤੇ ਮੁਲਾਜ਼ਮ ਵਿਰੋਧੀ ਨੀਤੀਆਂ ਖਿਲਾਫ 16 ਫਰਵਰੀ ਨੂੰ ਭਾਰਤ ਬੰਦ ਦਾ ਸੱਦਾ ਲਾਗੂ ਕਰਨ ਲਈ ਵੱਖ ਵੱਖ ਕਿਸਾਨ, ਮਜ਼ਦੂਰ, ਮੁਲਾਜ਼ਮ, ਵਿਦਿਆਰਥੀ ਨੌਜਵਾਨ ਅਤੇ ਹੋਰ ਜਨਤਕ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਮਜ਼ਦੂਰ ਆਗੂ ਅਮਰੀਕ ਸਿੰਘ, ਸ਼ਿਵ ਕੁਮਾਰ, ਵਿਨੋਦ ਕੁਮਾਰ ਅਤੇ ਕਿਸਾਨ ਆਗੂ ਕੇਵਲ ਸਿੰਘ ਕੰਗ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿਚ ਬੰਦ ਨੂੰ ਸਫਲ ਬਣਾਉਣ ਲਈ ਵੱਖ ਵੱਖ ਆਗੂਆਂ ਨੇ ਆਪਣੇ ਸੁਝਾਅ ਪੇਸ ਕੀਤੇ। ਵੱਖ ਵੱਖ ਆਗੂਆਂ ਦੇ ਸੁਝਾਵਾਂ ਨੂੰ ਮੁੱਖ ਰੱਖਦਿਆਂ 5 ਫਰਵਰੀ ਨੂੰ ਤਹਿਸੀਲ ਪੱਧਰ 'ਤੇ ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ 9 ਫਰਵਰੀ ਨੂੰ ਪਠਾਨਕੋਟ ਸ਼ਹਿਰ ਤੋਂ ਇਲਾਵਾ ਵੱਖ ਵੱਖ ਕਸਬਿਆਂ, ਬਲਾਕਾਂ ਵਿੱਚ ਆਮ ਸ਼ਹਿਰੀਆਂ, ਬੱਸ ਅਪਰੇਟਰਾਂ, ਮੰਡੀ ਪ੍ਰਬੰਧਕਾਂ, ਦੁਕਾਨਦਾਰਾਂ, ਰੇਹੜੀ ਫੜ੍ਹੀ, ਦੋਧੀਆਂ ਅਤੇ ਹੋਰ ਪਬਲਿਕ ਸੈਕਟਰ ਦੇ ਮੁਲਾਜ਼ਮਾਂ ਨੂੰ 16 ਫਰਵਰੀ ਦੇ ਬੰਦ ਨੂੰ ਸਫਲ ਬਣਾਉਣ ਦੀ ਅਪੀਲ ਕੀਤੀ ਜਾਵੇਗੀ। ਇਹ ਫੈਸਲਾ ਕੀਤਾ ਗਿਆ ਕਿ 16 ਫਰਵਰੀ ਨੂੰ ਸ਼ਹਿਰਾਂ, ਕਸਬਿਆਂ ਨੂੰ ਬੰਦ ਕਰਨ ਤੋਂ ਬਾਅਦ ਮਲਕਪੁਰ ਚੌਕ ਅਤੇ ਨਰੋਟ ਜੈਮਲ ਸਿੰਘ ਵਿਖੇ ਵੱਡੇ ਜਾਮ ਲਗਾਏ ਜਾਣਗੇ। ਇਸ ਦਿਨ ਬੈਂਕ, ਰੋਡਵੇਜ਼, ਰੇਲਾਂ, ਮੰਡੀਆਂ ਬੰਦ ਰਹਿਣਗੀਆਂ। ਵੱਖ ਵੱਖ ਕੇਂਦਰੀ ਤੇ ਸੂਬਾਈ ਮੁਲਾਜ਼ਮ ਜਥੇਬੰਦੀਆਂ ਵੱਲੋਂ ਆਪਣੇ ਅਦਾਰੇ ਬੰਦ ਕਰ ਕੇ ਸਾਂਝੇ ਧਰਨਿਆਂ ਵਿੱਚ ਸ਼ਿਰਕਤ ਕੀਤੀ ਜਾਵੇਗੀ। ਇਸ ਮੌਕੇ ਕਾਮਰੇਡ ਕੇਵਲ ਕਾਲੀਆ, ਬਲਵੰਤ ਸਿੰਘ ਘੋਹ, ਪਰਮਜੀਤ ਸਿੰਘ ਰਤਨਗੜ੍ਹ, ਏ ਐਸ ਗੁਲਾਟੀ, ਇਕਬਾਲ ਸਿੰਘ, ਮੁਖਤਿਆਰ ਸਿੰਘ, ਬਿਕਰਮਜੀਤ ਸਿੰਘ, ਬਲਦੇਵ ਰਾਜ ਭੋਆ, ਪ੍ਰੇਮ ਸਿੰਘ, ਬਲਬੀਰ ਸਿੰਘ ਬੇੜੀਆਂ, ਸੂਰਤੀ ਸਿੰਘ, ਅਜੀਤ ਰਾਮ ਗੰਦਲਾਂ ਲਾਹੜੀ, ਰਜੇਸ਼ ਜਸਰੋਟੀਆ, ਰਮੇਸ਼ ਪੱਪੂ ਅਤੇ ਹੋਰ ਸਾਥੀਆਂ ਬੰਦ ਦੀ ਸਫਲਤਾ ਲਈ ਵਿਚਾਰ ਵਟਾਂਦਰਾ ਕੀਤਾ ਗਿਆ।

ਕਬਰਸਥਾਨ ਦੇ ਰਸਤੇ ਨੂੰ ਲੈ ਕੇ ਦਿੱਤਾ ਧਰਨਾ

ਮਜੀਠਾ (ਸੋਇਮ ਆਨੰਦ)-ਮਜੀਠਾ ਅਧੀਨ ਪੈਂਦੇ ਪਿੰਡ ਪਾਖਰਪੁਰਾ ਵਿਖੇ ਮਸੀਹ ਭਾਈਚਾਰੇ ਦੇ ਲੋਕਾਂ ਨੇ ਕਬਰਸਥਾਨ ਨੂੰ ਜਾਂਦਾ ਰਸਤਾ ਮਾਰਕੀਟ ਕਮੇਟੀ ਦੇ ਕੁਝ ਮੁਲਾਜ਼ਮਾਂ ਦੀ ਮਿਲੀਭੁਗਤ ਨਾਲ ਬੰਦ ਕੀਤਾ ਜਾ ਰਿਹਾ ਹੈ। ਜਿਸ ਸਬੰਧੀ ਪਿੰਡ ਦੇ ਕੁਝ ਲੋਕਾਂ ਵੱਲੋਂ ਪੰਚਾਇਤ ਨੂੰ ਨਾਲ ਲੈ ਕੇ ਬੀ.ਡੀ.ਪੀ.ਓ ਦਫਤਰ ਮਜੀਠਾ ਨੂੰ ਸ਼ਿਕਾਇਤ ਕੀਤੀ ਗਈ ਸੀ ਜਿਸ 'ਤੇ ਗੌਰ ਕਰਦੇ ਹੋਏ ਮਜੀਠਾ ਤਹਿਸੀਲ ਦੇ ਅਧਿਕਾਰੀਆਂ, ਮਾਰਕੀਟ ਕਮੇਟੀ ਮਜੀਠਾ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਮੌਕਾ ਵੇਖਣ ਦਾ ਸਮਾਂ ਦਿੱਤਾ ਸੀ ਤੇ ਜਗ੍ਹਾ ਦੀ ਮਿਣਤੀ ਕਰਕੇ ਇਸਾਈ ਧਰਮ ਦੇ ਲੋਕਾਂ ਨੂੰ ਰਸਤਾ ਦੇਣ ਲਈ ਕਿਹਾ ਗਿਆ ਸੀ ਪਰ ਕੋਈ ਵੀ ਅਧਿਕਾਰੀ ਲੋਕਾਂ ਨੂੰ ਸਮਾਂ ਦੇ ਕੇ ਮੌਕਾ ਵੇਖਣ ਲਈ ਨਹੀਂ ਪਹੁੰਚਿਆ ਜਿਸ ਨੂੰ ਲੈ ਕੇ ਕਿਸਾਨ ਜਥੇਬੰਦੀ ਦੇ ਆਗੂਆਂ ਨੂੰ ਨਾਲ ਲੈ ਕੇ ਪਿੰਡ ਪੱਧਰ 'ਤੇ ਧਰਨਾ ਲਗਾਇਆ ਗਿਆ ਅਤੇ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਧਰਨਾਕਾਰੀਆਂ ਨੇ ਕਿਹਾ ਕਿ ਅਸੀਂ ਕਬਰਸਤਾਨ ਨੂੰ ਰਸਤਾ ਲੈਣ ਲਈ ਪਿੱਛੇ ਨਹੀਂ ਹਟਾਂਗੇ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਸਾਡੇ ਰਸਤੇ ਦਾ ਹੱਲ ਨਾ ਕੀਤਾ ਤਾਂ ਮਜਬੂਰਨ ਅੱਡਾ ਪਾਖਰਪੁਰ ਤੋਂ ਨੈਸ਼ਨਲ ਹਾਈਵੇ 'ਤੇ ਧਰਨਾ ਲਗਾਉਣ ਲਈ ਮਜਬੂਰ ਹੋਣਾ ਪਵੇਗਾ। ਇਸ ਸੰਬੰਧੀ ਮਾਰਕੀਟ ਕਮੇਟੀ ਮਜੀਠਾ ਦੇ ਸੈਕਟਰੀ ਜਤਿੰਦਰ ਸਿੰਘ ਨੇ ਕਿਹਾ ਕਿ ਇਹ ਜਗਾ ਮੰਡੀ ਬੋਰਡ ਦੀ ਹੈ ਤੇ ਪਿੰਡ ਵਾਲਿਆਂ ਉਥੇ ਪੋਰੇ ਪਾਏ ਹਨ ਜਿਸ ਦਾ ਮਸਲਾ ਜਲਦੀ ਸੁਲਝਾ ਲਿਆ ਜਾਵੇਗਾ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਾਸੋਂ ਮੰਗ ਕੀਤੀ ਕਿ ਸਾਡੇ ਮਸੀਹ ਭਾਈਚਾਰੇ ਦੇ ਕਬਰਸਤਾਨ ਦਾ ਰਸਤਾ ਬੰਦ ਹੋਣ ਤੋਂ ਰੋਕਿਆ ਜਾਵੇ। ਇਸ ਮੌਕੇ ਸਰਪੰਚ ਭਜਨ ਕੌਰ, ਰਣਜੀਤ ਸਿੰਘ ਹੁੰਦਲ, ਸੁਖਵਿੰਦਰ ਸਿੰਘ ਢਿੱਲੋਂ, ਤਰਸੇਮ ਮਸੀਹ, ਹੈਪੀ ਮਹਾਲਾ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜਨਰਲ ਸਕੱਤਰ ਬਾਬਾ ਮੇਜਰ ਸਿੰਘ ਅਬਦਾਲ, ਦਲਜੀਤ ਸਿੰਘ ਬੈੜਾ, ਸਿੰਦਰ ਚੌਧਰੀ ਸੋਨੂ ਪਾਖਰਪੁਰਾ ਆਦਿ ਸ਼ਾਮਲ ਸਨ।

ਹਲਕਾ ਮਜੀਠਾ 'ਚ ਪੰਜਾਬ ਬਚਾਓ ਯਾਤਰਾ ਦਾ ਭਰਵਾਂ ਸਵਾਗਤ

ਮਜੀਠਾ (ਸੋਇਮ ਆਨੰਦ)- ਸ਼੍ਰੋਮਣੀ ਅਕਾਲੀ ਦਲ ਵਲੋਂ ਵੀਰਵਾਰ ਤੋਂ ਸ਼ੁਰੂ ਕੀਤੀ ਪੰਜਾਬ ਬਚਾਓ ਯਾਤਰਾ ਅੱਜ ਵਿਧਾਨ ਸਭਾ ਹਲਕਾ ਮਜੀਠਾ ਵਿਖੇ ਪੂਰੇ ਜੋਸ਼ੋ ਖਰੋਸ਼ ਨਾਲ ਪੁੱਜੀ। ਅਜਨਾਲਾ ਤੋਂ ਵਾਇਆ ਸੋਈਆਂ ਕਲਾਂ ਹੁੰਦੀ ਹੋਈ ਮਜੀਠਾ ਸਸ਼ਹਿਰ ਵਿੱਚ ਪ੍ਰਵੇਸ਼ ਹੋਈ ਇਸ ਯਾਤਰਾ ਦੌਰਾਨ ਖੁੱਲ੍ਹੀ ਜੀਪ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਨਾਲ ਸਾਬਕਾ ਵਿਧਾਇਕ ਬਿਕਰਮ ਸਿੰਘ ਮਜੀਠੀਆ, ਲੋਕ ਸਭਾ ਹਲਕਾ ਅਮ੍ਰਿਤਸਰ ਦੇ ਇੰਚਾਰਜ ਅਨਿਲ ਜੋਸ਼ੀ ਅਤੇ ਯੋਧ ਸਿੰਘ ਸਮਰਾ ਵੀ ਸਵਾਰ ਸਨ। ਜਿਵੇਂ ਹੀ ਪੰਜਾਬ ਬਚਾਓ ਯਾਤਰਾ ਹਲਕਾ ਮਜੀਠਾ ਵਿੱਚ ਪ੍ਰਵੇਸਸ਼ ਹੋਈ ਟਰੈਕਟਰ ਟਰਾਲੀਆਂ, ਕਾਰਾਂ, ਜੀਪਾਂ ਅਤੇ ਖਾਸ ਕਰਕੇ ਨੌਜਵਾਨਾਂ ਦੇ ਮੋਟਰਸਾਈਕਲਾਂ ਦੇ ਕਾਫਲੇ ਦੌਰਾਨ ਹਲਕਾ ਵਾਸੀਆਂ ਵਲੋਂ ਵੱਖ ਵੱਖ ਥਾਵਾਂ ਉੱਪਰ ਸੁਖਬੀਰ ਬਾਦਲ ਅਤੇ ਬਿਕਰਮ ਸਿੰਘ ਮਜੀਠੀਆ ਦਾ ਫੁੱਲਾਂ ਦੀ ਵਰਖਾ ਤੇ ਹਾਰ ਪਾ ਕੇ ਭਰਵਾਂ ਸਵਾਗਤ ਕੀਤਾ ਗਿਆ। ਇਸ ਦੌਰਾਨ ਯਾਤਰਾ 'ਚ ਸਭ ਤੋਂ ਅੱਗੇ ਨੌਜਵਾਨ ਆਗੂ ਤੇ ਵਰਕਰ ਮੋਟਰ ਸਾਈਕਲਾਂ ਤੇ ਪਾਰਟੀ ਦੇ ਚੋਣ ਨਿਸ਼ਾਨ ਵਾਲੇ ਝੰਡੇ ਲਈ ਅੱਗੇ ਵਧ ਰਹੇ ਸਨ, ਜਦਕਿ ਉਨਾਂ ਦੇ ਪਿੱਛੇ ਕਾਰਾਂ ਦੇ ਕਾਫਲਾ ਅਤੇ ਵਿਚਕਾਰ ਖੁੱਲ੍ਹੀ ਜੀਪ ਵਿੱਚ ਸਵਾਰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਬਿਕਰਮ ਸਿੰਘ ਮਜੀਠੀਆ

ਹਲਕਾ ਵਾਸੀਆਂ ਦਾ ਪਿਆਰ ਕਬੂਲਣ ਦੇ ਨਾਲ ਨਾਲ ਪੂਰੇ ਉਤਸ਼ਾਹ ਤੇ ਜੋਸ਼ ਨਾਲ ਲੋਕਾਂ 'ਚ ਵਿਚਰ ਰਹੇ ਸਨ। ਇਸ ਮੌਕੇ ਮਜੀਠਾ ਵਿਖੇ ਅਕਾਲੀ ਵਰਕਰਾਂ ਦੇ ਭਾਰੀ ਇਕੱਠ ਨੂੰ ਵੇਖ ਗਦਗਦ ਹੋਏ ਸੁਖਬੀਰ ਬਾਦਲ ਨੇ ਕਿਹਾ ਕਿ ਹੁਣ ਵੇਲਾ ਆ ਗਿਆ ਹੈ ਕਿ ਪੰਜਾਬ ਨੂੰ ਬਚਾਇਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਬਚਾਓ ਯਾਤਰਾ ਦਾ ਮੁੱਖ ਮਕਸਦ ਹੀ ਸੂਬੇ ਦੇ ਲੋਕਾਂ ਨੂੰ ਜਾਗਰੂਕ ਕਰਕੇ ਪੰਜਾਬ ਨੂੰ ਬਚਾਉਣਾ ਹੈ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਨਿਸ਼ਾਨਾ ਲਗਾਉਂਦਿਆਂ ਕਿਹਾ ਕਿ ਸੱਤਾ ਦੇ ਨਸ਼ੇ ਵਿੱਚ ਚੂਰ ਹੋਈ ਸਰਕਾਰ ਚੋਣਾਂ ਵਿਚ ਕੀਤੇ ਆਪਣੇ ਤਮਾਮ ਵਾਅਦੇ ਭੁੱਲ ਚੁੱਕੀ ਹੈ। ਭਾਵੇਂ ਬੀਬੀਆਂ ਨੂੰ ਇੱਕ ਹਜਾਰ ਰੁਪਏ ਮਹੀਨਾ ਦੇਣ ਦੀ ਗੱਲ ਹੋਵੇ ਤੇ ਭਾਵੇਂ ਕਿਸਾਨਾਂ, ਮਜ਼ਦੂਰਾਂ ਤੇ ਵਪਾਰੀਆਂ ਨਾਲ ਕੀਤੇ ਵਾਅਦੇ ਹੋਣ। ਪਾਰਟੀ ਪ੍ਰਧਾਨ ਬਾਦਲ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਨਸ਼ੇ ਦਾ ਬੋਲਬਾਲਾ ਹੈ ਅਤੇ ਸਰਕਾਰ ਨਸ਼ੇ ਵੇਚਣ ਵਾਲੀਆਂ ਨੂੰ ਨਹੀਂ ਬਲਕਿ ਨਸ਼ੇ ਦੇ ਖਿਲਾਫ ਅਤੇ ਸਰਕਾਰ ਦੇ ਹਰ ਝੂਠ ਤੇ ਜਬਰ ਵਿਰੁੱਧ ਬੋਲਣ ਵਾਲਿਆਂ 'ਤੇ ਪਰਚੇ ਦਰਜ ਕਰ ਰਹੀ ਹੈ। ਇਸ ਮੌਕੇ ਸੁਖਬੀਰ ਸਿੰਘ ਬਾਦਲ ਨੂੰ ਬਿਕਰਮ ਸਿੰਘ ਮਜੀਠੀਆ ਨੇ ਹਲਕਾ ਮਜੀਠਾ ਦੇ ਆਕਾਲੀ ਆਗੂਆਂ ਤੇ ਵਰਕਰਾਂ ਵਲੋਂ ਸ੍ਰੀ ਸਾਹਿਬ ਦੇ ਕੇ ਸਨਮਾਨਤ ਕੀਤਾ।

ਅਧਿਆਪਕਾਂ, ਆਂਗਣਵਾੜੀ ਤੇ ਸਿਹਤ ਵਿਭਾਗ ਦੇ ਸਟਾਫ ਨੂੰ ਡੀ ਵਾਰਮਿੰਗ ਡੇ ਸੰਬੰਧੀ ਟ੍ਰੇਨਿੰਗ ਦਿੱਤੀ

ਸਰਾਏ ਅਮਾਨਤ ਖਾਂ (ਮੱਖਣ ਮਨੋਜ)- ਸਿਵਲ ਸਰਜਨ ਤਰਨ ਤਾਰਨ ਡਾ. ਕਮਲਪਾਲ ਤੇ ਡੀ ਆਈ ਓ ਡਾ. ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੀ ਐਚ ਸੀ ਝਬਾਲ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਰਾਜੂ ਚੌਹਾਨ ਦੀ ਯੋਗ ਅਗਵਾਈ ਹੇਠ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਅਧਿਆਪਕਾਂ, ਆਂਗਣਵਾੜੀ ਵਰਕਰਾਂ, ਆਸ਼ਾ ਵਰਕਰ ਤੇ ਸਮੂਹ ਫੀਲਡ ਸਟਾਫ ਡੀ ਵਾਰਮਿੰਗ ਡੇ ਸੰਬੰਧੀ ਟ੍ਰੇਨਿੰਗ ਦਿੱਤੀ ਗਈ । ਇਸ ਸਮੇਂ ਡਾ. ਰਾਜੂ ਚੌਹਾਨ ਨੇ ਦੱਸਿਆ ਕਿ ਪੇਟ ਦੇ ਕੀੜਿਆਂ ਤੋਂ ਬਚਾਉਣ ਲਈ 1 ਸਾਲ ਤੋਂ ਲੈ ਕੇ 19 ਸਾਲ ਦੇ ਸਾਰੇ ਬੱਚਿਆਂ ਨੂੰ 5 ਫਰਵਰੀ ਨੂੰ ਅਲਬੈਂਡਾਜੋਲ ਦੀਆਂ ਗੋਲੀਆਂ ਖਵਾਈਆਂ ਜਾਣਗੀਆਂ । ਇਸ ਤੋਂ ਬਾਅਦ ਜੇਕਰ ਕੋਈ ਵੀ ਬੱਚਾ ਕਿਸੇ ਕਾਰਨ ਕਰਕੇ ਰਹਿ ਜਾਂਦਾ ਹੈ ਤਾਂ ਉਸ ਨੂੰ ਮੋਪ ਅੱਪ ਡੇ 12 ਫਰਵਰੀ ਨੂੰ ਦੁਬਾਰਾ ਗੋਲੀਆਂ ਖਵਾਈਆਂ ਜਾਣਗੀਆਂ। ਕੋਈ ਵੀ ਬੱਚਾ ਐਲਬੈਂਡਾਜੋਲ ਦੀ ਗੋਲੀ ਖਵਾਉਣ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ । ਬੱਚਿਆਂ ਦੇ ਪੇਟ ਵਿੱਚ ਕੀੜੇ ਹੋਣ ਨਾਲ ਕੁਪੋਸ਼ਣ ਅਤੇ ਖੂਨ ਦੀ ਕਮੀ ਤੇ ਥਕਾਵਟ ਰਹਿੰਦੀ ਹੈ ਅਤੇ ਬੱਚੇ ਦਾ ਵਿਕਾਸ ਪੂਰੀ ਤਰ੍ਹਾਂ ਨਹੀਂ ਹੁੰਦਾ । ਡਾ. ਅਮਨ ਮਹਿਤਾ ਨੇ ਕਿਹਾ ਕਿ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਅਧਿਆਪਕਾਂ, ਆਂਗਣਵਾੜੀ ਕੇਂਦਰਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਆਂਗਣਵਾੜੀ ਵਰਕਰ ਅਤੇ ਘਰਾਂ ਵਿਚ ਰਹਿੰਦੇ ਬੱਚਿਆਂ ਨੂੰ ਆਸ਼ਾ ਵਰਕਰ ਵੱਲੋਂ ਗੋਲੀਆਂ ਖਵਾਈਆਂ ਜਾਣਗੀਆਂ । ਇੱਕ ਤੋਂ ਦੋ ਸਾਲ ਦੇ ਬੱਚਿਆਂ ਨੂੰ ਅੱਧੀ ਗੋਲੀ 200 ਅਤੇ 2 ਤੋਂ 19 ਸਾਲ ਦੇ ਬੱਚਿਆਂ ਨੂੰ ਪੂਰੀ ਗੋਲੀ 400 ਖਵਾਈ ਜਾਵੇਗੀ। ਇਸ ਮੌਕੇ ਹੈਲਥ ਸੁਪਰਵਾਈਜ਼ਰ ਰਾਮ ਰਛਪਾਲ ਧਵਨ, ਗੁਰਵਿੰਦਰ ਸਿੰਘ ਭੋਜੀਆਂ, ਅਰਵਿੰਦਰਪਾਲ ਸਿੰਘ, ਗੁਰਬੀਰ ਸਿੰਘ ਪੰਡੋਰੀ, ਡਾ. ਸੁੱਖਵੰਤ ਕੌਰ , ਡਾ. ਸਮਰਿਧੀ ਅਤੇ ਵੱਖ ਵੱਖ ਸਕੂਲਾਂ ਦੇ ਅਧਿਆਪਕ ਤੇ ਆਂਗਣਵਾੜੀ ਵਰਕਰ, ਆਸ਼ਾ ਵਰਕਰ ਆਦਿ ਹਾਜ਼ਰ ਸਨ।

ਸਲਾਨਾ ਜੋੜ ਮੇਲੇ ਨੂੰ ਸਮਰਪਤ ਬੂਟੇ ਲਗਾਏ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ) - ਬਾਬਾ ਮੇਜਰ ਸਿੰਘ ਵੱਲੋਂ ਛਾਂਦਾਰ ਬੂਟੇ ਲਗਾਏ ਗਏ। ਬ੍ਰਹਮ ਗਿਆਨੀ ਸੰਤ ਖਾਲਸਾ ਬਾਬਾ ਆਸਾ ਸਿੰਘ ਦਾ ਸਲਾਨਾ ਜੋੜ ਮੇਲਾ ਪਿੰਡ ਕਿਰਤੋਵਾਲ ਕਲਾਂ ਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਜੋੜ ਮੇਲੇ ਦੇ ਸਬੰਧ ਵਿਚ ਗੁਰਦੁਆਰਾ ਤਪ ਅਸਥਾਨ ਬਾਬਾ ਆਸਾ ਸਿੰਘ ਦੇ ਮੁੱਖ ਸੇਵਾਦਾਰ ਬਾਬਾ ਮੇਜਰ ਸਿੰਘ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਹਰੀਕੇ ਖਾਲੜਾ ਰੋਡ ਸੜਕ ਸਮੇਤ ਖਾਲੀ ਥਾਵਾਂ 'ਤੇ ਛਾਂਦਾਰ ਪੌਦੇ ਲਗਾਏ। ਬਾਬਾ ਮੇਜਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਆਖਿਆ ਕਿ ਰੁੱਖ ਹੈ ਤਾਂ ਮਨੁੱਖ ਹੈ, ਰੁੱਖਾਂ ਨਾਲ ਮਨੁੱਖ ਦਾ ਅਤੂੱਟ ਰਿਸ਼ਤਾ ਹੈ। ਰੁੱਖਾਂ ਦੀ ਲਗਾਤਾਰ ਘਟਦੀ ਜਾ ਰਹੀ ਗਿਣਤੀ ਸਾਡੇ ਲਈ ਚਿੰਤਾ ਦਾ ਵਿਸ਼ਾ ਹੈ। ਬਾਬਾ ਮੇਜਰ ਸਿੰਘ ਦੱਸਿਆ ਕਿ ਉਨ੍ਹਾ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕਰੀਬ 300 ਤੋਂ ਵੱਧ ਬੂਟੇ ਲਗਾਉਣ ਦਾ ਟੀਚਾ ਰੱਖਿਆ ਹੋਇਆ ਹੈ। ਉਨ੍ਹਾ ਆਮ ਲੋਕਾਂ ਨੂੰ ਅਪੀਲ ਕੀਤੀ ਦਰੱਖਤ ਧਰਤੀ ਦਾ ਗਹਿਣਾ ਹੁੰਦੇ ਹਨ ਅਤੇ ਹਰੇਕ ਪ੍ਰਾਣੀ ਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ।

ਅੰਮ੍ਰਿਤਸਰ ਵਿਕਾਸ ਮੰਚ ਵੱਲੋਂ ਆਵਾਜ਼ ਪ੍ਰਦੂਸ਼ਣ ਸੰਬੰਧੀ ਸੁਪਰੀਮ ਕੋਰਟ ਦੇ ਹੁਕਮ ਲਾਗੂ ਕਰਨ ਦੀ ਮੰਗ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਅੰਮ੍ਰਿਤਸਰ ਵਿਕਾਸ ਮੰਚ ਨੇ ਸ਼ੋਰ ਪ੍ਰਦੂਸ਼ਣ ਸਖ਼ਤੀ ਨਾਲ ਬੰਦ ਕਰਵਾਉਣ ਦੀ ਮੰਗ ਕੀਤੀ ਹੈ। ਜਿਲ੍ਹੇ ਦੇ ਡਿਪਟੀ ਕਮਿਸ਼ਨਰ ਘਣਸ਼ਾਮ ਥੋਰੀ ਨੂੰ ਲਿਖੇ ਇਕ ਸਾਂਝੇ ਪੱਤਰ ਵਿੱਚ ਮੰਚ ਦੇ ਪ੍ਰਧਾਨ ਇੰਜ. ਹਰਜਾਪ ਸਿੰਘ ਔਜਲਾ, ਸਰਪ੍ਰਸਤ ਡਾ. ਚਰਨਜੀਤ ਸਿੰਘ ਗੁਮਟਾਲਾ ਤੇ ਸਰਪ੍ਰਸਤ ਪਿੰਸੀਪਲ ਕੁਲਵੰਤ ਸਿੰਘ ਅਣਖੀ ਨੇ ਕਿਹਾ ਕਿ ਮੰਚ ਵੱਲੋਂ ਇਕ ਪੱਤਰ 13 ਮਈ 2007 ਨੂੰ ਉਸ ਸਮੇਂ ਦੇ ਡਿਪਟੀ ਕਮਿਸ਼ਨਰ ਕਾਹਨ ਸਿੰਘ ਪੰਨੂੰ ਨੂੰ ਲਿਖਿਆ ਗਿਆ ਸੀ, ਜਿਸ ਵਿਚ ਉਨ੍ਹਾਂ ਦਾ ਧਿਆਨ ਇਨ੍ਹਾਂ ਖ਼ਬਰਾਂ ਵਲ ਦੁਆਇਆ ਗਿਆ ਸੀ ਕਿ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਸਬ ਡਵੀਜ਼ਨ ਪੱਧਰ 'ਤੇ ਨੋਆਇਸ ਮੋਨਿਟਰਿੰਗ ਸੈਲ ਦਾ ਗਠਨ ਹੋ ਚੁੱਕਾ ਹੈ ਜਿਸ ਵਿੱਚ ਸਬ ਡਵੀਜ਼ਨ ਮੈਜਿਸਟਰੇਟ ਨੂੰ ਸਬ ਡਵੀਜ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਤੇ ਇਸ ਵਿਚ ਡੀ.ਟੀ.ਓ, ਮਿਉਂਸਪਲ ਕਮੇਟੀ ਦੇ ਕਾਰਜਕਾਰੀ ਅਫ਼ਸਰ, ਸਮਾਜ ਸੇਵੀ ਸੰਸਥਾਵਾਂ ਤੇ ਹੋਰ ਅਧਿਕਾਰੀ ਸ਼ਾਮਲ ਹਨ। ਏਸੇ ਕੜੀ ਵਿਚ ਭਾਰਤ ਸਰਕਾਰ ਦੇ ਵਾਤਾਵਰਣ ਮੰਤਰਾਲੇ ਵਲੋਂ 14 ਫਰਵਰੀ 2002 ਦੀ ਨੋਟੀਫਿਕੇਸ਼ਨ ਰਾਹੀਂ ਜ਼ਿਲ੍ਹਾ ਮੈਜਿਸਟਰੇਟ ਨੇ ਉਪ ਕਪਤਾਨ (ਪੁਲਸ) ਨੂੰ ਸੰਬੰਧਤ ਇਲਾਕੇ ਦਾ ਡੈਜ਼ੀਨੇਟਿਡ ਅਥਾਰਟੀ ਨਾਮਜ਼ਦ ਕੀਤਾ ਹੋਇਆ ਹੈ ਜਿਸ ਨੇ ਕਿ ਇਨ੍ਹਾਂ ਹੁਕਮਾਂ ਨੂੰ ਲਾਗੂ ਕਰਨਾ ਹੈ। ਇ

5-FEB-PAGE-7.qxd 2/4/2024 9:53 PM Page 1

ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਵਿਧਾਇਕ ਲਾਡੀ ਢੋਸ ਦੇ ਦਫਤਰ ਅੱਗੇ ਧਰਨਾ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਫੈਸਲੇ ਅਨੁਸਾਰ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿਰੋਧੀ ਰਵੱਈਏ ਪ੍ਰਤੀ ਪੰਜਾਬ ਦੇ ਸਾਰੇ ਐੱਮ ਐੱਲ ਏ ਦੇ ਘਰਾਂ ਮੂਹਰੇ ਧਰਨੇ ਦੇਣ ਦੇ ਫੈਸਲੇ ਤਹਿਤ ਧਰਮਕੋਟ ਵਿਖੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੇ ਦਫਤਰ ਬਾਹਰ ਧਰਨਾ ਦਿੱਤਾ ਗਿਆ ਅਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਬਜੀਤ ਸਿੰਘ, ਜਗਦੀਸ਼ ਸਿੰਘ ਚਾਹਲ, ਭਜਨ ਸਿੰਘ ਗਿੱਲ, ਜਗੀਰ ਸਿੰਘ ਖੋਖਰ, ਗੁਰਮੇਲ ਸਿੰਘ ਨਾਹਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਕਿ ਕੇਂਦਰੀ ਪੈਟਰਨ 'ਤੇ ਡੀ ਏ 46% ਕਰਨ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੇ ਨੋਸਨਲ ਸੋਧ ਵਿਧੀ ਲਾਗੂ ਕਰਨ, ਮੁਲਾਜ਼ਮਾਂ ਦੇ ਖੋਹੇ ਸੈਂਤੀ ਭੱਤੇ ਬਹਾਲ ਕਰਨ ਅਤੇ ਪੁਰਾਣੀ ਪੈਨਸ਼ਨ 1972 ਦੇ ਨਿਯਮਾਂ ਅਨੁਸਾਰ ਬਹਾਲ ਕਰਨ ਅਤੇ ਛੇਵੇਂ ਪੇ ਕਮਿਸ਼ਨ ਦੇ ਸਾਢੇ ਪੰਜ ਸਾਲ ਦੇ ਬਕਾਏ ਜਾਰੀ ਕਰਨ ਦੀ ਮੰਗ ਕੀਤੀ। ਵਿਧਾਇਕ ਦਫਤਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਤੋਂ ਅਮਨ ਪੰਡੋਰੀ ਚੇਅਰਮੈਨ ਮਾਰਕੀਟ ਕਮੇਟੀ ਤੇ ਡਾਕਟਰ ਗੁਰਮੀਤ ਸਿੰਘ ਨੇ ਮੰਗ ਪੱਤਰ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਉਹ ਇਸ ਮੰਗ ਪੱਤਰ 'ਤੇ ਚਰਚਾ ਕਰਕੇ ਇਸ ਨੂੰ ਸਰਕਾਰ ਤੱਕ ਮੰਗ ਪਹੁੰਚਾਉਣਗੇ।

ਇਸ ਸਮੇਂ ਰਜਿੰਦਰ ਰਿਆੜ, ਸੁਖਮੰਦਰ ਸਿੰਘ ਗੱਜਣਵਾਲ, ਸਤਿਅਮ ਪ੍ਰਕਾਸ਼, ਕੁਲਦੀਪ ਸਿੰਘ ਮੋਗਾ, ਮਨਜੀਤ ਸਿੰਘ, ਨੈਬ ਸਿੰਘ, ਬਲਵਿੰਦਰ ਗਿੱਲ, ਡੀਟੀਐੱਫ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ, ਬੀ. ਐੱਡ. ਅਧਿਆਪਕ ਫਰੰਟ ਦੇ ਸੂਬਾ ਪ੍ਰਧਾਨ ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਇਕਾਈ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਜਜਪਾਲ ਬਾਜੇਕੇ, ਕੇਵਲ ਸਿੰਘ ਰਹਿਲ ਆਦਿ ਸ਼ਾਮਲ ਸਨ।

ਸ਼ਾਂਤਮਈ ਰੋਸ ਪ੍ਰਦਰਸ਼ਨ ਨੂੰ ਖਦੇੜਣ ਲਈ ਜਬਰ-ਜ਼ੁਲਮ ਨਿੰਦਣਯੋਗ : ਘਨੌਰੀ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਸੀਨੀ. ਮੀਤ ਪ੍ਰਧਾਨ ਤੇ ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਘਨੌਰੀ ਨੇ ਕਿਹਾ ਕਿ ਪੰਜਾਬ ਵਿੱਚ ਚਲਾਈ ਜਾ ਰਹੀ ਦਿੱਲੀ ਦੀ ਕਠਪੁਤਲੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ, ਫੈਸਲਿਆਂ ਵਿਰੁੱਧ ਕਿਸਾਨਾਂ ਤੇ ਪੰਜਾਬ ਦੇ ਦੁਖੀ ਵਰਗਾਂ ਵੱਲੋਂ ਕੀਤੇ ਜਾ ਰਹੇ ਸ਼ਾਂਤਮਈ ਰੋਸ ਪ੍ਰਦਰਸ਼ਨ ਨੂੰ ਖਦੇੜਣ ਲਈ ਉਨ੍ਹਾਂ 'ਤੇ ਕੀਤਾ ਜਬਰ ਤੇ ਜ਼ੁਲਮ ਨਿੰਦਣਯੋਗ ਹੈ। ਉਨ੍ਹਾ ਕਿਹਾ ਕਿ ਆਪਣੀਆਂ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਕਿਸਾਨ ਯੂਨੀਅਨ ਦੇ ਕਾਰਕੁਨਾਂ, ਵਿਰੋਧੀ ਧਿਰ ਦੇ ਨੇਤਾਵਾਂ, ਨੌਜਵਾਨਾਂ ਤੇ ਆਮ ਨਾਗਰਿਕਾਂ 'ਤੇ ਕੀਤੀ ਗਈ ਕਾਰਵਾਈ ਆਮ ਆਦਮੀ ਪਾਰਟੀ ਦੇ ਨੇਤਾ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ 'ਚ ਉਸ ਦੇ ਸੂਬੇਦਾਰਾਂ ਦੀ ਤਾਨਾਸ਼ਾਹੀ ਦਾ ਪ੍ਰਤੱਖ ਪ੍ਰਮਾਣ ਹੈ। ਸ਼੍ਰੋਮਣੀ ਅਕਾਲੀ ਦਲ ਨੇ ਆਪਣੇ ਸਿਧਾਂਤਕ ਮੁੱਲਾਂ 'ਤੇ ਖੜੇ ਰਹਿ ਕੇ ਹਮੇਸ਼ਾ ਬੁਨਿਆਦੀ ਜਮਹੂਰੀ ਹੱਕਾਂ ਤੇ ਮਨੁੱਖੀ ਅਧਿਕਾਰਾਂ ਦੀ ਹਮਾਇਤ ਕੀਤੀ ਹੈ। ਰਾਜਨੀਤਕ ਮੱਤਭੇਦਾਂ ਦੇ ਆਧਾਰ 'ਤੇ ਸਰਕਾਰੀ ਸ਼ਕਤੀ ਦੀ ਦੁਰਵਰਤੋਂ ਕਰਕੇ ਮਨੁੱਖੀ ਅਧਿਕਾਰਾਂ ਨੂੰ ਦਬਾਉਣਾ ਘੋਰ ਨਿੰਦਣਯੋਗ ਹੈ। ਉਨ੍ਹਾ ਕਿਹਾ ਕਿ ਆਪ ਤੇ ਕਾਂਗਰਸ ਦੋਵੇਂ ਜਾਣਦੇ ਹਨ ਕਿ ਉਨ੍ਹਾਂ ਨੇ ਲੋਕਾਂ ਦਾ ਵਿਸ਼ਵਾਸ ਗੁਆ ਲਿਆ ਹੈ ਤੇ ਉਹ ਗੁਆਚੀ ਸਿਆਸੀ ਜ਼ਮੀਨ ਹਾਸਲ ਕਰਨ ਵਾਸਤੇ ਇਕਜੁੱਟ ਹੋ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬੀਆਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਦੋਵਾਂ ਪਾਰਟੀਆਂ ਨੇ ਪੰਜਾਬ ਨੂੰ ਧੋਖਾ ਦਿੱਤਾ ਹੈ ਤੇ ਹੁਣ ਉਹ ਪੰਜਾਬ ਨੂੰ ਹੋਰ ਲੁੱਟਣ ਦੇ ਮਕਸਦ ਨਾਲ ਗੱਠਜੋੜ ਕਰ ਰਹੀਆਂ ਹਨ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਨੇ ਨਾ ਸਿਰਫ 60 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਲੈ ਕੇ ਸੂਬੇ ਨੂੰ ਕੰਗਾਲ ਕੀਤਾ ਹੈ, ਬਲਕਿ ਉਨ੍ਹਾਂ ਸੂਬੇ ਵਿੱਚ ਕਾਨੂੰਨ ਹੀਣਤਾ ਦੇ ਦੌਰ ਵਿੱਚ ਧੱਕਿਆ ਤੇ ਆਪਣੇ ਵਿਧਾਇਕਾਂ ਨੂੰ ਨਸ਼ਾ ਤਸਕਰਾਂ ਨਾਲ ਰਲਣ ਦੀ ਖੁੱਲ੍ਹ ਦਿੱਤੀ, ਜਿਸ ਕਾਰਨ ਸਮਾਜ ਵਿੱਚ ਨਸ਼ਿਆਂ ਦੇ ਵਿਆਪਕ ਪਸਾਰ ਨਾਲ ਤਬਾਹੀ ਮਚੀ ਹੋਈ ਹੈ।

ਸਤਲੁਜ 'ਤੇ ਬਣੇ ਪੱਕੇ ਬੰਨ੍ਹ ਦੀ ਮੁਰੰਮਤ ਲਈ ਸਰਕਾਰ ਦੇ ਨਾਂਅ ਮੰਗ ਪੱਤਰ

ਹੜ੍ਹਾਂ ਦੇ ਕਾਰਨ ਹੁੰਦੇ ਨੁਕਸਾਨ ਤੋਂ ਬਚਾਅ ਲਈ ਮੁਰੰਮਤ ਦਾ ਕੰਮ ਅਤਿ ਜ਼ਰੂਰੀ : ਫਿਰੋਜ਼ਪੁਰ ਵਾਸੀ

ਫਿਰੋਜ਼ਪੁਰੀ (ਅਸ਼ੋਕ ਸ਼ਰਮਾ)

ਪਿਛਲੇ ਸਾਲ ਜੂਨ-ਜੁਲਾਈ ਵਿੱਚ ਸਤਲੁਜ ਦਰਿਆ ਵਿੱਚ ਆਏ ਹੜ੍ਹਾਂ ਕਾਰਨ ਪਿੰਡ ਅਲੀ ਕੇ ਤੇ ਹਬੀਬ ਕੇ ਪਿੰਡ ਦੇ ਨਾਲ ਲੱਗਦੇ ਬੰਨ੍ਹ ਨੂੰ ਹੜ੍ਹਾਂ ਕਾਰਨ ਬਹੁਤ ਹੀ ਨੁਕਸਾਨ ਹੋਇਆ ਹੈ, ਜਿਸ ਵਿੱਚ ਜਿੱਥੇ ਸਾਰੇ ਪੰਜਾਬ ਵਿੱਚ ਵੱਡਾ ਨੁਕਸਾਨ ਹੋਇਆ, ਉੱਥੇ ਸਾਡੇ ਸਰਹੱਦੀ ਜ਼ਿਲ੍ਹੇ ਤੇ ਸਤਲੁਜ ਦਰਿਆ ਦੇ ਲਾਗਲੇ ਇਲਾਕਿਆਂ ਵਿੱਚ ਬਹੁਤ ਭਾਰੀ ਨੁਕਸਾਨ ਹੋਇਆ।ਬੰਨ੍ਹ 'ਤੇ ਜੋ ਵੀ ਨੋਚਾਂ ਹਨ ਜਾਂ ਤਾਂ ਉਹ ਬੈਠ ਗਈਆਂ ਹਨ ਜਾਂ ਉਹ ਰੁੜ੍ਹ ਗਈਆਂ ਹਨ। ਸਾਡੀ ਸਰਕਾਰ ਅੱਗੇ ਬੇਨਤੀ ਹੈ ਕਿ ਇਨ੍ਹਾਂ ਦੀ ਸਮੇਂ ਤੋਂ ਪਹਿਲਾਂ ਰਿਪੇਅਰ ਕਰਵਾਈ ਜਾਵੇ, ਜੇਕਰ ਫਿਰ ਦਰਿਆ ਵਿੱਚ ਪਾਣੀ ਜ਼ਿਆਦਾ ਆ ਗਿਆ ਤਾਂ ਘੱਟੋ ਘੱਟ 200 ਪਿੰਡ ਨੂੰ ਨੁਕਸਾਨ ਤਾਂ ਹੋਣਾ ਹੀ ਹੈ, ਨਾਲ ਫਿਰੋਜ਼ਪੁਰ ਸ਼ਹਿਰ, ਛਾਉਣੀ ਦਾ ਵੀ ਬਹੁਤ ਵੱਡਾ ਨੁਕਸਾਨ ਹੋ ਸਕਦਾ ਹੈ।ਸਾਡੇ ਸ਼ਹਿਰ ਨੂੰ ਪਹਿਲਾਂ ਹੀ ਪੱਛੜਿਆ ਸ਼ਹਿਰ ਕਿਹਾ ਜਾਂਦਾ ਹੈ, ਪਰ ਜੇਕਰ ਹੜ੍ਹਾਂ ਦੀ ਮਾਰ ਸਾਡੇ ਸ਼ਹਿਰ ਨੂੰ ਪੈਂਦੀ ਹੈ ਤਾਂ ਸਾਡਾ ਆਰਥਿਕ ਨੁਕਸਾਨ ਬਹੁਤ ਵੱਡੇ ਪੱਧਰ 'ਤੇ ਹੋ ਸਕਦਾ ਹੈ।ਸੰਨ 1988 ਵਿੱਚ ਜਦੋਂ ਪਾਣੀ ਆਇਆ ਸੀ ਤਾਂ ਉਸ ਨੁਕਸਾਨ ਵਿੱਚ ਅੱਜ ਤੱਕ ਕਈ ਲੋਕੀ ਪ੍ਰਭਾਵਿਤ ਹਨ, ਕਿਸੇ ਦੀਆਂ ਜ਼ਮੀਨਾਂ ਖਰਾਬ ਹੋ ਗਈਆਂ ਤੇ ਕਿਸੇ ਦੇ ਘਰ ਖਰਾਬ ਹੋ ਗਏ, ਬਹੁਤ ਸਾਰੇ ਲੋਕ ਪਾਣੀ ਵਿੱਚ ਰੁੜ ਕੇ ਮਰ ਗਏ।ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉੱਥੇ ਪੱਥਰ ਦਾ ਪ੍ਰਬੰਧ ਕੀਤਾ ਜਾਵੇ, ਨੋਚਾਂ ਨੂੰ ਮਜ਼ਬੂਤ ਕੀਤਾ ਜਾਵੇ।ਜਿੱਥੇ ਵੀ ਬੰਨ੍ਹ ਨੂੰ ਢਾਹ ਲਾਈ ਹੈ, ਉੱਥੇ ਮਿੱਟੀ ਪਾਈ ਜਾਵੇ।ਇਸ ਸਬੰਧ ਵਿੱਚ ਸ੍ਰੀ ਸੂਰਜ ਕੁਮਾਰ ਸਹਾਇਕ ਕਮਿਸ਼ਨਰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ।ਫਿਰੋਜ਼ਪੁਰ ਵਾਸੀਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਕੰਮ ਨੂੰ ਬਿਨਾਂ ਕਿਸੇ ਦੇਰੀ ਤੋਂ ਸ਼ੁਰੂ ਕਰਵਾਇਆ ਜਾਵੇ ਤਾਂ ਜੋ ਪਹਿਲਾਂ ਵਾਂਗ ਸਾਰੇ ਇਲਾਕਾ ਕਿਸੇ ਵੱਡੇ ਖਤਰੇ ਤੇ ਨੁਕਸਾਨ ਤੋਂ ਬਚ ਸਕੇ।

ਇਸ ਮੌਕੇ ਸੁਰਜੀਤ ਸਿੰਘ ਨੰਬਰਦਾਰ, ਬਲਿਹਾਰ ਸਿੰਘ ਸਾਬਕਾ ਐੱਮ ਸੀ, ਬਲਰਾਜ ਸਿੰਘ ਨੰਬਰਦਾਰ, ਰਾਜਪਾਲ ਸਿੰਘ, ਅਮਰਜੀਤ ਸਿੰਘ ਸਰਪੰਚ ਹਬੀਬ ਕੇ, ਅਮਰੋ ਬਾਈ ਸਰਪੰਚ ਅਲੀ ਕੇ, ਮਨਦੀਪ ਕੌਰ ਸਰਪੰਚ ਬਸਤੀ ਹਬੀਬ ਕੇ, ਗੁਰਮੀਤ ਸਿੰਘ, ਦਲਜੀਤ ਸਿੰਘ, ਜਗੀਰ ਸਿੰਘ, ਮਨਜੀਤ ਸਿੰਘ, ਜਰਨੈਲ ਸਿੰਘ ਆਦਿ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਸੇਵਾਦਾਰ ਦੀ ਕੁੱਟਮਾਰ ਕਰਨ 'ਤੇ ਥਾਣੇ ਅੱਗੇ ਧਰਨਾ, ਐੱਸ ਐੱਚ ਓ ਮੁਅੱਤਲ

ਧਰਨੇ ਦੌਰਾਨ ਧਰਨਾਕਾਰੀਆਂ ਨੂੰ ਸ਼ਾਂਤ ਕਰਦੇ ਹੋਏ ਡੀ ਐੱਸ ਪੀ।

ਮਾਨਸਾ (ਰੀਤਵਾਲ)-ਅੱਧੀ ਰਾਤ ਨੂੰ ਕਸਬਾ ਗਾਦੜਪੱਤੀ ਬੋਹਾ ਦੇ ਸ਼੍ਰੀ ਗੁਰਦੁਆਰਾ ਸਾਹਿਬ ਵਿੱਚ ਦਾਖਲ ਹੋ ਕੇ ਗੁਰੂ ਘਰ ਦੇ ਸੇਵਾਦਾਰ ਦੀ ਕੁੱਟਮਾਰ ਕਰਨ ਤੇ ਗਾਲੀ ਗਲੋਚ ਕਰਦਿਆਂ ਬੇਅਦਬੀ ਕਰਨ ਵਾਲੇ ਐੱਸ.ਐੱਚ.ਓ. ਬੋਹਾ ਖਿਲਾਫ ਧਰਨਾ ਦੇ ਕੇ ਰੋਸ ਮੁਜ਼ਾਹਰਾ ਕੀਤਾ ਗਿਆ। ਜਿੱਥੇ ਡੀ. ਐੱਸ. ਪੀ. ਗੁਰਪ੍ਰੀਤ ਸਿੰਘ ਗਿੱਲ ਨੇ ਮੌਕੇ 'ਤੇ ਪਹੁੰਚ ਕੇ ਘਟਨਾ ਦਾ ਜਾਇਜ਼ਾ ਲੈਂਦਿਆਂ ਲੋਕਾਂ ਨੂੰ ਸ਼ਾਂਤ ਕਰਦਿਆਂ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਸ਼ਿਕਾਇਤ ਮੁਤਾਬਿਕ ਗੁਰੂ ਘਰ ਅੰਦਰ ਦਾਖਲ ਹੋਣ ਵਾਲੇ ਐੱਸ.ਐੱਚ.ਓ. ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ, ਪੜਤਾਲ ਜਾਰੀ ਹੈ। ਉੱਧਰ ਐੱਸ.ਐੱਸ.ਪੀ. ਮਾਨਸਾ ਨੇ ਬੋਹਾ ਦੇ ਐੱਸ.ਐੱਚ.ਓ. ਇੰਸਪੈਕਟਰ ਜਗਦੇਵ ਸਿੰਘ ਨੂੰ ਮੁਅਤਲ ਕਰ ਦਿੱਤਾ, ਜਿਸ ਦੀ ਪੁਸ਼ਟੀ ਡੀ.ਐੱਸ.ਪੀ. ਬੁਢਲਾਡਾ ਵੱਲੋਂ ਕੀਤੀ ਜਾ ਚੁੱਕੀ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭੂਰਾ ਸਿੰਘ, ਗੁਰਤੇਜ ਸਿੰਘ ਨੇ ਦੱਸਿਆ ਕਿ ਬੀਤੀ ਰਾਤ 12 ਵਜੇ ਦੇ ਕਰੀਬ ਬਿਨਾਂ ਕਾਰਨ ਦੱਸੇ ਐੱਸ.ਐੱਚ.ਓ. ਤੇ ਉਸ ਦੇ ਸਾਥੀ ਗੁਰੂ ਘਰ ਦੀ ਕੰਧ ਲੰਘ ਕੇ ਦਾਖਲ ਹੋਏ ਅਤੇ ਗਲਤ ਸ਼ਬਦਾਵਲੀ ਦੀ ਵਰਤੋਂ ਕਰਦਿਆਂ ਕੁੱਟਮਾਰ ਕੀਤੀ ਗਈ। ਜਦੋਂ ਕੁੱਟਮਾਰ ਦਾ ਕਾਰਨ ਪੁੱਛਿਆ ਗਿਆ ਤਾਂ ਉਨ੍ਹਾ ਕਿਹਾ ਕਿ ਤੁਸੀਂ ਗੁਰੂ ਘਰ ਖਾਲੀ ਕਰ ਦਿਓ, ਜਿਸ ਦੇ ਰੋਸ ਵਜੋਂ ਅੱਜ ਲੋਕਾਂ ਵੱਲੋਂ ਧਰਨਾ ਦੇ ਕੇ ਐੱਸ.ਐੱਚ.ਓ. ਖਿਲਾਫ ਕਾਰਵਾਈ ਦੀ ਮੰਗ ਕੀਤੀ ਗਈ। ਇਸ ਮੌਕੇ ਅਵਤਾਰ ਸਿੰਘ, ਜੋਗਿੰਦਰ ਸਿੰਘ, ਰਾਮਜਸ ਸਿੰਘ, ਲਵਪ੍ਰੀਤ ਸਿੰਘ, ਸੁਖਦੀਪ ਸਿੰਘ, ਬਲਵਿੰਦਰ ਸਿੰਘ, ਬਲਕਾਰ ਸਿੰਘ, ਦੇਸਪਾਲ ਸਿੰਘ, ਮੱਖਣ ਸਿੰਘ, ਬੱਗਾ ਸਿੰਘ, ਕਮਲਜੀਤ ਸਿੰਘ, ਸਿਕੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਮਹਿਲਾਵਾਂ ਵੀ ਹਾਜ਼ਰ ਸਨ।

ਵਿਵੇਕਾਨੰਦ ਵਰਲਡ ਸਕੂਲ 'ਚ 'ਤਣਾਅ ਪ੍ਰਬੰਧਨ ਤੇ ਸ਼ਖਸੀਅਤ ਵਿਕਾਸ' ਵਿਸ਼ੇ 'ਤੇ ਸੈਮੀਨਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਵਿਵੇਕਾਨੰਦ ਵਰਲਡ ਸਕੂਲ ਵਿੱਚ ਵਿਦਿਆਰਥੀਆਂ ਲਈ 'ਤਣਾਅ ਪ੍ਰਬੰਧਨ ਤੇ ਸ਼ਖਸੀਅਤ ਵਿਕਾਸ' ਵਿਸ਼ੇ 'ਤੇ ਸੈਮੀਨਾਰ ਕੀਤਾ ਗਿਆ।ਉਪਰੋਕਤ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਡਾਇਰੈਕਟਰ ਡਾ. ਐੱਸ. ਐੱਨ. ਰੁਦਰਾ ਨੇ ਦੱਸਿਆ ਕਿ ਵਿਵੇਕਾਨੰਦ ਵਰਲਡ ਸਕੂਲ ਵਿੱਚ ਵਿਦਿਆਰਥੀਆਂ ਨੂੰ ਰੁੱਦਰ ਦਾਸ ਤੇ ਪ੍ਰਣੇਸ਼ਵਰ ਦਾਸ ਵੱਲੋਂ ਮਾਰਗਦਰਸ਼ਨ ਕੀਤਾ ਗਿਆ।ਇਸ ਸੈਸ਼ਨ ਦੌਰਾਨ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਤਣਾਅ ਨੂੰ ਸੰਭਾਲਣ ਤੇ ਸਕਾਰਾਤਮਕ ਸ਼ਖ਼ਸੀਅਤ ਨੂੰ ਉਤਸ਼ਾਹਤ ਕਰਨ ਲਈ ਬੁਨਿਆਦੀ ਦਿਸ਼ਾ-ਨਿਰਦੇਸ਼ ਪ੍ਰਦਾਨ ਕੀਤੇ ਗਏ।ਗਿਆਨ ਸਾਂਝਾ ਕਰਨ ਦੇ ਨਾਲ-ਨਾਲ ਉਨ੍ਹਾਂ ਨੇ ਇਹ ਵੀ ਦੱਸਿਆ ਕਿ ਕਿਵੇਂ ਆਪਣੇ ਆਪ ਨੂੰ ਖੁਸ਼ ਰੱਖਣਾ ਹੈ, ਸੱਚੀ ਖੁਸ਼ੀ ਅੰਦਰੋਂ ਹੀ ਮਿਲਦੀ ਹੈ, ਚੰਗੀਆਂ ਆਦਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਤੇ ਆਪਣੇ ਟੀਚੇ ਮਿੱਥ ਕੇ ਉਸ ਅਨੁਸਾਰ ਕੰਮ ਕਰਨ ਲਈ ਪ੍ਰੇਰਿਤ ਕੀਤਾ। 9ਵੀਂ ਤੇ 11ਵੀਂ ਜਮਾਤ ਦੇ ਵਿਦਿਆਰਥੀਆਂ ਨੇ ਇਸ ਸੈਸ਼ਨ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਤੇ ਇਸ ਨੂੰ ਸਕਾਰਾਤਮਕ ਧਾਰਨਾ ਨਾਲ ਸਮਾਪਤ ਕੀਤਾ। 'ਤਣਾਅ ਪ੍ਰਬੰਧਨ ਤੇ ਸ਼ਖਸੀਅਤ ਵਿਕਾਸ' ਸੈਸ਼ਨ ਦਾ ਆਯੋਜਨ ਤਜਰਬੇਕਾਰ ਪੇਸ਼ੇਵਰਾਂ ਦੁਆਰਾ ਕੀਤਾ ਗਿਆ ਸੀ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਯੋਗ ਬਣਨ ਤੇ ਸਹੀ ਦਿਸ਼ਾ ਵਿੱਚ ਅੱਗੇ ਵਧਣ ਲਈ ਲੋੜੀਂਦੀਆਂ ਰਣਨੀਤੀਆਂ ਸਿਖਾਈਆਂ। ਸਕੂਲ ਨੇ ਇਸ ਸੈਸ਼ਨ ਰਾਹੀਂ ਵਿਦਿਆਰਥੀਆਂ ਨੂੰ ਆਤਮ ਨਿਰਭਰਤਾ ਤੇ ਖੁਸ਼ਹਾਲੀ ਵੱਲ ਸੇਧ ਦੇਣ ਦਾ ਮੌਕਾ ਦਿੱਤਾ ਹੈ।ਇਸ ਸੈਮੀਨਾਰ ਵਿੱਚ ਵਿਵੇਕਾਨੰਦ ਵਰਲਡ ਸਕੂਲ ਦੇ ਮੁੱਖ ਪ੍ਰਸ਼ਾਸਕ ਪਰਮਵੀਰ ਸ਼ਰਮਾ ਦੀ ਮੰਜੂਦਗੀ ਵਿੱਚ ਇਹ ਪ੍ਰੋਗਰਾਮ ਸਫਲਤਾਪੂਰਵਕ ਕਰਵਾਇਆ ਗਿਆ। ਸਮਾਗਮ ਦੇ ਅੰਤ ਵਿੱਚ ਪ੍ਰਬੰਧਕਾਂ ਨੇ ਰੁਦਰ ਦਾਸ ਤੇ ਪ੍ਰਣੇਸ਼ਵਰ ਦਾਸ ਨੂੰ ਸਨਮਾਨਤ ਕੀਤਾ ਗਿਆ।ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ ਸੈੱਟ ਤਹਿਤ ਸਕੂਲ ਦੇ ਵਿਹੜੇ ਵਿੱਚ ਹਰ ਸ਼ਨੀਵਾਰ ਨੂੰ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਂਦੇ ਹਨ।

ਮਨਜੋਤ ਕੌਰ ਸੂਬਾ ਪੱਧਰੀ ਵਿਗਿਆਨ ਪ੍ਰਦਰਸ਼ਨੀ 'ਚੋਂ ਅੱਵਲ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਸਿੱਖਿਆ ਵਿਭਾਗ ਪੰਜਾਬ ਵੱਲੋਂ ਜੀ.ਐੱਨ.ਈ. ਕਾਲਜ ਲੁਧਿਆਣਾ ਵਿਖੇ ਕਰਵਾਈ ਗਈ ਰਾਜ ਪੱਧਰੀ ਵਿਗਿਆਨ ਪ੍ਰਦਰਸ਼ਨੀ ਵਿੱਚ ਗਦਰੀ ਬਾਬਾ ਠਾਕੁਰ ਦਾਸ ਜੀ ਸਰਕਾਰੀ ਹਾਈ ਸਮਾਰਟ ਸਕੂਲ ਧੂਰਾ ਦੀ ਮਨਜੋਤ ਕੌਰ ਨੇ 'ਲਾਈਫ' ਥੀਮ ਤਹਿਤ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਪਿਆਂ, ਸਕੂਲ ਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਸਕੂਲ ਮੁਖੀ ਅਨਵਰ ਅਲੀ ਨੇ ਜੇਤੂ ਵਿਦਿਆਰਥਣ ਤੇ ਗਾਈਡ ਅਧਿਆਪਕਾ ਜਸਵਿੰਦਰ ਕੌਰ ਅਤੇ ਨੂਤਨ ਕਪੂਰ ਦਾ ਸਕੂਲ ਪੁੱਜਣ 'ਤੇ ਸਨਮਾਨ ਕੀਤਾ ਅਤੇ ਉਨ੍ਹਾਂ ਦੀ ਮਾਣ-ਮੱਤੀ ਪ੍ਰਾਪਤੀ 'ਤੇ ਮਾਣ ਮਹਿਸੂਸ ਕਰਦਿਆਂ ਕਿਹ

5-FEB-PAGE-8.qxd 2/4/2024 9:58 PM Page 1

ਜ਼ਿਲ੍ਹੇ 'ਚ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਕੈਂਪ ਭਲਕ ਤੋਂ

ਸਾਹਿਬਜਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)—ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਿਕਾਇਤਾਂ ਦਾ ਉਨ੍ਹਾਂ ਦੇ ਬੂਹੇ 'ਤੇ (ਪਿੰਡਾਂ ਵਿੱਚ ਜਾ ਕੇ) ਨਿਪਟਾਰਾ ਕਰਨ ਦੇ ਯਤਨਾਂ ਤਹਿਤ 6 ਫਰਵਰੀ ਤੋਂ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਪਿੰਡ ਅਤੇ ਵਾਰਡ ਪੱਧਰ 'ਤੇ ਸ਼ਿਕਾਇਤ ਨਿਵਾਰਨ ਕੈਂਪ ਲਗਾਏ ਜਾਣਗੇ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਿਰਾਜ ਸ਼ਿਆਮਕਰਨ ਤਿਰਕੇ ਨੇ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਨੋਡਲ ਅਫਸਰਾਂ ਦੀ ਪਹਿਲੀ ਸਿਖਲਾਈ ਵਰਕਸ਼ਾਪ ਦਾ ਆਯੋਜਨ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਇਸ ਫਲੈਗਸ਼ਿਪ ਪ੍ਰੋਗਰਾਮ ਦਾ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਹੈ। ਕੈਂਪ ਦੌਰਾਨ ਤਿੰਨ ਪੜਾਵਾਂ; ਪਹਿਲਾ ਮੌਕੇ 'ਤੇ, 15 ਦਿਨਾਂ ਦੇ ਅੰਦਰ ਲੰਮੀ ਪ੍ਰਕਿਰਿਆ ਦੇ ਮਾਮਲੇ ਵਿਚ ਅਤੇ ਨਿਆਂਇਕ ਮਾਮਲੇ ਕਾਰਨ ਹੱਲ ਨਾ ਹੋਣ ਦੀ ਸਥਿਤੀ ਵਿਚ, ਉਨ੍ਹਾਂ ਨੂੰ ਉਚਿਤ ਪ੍ਰਕਿਰਿਆ ਦੀ ਪਾਲਣਾ ਕਰਨ ਲਈ ਬੇਨਤੀ, ਵਿੱਚ ਮੁਸ਼ਕਿਲਾਂ ਦੇ ਹੱਲ ਸੁਝਾਏ ਜਾਣਗੇ। ਉਨ੍ਹਾਂ ਦੱਸਿਆ ਕਿ ਹਰ ਸਬ ਡਵੀਜਨ ਵਿੱਚ ਸਬ ਡਵੀਜਨ ਦੇ ਉਪ ਮੰਡਲ ਮੈਜਿਸਟਰੇਟ ਦੀ ਅਗਵਾਈ ਵਿੱਚ ਦਿਨ ਵਿੱਚ ਚਾਰ ਕੈਂਪ ਲਗਾਏ ਜਾਣੇ ਹਨ। ਨੋਡਲ ਅਫਸਰ ਦੀ ਭੂਮਿਕਾ ਪੇਂਡੂ ਖੇਤਰਾਂ ਵਿੱਚ ਐਸ.ਡੀ.ਐਮਜ/ਤਹਿਸੀਲਦਾਰਾਂ/ਨਾਇਬ ਤਹਿਸੀਲਦਾਰਾਂ ਅਤੇ ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ ਨੂੰ ਸੌਂਪੀ ਗਈ ਹੈ ਜਦੋਂ ਕਿ ਸਹਿਰੀ ਸਥਾਨਕ ਸੰਸਥਾਵਾਂ ਵਿੱਚ ਸੰਯੁਕਤ ਕਮਿਸਨਰ ਪੱਧਰ ਦੇ ਅਧਿਕਾਰੀਆਂ ਨੂੰ ਲਾਇਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਸਮੂਹ ਸਬੰਧਤ ਅਧਿਕਾਰੀ ਮਿੱਥੇ ਗਏ ਖਾਸ ਦਿਨ, ਵਿਸ਼ੇਸ਼ ਸਥਾਨ 'ਤੇ ਲਗਾਏ ਜਾਣ ਵਾਲੇ ਕੈਂਪ ਵਿੱਚ ਹਾਜਰ ਹੋਣ ਅਤੇ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨ। ਸ਼ਹਿਰੀ ਵਾਰਡਾਂ ਅਤੇ ਪਿੰਡਾਂ ਦੇ ਵਸਨੀਕਾਂ ਨੂੰ ਪਿੰਡ/ਵਾਰਡ ਦੀਆਂ ਸਾਂਝੀਆਂ ਥਾਵਾਂ ਤੋਂ ਜਨਤਕ ਘੋਸ਼ਣਾਵਾਂ ਦੇ ਨਾਲ-ਨਾਲ ਜ਼ਿਲ੍ਹਾ ਪ੍ਰਸ਼ਾਸਨ ਦੇ ਸੋਸ਼ਲ ਮੀਡੀਆ ਪਲੇਟਫਾਰਮਾਂ ਅਤੇ ਪ੍ਰਿੰਟ ਮੀਡੀਆ ਦੁਆਰਾ ਪਹਿਲਾਂ ਹੀ ਕੈਂਪਾਂ ਬਾਰੇ ਸੂਚਿਤ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਸਾਰੇ ਕੈਂਪਾਂ ਵਿੱਚ ਸ਼ਿਕਾਇਤ ਨਿਵਾਰਨ ਵਿਧੀ ਤੋਂ ਇਲਾਵਾ 45 (ਪਹਿਲਾਂ 43) ਡੋਰ-ਟੂ-ਡੋਰ ਸੇਵਾਵਾਂ (ਡਾਇਲ 1076) ਨਾਲ ਸਬੰਧਤ ਵਸਨੀਕਾਂ ਨੂੰ ਮੌਕੇ 'ਤੇ ਉਪਲਬਧ ਕਰਵਾਉਣ ਲਈ ਕਾਫੀ ਗਿਣਤੀ ਵਿੱਚ ਫਾਰਮ ਮੌਜੂਦ ਹੋਣਗੇ। ਰਾਜ ਦੁਆਰਾ ਸ਼ਿਕਾਇਤ ਨਿਪਟਾਰੇ ਦੀ ਵਿਧੀ ਨਾਲ ਸਬੰਧਤ ਇੱਕ ਸਮਰਪਿਤ ਕਾਲ ਸੈਂਟਰ ਨੰਬਰ 1100, ਉਹਨਾਂ ਵਸਨੀਕਾਂ ਨਾਲ ਸੰਪਰਕ ਕਰਕੇ ਇੱਕ ਫੀਡਬੈਕ ਕਾਲ ਸੈਂਟਰ ਵਜੋਂ ਕੰਮ ਕਰੇਗਾ ਜੋ ਪਹਿਲਾਂ ਹੀ ਆਪਣੇ ਖੇਤਰਾਂ ਵਿੱਚ ਕੈਂਪਾਂ ਵਿੱਚ

ਸ਼ਾਮਲ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਕੈਂਪਾਂ ਵਿੱਚ ਹਾਜਰ ਹੋਣ ਵਾਲੇ ਅਧਿਕਾਰੀਆਂ ਦੇ ਨਾਲ-ਨਾਲ ਕੈਂਪਾਂ ਵਿੱਚ ਉਨ੍ਹਾਂ ਕੋਲ ਆਪਣੀਆਂ ਮੁਸ਼ਕਿਲਾਂ ਲੈ ਕੇ ਆਉਣ ਵਾਲੇ ਇਲਾਕਾ ਨਿਵਾਸੀਆਂ ਲਈ ਬੈਠਣ ਦਾ ਯੋਗ ਪ੍ਰਬੰਧ ਹੋਣਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਹਰੇਕ ਸਾਈਟ 'ਤੇ ਇੱਕ ਹੈਲਪ ਡੈਸਕ ਵੀ ਸਥਾਪਿਤ ਕੀਤਾ ਜਾਵੇਗਾ। ਕੈਂਪਾਂ ਨਾਲ ਸਬੰਧਤ ਮਿਆਰੀ ਸੰਚਾਲਨ ਪ੍ਰਕਿਰਿਆਵਾਂ ਤੋਂ ਜਾਣੂ ਕਰਵਾਉਣ ਲਈ ਇੱਕ ਸਿਖਲਾਈ ਵਰਕਸ਼ਾਪ ਲਾਈਨ ਵਿਭਾਗਾਂ ਲਈ ਵੀ ਲਗਾਈ ਜਾਵੇਗੀ ਜਿਨ੍ਹਾਂ ਦੇ ਅਧਿਕਾਰੀ/ਨੁਮਾਇੰਦੇ ਆਮ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨਗੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀਮਤੀ ਸੋਨਮ ਚੌਧਰੀ, ਡੇਰਾਬੱਸੀ ਤੋਂ ਐਸ.ਡੀ.ਐਮਜ ਹਿਮਾਂਸ਼ੂ ਗੁਪਤਾ, ਮੁਹਾਲੀ ਤੋਂ ਦੀਪਾਂਕਰ ਗਰਗ ਅਤੇ ਖਰੜ ਤੋਂ ਗੁਰਮੰਦਰ ਸਿੰਘ, ਮੁੱਖ ਮੰਤਰੀ ਦੇ ਫੀਲਡ ਅਫਸਰ ਇੰਦਰ ਪਾਲ, ਸਹਾਇਕ ਕਮਿਸਨਰ (ਜਨਰਲ) ਹਰਜੋਤ ਕੌਰ ਮਾਵੀ, ਸਹਾਇਕ ਕਮਿਸ਼ਨਰ (ਸਿਖਲਾਈ ਅਧੀਨ) ਡੇਵੀ ਗੋਇਲ, ਡੀ.ਡੀ.ਪੀ.ਓ ਬਲਜਿੰਦਰ ਸਿੰਘ ਗਰੇਵਾਲ, ਸਹਾਇਕ ਕਮਿਸ਼ਨਰ ਨਗਰ ਨਿਗਮ ਮੋਹਾਲੀ ਰੰਜੀਵ ਕੁਮਾਰ, ਨਾਇਬ ਤਹਿਸੀਲਦਾਰ ਮੋਹਾਲੀ ਅਮਨਦੀਪ ਸਿੰਘ, ਨਾਇਬ ਤਹਿਸੀਲਦਾਰ, ਮਾਜਰੀ ਜਸਵੀਰ ਕੌਰ, ਬੀ.ਡੀ.ਪੀ.ਓ ਖਰੜ ਸਤਵੰਤ ਸਿੰਘ ਰੰਧਾਵਾ ਅਤੇ ਹੋਰ ਅਧਿਕਾਰੀ ਵੀ ਹਾਜਰ ਸਨ।

ਗੋਲਡ ਕੱਪ ਜਸਪੂਰਨ ਸਿੰਘ ਮੁੱਲਾਂਪੁਰ ਦਾਖਾ ਤੇ ਕਾਜਲ ਸੋਨੀਪਤ ਨੇ ਜਿੱਤਿਆ

ਮਾਹਿਲਪੁਰ (ਸਫਰੀ)- ਨਜਦੀਕੀ ਪਿੰਡ ਭੁੱਲੇਵਾਲ ਗੁੱਜਰਾਂ ਦੀ ਪੂਜਨੀਕ ਧਰਤੀ ਡੇਰਾ ਬੈਕੁੰਠ ਧਾਮ ਜਿੱਥੇ ਪੂਰਨ ਬ੍ਰਹਮ ਗਿਆਨੀ ਧੰਨ ਧੰਨ ਬਾਬਾ ਦੋ ਗੁੱਤਾਂ ਵਾਲਿਆਂ ਦੀ ਯਾਦ ਵਿੱਚ ਡੇਰੇ ਦੇ ਮੁੱਖ ਸੇਵਾਦਾਰ ਬਾਲ ਕਿਸ਼ਨ ਆਨੰਦ ਦੀ ਰਹਿਨੁਮਾਈ ਹੇਠ 4 ਦਿਨਾ ਸਾਲਾਨਾ ਜੋੜ ਮੇਲਾ ਦੇਸ਼ ਵਿਦੇਸ਼ ਵਸਦੇ ਟਰੱਸਟ ਦੇ ਮੈਂਬਰਾਂ ਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਪੂਰਨ ਸ਼ਰਧਾ ਤੇ ਸਤਿਕਾਰ ਸਹਿਤ ਕਰਵਾਇਆ ਗਿਆ। ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਸੰਭਾਲਣ ਤੇ ਉਤਸ਼ਾਹਿਤ ਕਰਨ ਲਈ ਰੁਸਤਮੇ ਹਿੰਦ ਕਲੱਬ ਕੈਨੇਡਾ ਦੇ ਮੁਖੀ ਪਹਿਲਵਾਨ ਹਰਜੀਤ ਸਿੰਘ ਬਿਲਨ ਨੇ ਬਲਤੇਜ ਸਿੰਘ ਮੁੰਡੀ ਤੇ ਉਦੈਪ੍ਰਤਾਪ ਸਿੰਘ ਬਿਲਨ ਸਮੇਤ ਪਹੁੰਚ ਕੇ ਸੀਨੀਅਰ ਕੁਸ਼ਤੀ ਕੋਚ ਪੀ ਆਰ ਸੌਧੀ,ਕੋਚ ਰਾਜਿੰਦਰ ਸਿੰਘ ਤੇ ਚੰਦ ਪਹਿਲਵਾਨ ਦੀ ਦੇਖਰੇਖ ਹੇਠ ਬਹੁਤ ਹੀ ਵਧੀਆ ਢੰਗ ਨਾਲ ਕਰਵਾਇਆ ਗਿਆ। ਜਿਸ ਵਿੱਚ ਇਸ ਵਾਰ ਦਾ ਗੋਲਡ ਕੱਪ ਲੜਕਿਆਂ ਜਸਪੂਰਨ ਸਿੰਘ ਮੁੱਲਾਂਪੁਰ ਦਾਖਾ ਨੇ ਆਪਣੇ ਵਿਰੋਧੀ ਦੀਪਕ ਪਹਿਲਵਾਨ ਇੰਡੀਅਨ ਨੇਵੀ ਨੂੰ ਹਰਾ ਕੇ ਜਿੱਤਿਆ ਅਤੇ ਲੜਕੀਆਂ ਦਾ ਗੋਲਡ ਕੱਪ ਕਾਜਲ ਸੋਨੀਪਤ ਨੇ ਹਰਿਆਣਾ ਨੇ ਸੀਮਾ ਰੋਹਤਕ ਨੂੰ ਹਰਾ ਕੇ ਜਿੱਤਿਆ। ਇਨ੍ਹਾਂ ਤੋਂ ਇਲਾਵਾ ਰਜਤ ਹਰਿਆਣਾ, ਪੁਸ਼ਪਿੰਦਰ ਆਲਮਗੀਰ,ਨਿਕੀਤਾ ਕਿੰਨੌਰ,ਰਾਜਨਦੀਪ ਫਰੀਦਕੋਟ,ਸੰਦੀਪ ਦਿੱਲੀ,ਅਤੁਲ ਜਲੰਧਰ,ਕਰਨ

ਪਟਿਆਲਾ, ਮੁਹੰਮਦ ਅੰਸ ਮਲੇਰਕੋਟਲਾ,ਮਨਪ੍ਰੀਤ ਕੌਰ ਫਰੀਦਕੋਟ,ਗੁਰਸ਼ਰਨ ਕੌਰ ਫਰੀਦਕੋਟ,ਸਿਧਾਰਥ ਹਰਿਆਣਾ,ਰਿੰਕੂ ਲੁਧਿਆਣਾ,ਖੁਸ਼ਪ੍ਰੀਤ ਮੁੱਲਾਂਪੁਰ,ਪੂਰਵੀ ਸ਼ਰਮਾ ਮੁੱਲਾਂਪੁਰ ਨੇ ਵੀ ਵੱਖੋ ਵੱਖਰੇ ਭਾਰ ਵਰਗ ਮੁਕਾਬਲਿਆਂ ਵਿੱਚ ਖਿਤਾਬ ਜਿੱਤੇ ਤੇ ਨਕਦ ਇਨਾਮ ਪ੍ਰਾਪਤ ਕੀਤੇ। ਫਾਈਨਲ ਮੁਕਾਬਲਿਆਂ ਵਾਲੇ ਦਿਨ ਨਵੇਂ ਪਹਿਲਵਾਨਾਂ ਨੂੰ ਆਸ਼ੀਰਵਾਦ ਦੇਣ ਲਈ ਰੁਸਤਮੇ ਹਿੰਦ ਤੇ ਏਸੀਅਨ ਖੇਡਾਂ ਦੇ ਜੇਤੂ ਪਹਿਲਵਾਨਰ ਬੁੱਧ ਸਿੰਘ ਸੀਨੀਅਰ ਪਹਿਲਵਾਨ ਕਰਤਾਰ ਸਿੰਘ ਰਿਟਾਇਰਡ ਆਈ ਜੀ, ਰਾਕੇਸ ਪਹਿਲਵਾਨ ਇੰਦੌਰ, ਪਹਿਲਵਾਨ ਸਤੀਸ ਕੁਮਾਰ ਡੀ ਐਸ ਪੀ ਗੜ੍ਹਸੰਕਰ, ਗੁਰਸਰਨ ਕੌਰ,ਪਰਮਿੰਦਰ ਸਿੰਘ ਡੂਮਛੇੜੀ,ਰੰਗਾ ਪਹਿਲਵਾਨ,ਚੌਂਤਾ ਪਹਿਲਵਾਨ, ਲਖਵਿੰਦਰ ਸਿੰਘ ਗਿੱਲ, ਲਹਿੰਬਰ ਪਹਿਲਵਾਨ ਪਹੁੰਚੇ ਹੋਏ ਸਨ। ਜਗਤ ਪ੍ਰਸਿੱਧ ਲੋਕ ਗਾਇਕ ਕਨਵਰ ਗਰੇਵਾਲ ਨੇ ਆਪਣੇ ਮਿਆਰੀ ਧਾਰਮਿਕ ਤੇ ਸਭਿਆਚਾਰਕ ਗੀਤਾਂ ਰਾਹੀਂ ਸੰਗਤਾਂ ਨੂੰ ਝੂਮਣ ਲਾ ਦਿੱਤਾ। ਪ੍ਰਤਾਪ ਰਾਣਾ,ਗੁਰਪ੍ਰੀਤ ਮਾਹਿਲਪੁਰੀ, ਮਕਬੂਲ, ਆਰ ਯੋਗੀ ਨੇ ਵੀ ਆਪਣੇ ਗੀਤਾਂ ਰਾਹੀਂ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਡਾਕਟਰ ਜੇ ਡੀ ਜੀ ਦੀ ਟੀਮ ਵਲੋਂ ਹਰ ਸਾਲ ਦੀ ਤਰ੍ਹਾਂ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ। ਚੌਥੇ ਦਿਨ ਸੋਲ੍ਹਵੇਂ ਬਰਸੀ ਸਮਾਗਮ ਮੌਕੇ ਕਬੀਰ ਪੰਥੀ ਸੰਤ ਬਾਬਾ ਭੋਲਾ ਦਾਸ,ਸੰਤ ਬਾਬਾ ਜਸਵੰਤ ਸਿੰਘ ਠੱਕਰਵਾਲ, ਸੰਤ ਸੋਢੀ ਸਿੰਘ ਠੱਕਰਵਾਲ, ਬੀਬੀ ਕਮਲਾ ਗੱਦੀਨਸ਼ੀਨ ਦਰਬਾਰ ਪੀਰ ਨਾਂਗੇਸਾਹ ਚੌਹਾਨ,ਸੰਤ ਮੱਖਣ ਸਿੰਘ ਟੂਟੋਮਜਾਰਾ ਸੰਤ ਬਲਵੀਰ ਸਿੰਘ ਨੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਅਰਜਨਾ ਐਵਾਰਡੀ ਫੁੱਟਬਾਲਰ ਗੁਰਦੇਵ ਸਿੰਘ ਗਿੱਲ,ਗੁਰਮਿੰਦਰ ਕੈਂਡੋਵਾਲ,ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਜਸਵੰਤ ਮੈਹਤਾ ਫਰਾਲਾ,ਮਾਸਟਰ ਮੋਹਣ ਸਿੰਘ,ਕੁਲਦੀਪ ਕੌਰ, ਮਲਕੀਤ ਕਾਂਜੀ,ਪੰਮਾ ਆਲਮਗੀਰ,ਮੋਹਣ ਸਿੰਘ ਮੋਹਣੀ,ਬਘੇਲ ਸਿੰਘ ਲੱਲੀਆਂ,ਨਿਰਮਲ ਸਿੰਘ ਗਰਚਾ,ਪਰਮਜੀਤ ਸਿੰਘ ਵਾਲੀਆ, ਦਵਿੰਦਰ ਸਿੰਘ ਵਾਲੀਆ,ਮਨਜੀਤ ਸਿੰਘ ਵਾਲੀਆ,ਹਰਬੰਸ ਸਿੰਘ ਵਾਲੀਆ,ਗੁਰਮੀਤ ਸਿੰਘ ਲੁਧਿਆਣਾ, ਵਾਸੁਦੇਵ ਗੌਤਮ,ਮਦਨ ਲਾਲ, ਮਹਿੰਦਰ ਸਿੰਘ,ਮੱਖਣ ਸਿੰਘ ਗੋਹਗੜੋਂ,ਬਲਜੀਤ ਕੌਰ,ਪਰਮਜੀਤ ਕੌਰ ਦਾਤਾ, ਹਰਨੇਕ ਸਿੰਘ ਰਾਏ ਬੰਗਾ, ਰਾਣਾ ਬੇਕਰੀ ਕੋਟ,ਓਮ ਇਲੈਕਟ੍ਰਿਕ ਸਟੋਰ ਬੰਗਾ ਵਾਲੇ,ਰਾਕੇਸ ਬਤਰਾ,ਬਾਬਾ ਸਰਨ ਦਾ ਢਾਬਾ,ਕਮਲ ਬਾਹੜੋਵਾਲ,ਜਿੰਦੋਂ ਫਰੂਟ ਵਾਲਾ,ਬੰਤ ਬਟੂਆ,ਜੱਸਾ ਹਲਵਾਈ,ਰਾਮਪਾਲ ਅਜਨੋਹਾ,ਹਰਬੰਸ ਕੌਰ, ਸਤਨਾਮ ਸਿੰਘ ਇੰਗਲੈਂਡ,ਸੰਕਰੀਆ ਪਹਿਲਵਾਨ,ਕੀਰਤੀ ਪਹਿਲਵਾਨ,ਗੋਲੂ ਪਹਿਲਵਾਨ,ਇਕਬਾਲ ਸਿੰਘ ਕਾਲੇਵਾਲ ਭਗਤਾਂ, ਜਸਨ,ਬਿੱਟੂ ਕਾਲੇਵਾਲ, ਸ਼ਿਵ ਕੁਮਾਰ, ਭਗਤਾਂ,ਲਿਆਕਤ ਹੁਸੈਨ, ਬੁੱਧ ਸਿੰਘ ਧੁਲੇਤਾ,ਬੀਰਾ ਪਹਿਲਵਾਨ,ਐਸ ਐਚ ਓ ਰਮਨ ਕੁਮਾਰ,ਥਾਣੇਦਾਰ ਕੁਲਵਿੰਦਰ ਸਿੰਘ ਬਿੱਟੂ, ਡਾਕਟਰ ਮਨਮੀਤ ਅਵਤਾਰ ਨਰਸਿੰਗ ਹੋਮ, ਜਸਵੀਰ ਸਿੰਘ ਬਿੱਲਾ, ਅਮਿਤ ਗੰਭੀਰ,ਸੱਤਾ ਕਲੇਰਾਂ,ਮਨਦੀਪ ਸਿੰਘ, ਰਾਮਜੀ ਭੂੰਨੋਂ ਹਾਜਰ ਸਨ।

ਗੁਰੂ ਨਾਨਕ ਦੇਵ ਚੈਰੀਟੇਬਲ ਡਿਸਪੈਂਸਰੀ ਨਰੂੜ ਵਿਖੇ ਰਾਓ ਕੈਂਡੋਵਾਲ ਸਨਮਾਨਤ

ਮਾਹਿਲਪੁਰ (ਸਫ਼ਰੀ) - ਗੁਰੂ ਨਾਨਕ ਦੇਵ ਚੈਰੀਟੇਬਲ ਡਿਸਪੈਂਸਰੀ ਤੇ ਲੈਬੋਰੇਟਰੀ ਨਰੂੜ ਪਾਂਛਟ ਵਿਖੇ ਇਕ ਸਾਦੇ ਪਰ ਸਿਹਤਮੰਦ ਪ੍ਰੋਗਰਾਮ ਵਿੱਚ ਆਮ ਆਦਮੀ ਪਾਰਟੀ ਦੇ ਬੁੱਧੀਜੀਵੀ ਵਿੰਗ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਕ੍ਰਿਸ਼ਨਜੀਤ ਰਾਓ ਕੈਂਡੋਵਾਲ ਵਲੋਂ ਆਪਣੀ ਟੀਮ ਨਾਲ ਸ਼ਮੂਲੀਅਤ ਕੀਤੀ ਗਈ।ਇਸ ਮੌਕੇ ਰਾਓ ਕੈਂਡੋਵਾਲ ਵਲੋਂ ਕਿਹਾ ਕਿ ਮਨੁੱਖਤਾ ਦੀ ਭਲਾਈ ਲਈ ਸਸਤੀਆਂ ਤੇ ਮਿਆਰੀ ਸਿਹਤ ਸਹੂਲਤਾਂ ਬਹੁਤ ਜਰੂਰੀ ਹੁੰਦੀਆਂ ਹਨ ਜਿਹਨਾਂ ਨੂੰ ਆਦਮੀ ਪਾਰਟੀ ਦੇ ਜ਼ਿਲ੍ਹਾ ਸੈਕਟਰੀ ਐਕਸ ਸਰਵਿਸਮੈਨ ਵਿੰਗ ਹੁਸ਼ਿਆਰਪੁਰ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਤੇ ਲੈਬੋਰੇਟਰੀ ਨਰੂੜ ਪਾਂਛਟ ਰਾਹੀਂ ਅਤੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਖੋਲ੍ਹੇ ਗਏ 700 ਦੇ ਕਰੀਬ ਮਹੱਲਾ ਕਲੀਨਿਕਾਂ ਰਾਹੀਂ ਲੋਕਾਂ ਨੂੰ ਘਰਾਂ ਦੇ ਨੇੜੇ ਹੀ ਸਸਤੀਆਂ ਤੇ ਮਿਆਰੀ ਸਿਹਤ ਸਹੂਲਤਾਂ ਦੇਣ ਦੇ ਪ੍ਰਬੰਧ ਕਰਕੇ ਪੰਜਾਬ ਨੂੰ ਤੰਦਰੁਸਤ ਬਣਾਉਣ ਲਈ ਵੱਡੇ ਤੇ ਅੱਖੋ ਯਤਨਾਂ ਨਾਲ ਬਾਖੂਬੀ ਪੂਰਾ ਕੀਤਾ ਜਾ ਰਿਹਾ ਹੈ। ਅਜਨੋਹਾ ਨੇ ਦੱਸਿਆ ਕਿ ਮਰੀਜਾਂ ਨੂੰ ਦਸ ਰੁਪਏ ਦੀ ਪਰਚੀ ਨਾਲ ਚੈਕਅੱਪ ਕਰਕੇ ਮੁਫਤ ਦਵਾਈ ਦਿੱਤੀ ਜਾਂਦੀ ਹੈ ਤੇ ਟੈਸਟ ਅੱਧੇ ਰੇਟ 'ਤੇ ਕੀਤੇ ਜਾਂਦੇ ਹਨ।ਇਸ ਮੌਕੇ ਡਿਸਪੈਂਸਰੀ ਦੇ ਸੰਚਾਲਕ ਹਰਵਿੰਦਰ ਸਿੰਘ ਖਾਲਸਾ ਤੇ ਉਹਨਾਂ ਦੀ ਟੀਮ ਵਲੋਂ ਰਾਓ ਕੈਂਡੋਵਾਲ ਨੂੰ ਉਹਨਾਂ ਦੀਆਂ ਸਮਾਜਿਕ ਸੇਵਾਵਾਂ ਤੇ ਵਿਦਿਅਕ ਸੇਵਾਵਾਂ ਨੂੰ ਮੁੱਖ ਰੱਖਦਿਆਂ ਯਾਦ ਚਿੰਨ੍ਹ ਨਾਲ ਸਨਮਾਨਤ ਕੀਤਾ ਗਿਆ।

ਅੱਖਾਂ ਦਾ ਮੁਫਤ ਚੈੱਕਅੱਪ ਕੈਂਪ 11 ਨੂੰ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)- ਭਗਤ ਪੂਰਨ ਸਿੰਘ ਲੋਕ ਸੇਵਾ ਟਰੱਸਟ ਬਰਨਾਲਾ ਕਲਾਂ ਵੱਲੋਂ ਗੁਰਦੁਆਰਾ ਸਾਧ ਸੰਗਤ ਦੇ ਸਹਿਯੋਗ ਨਾਲ 15ਵਾਂ ਮੁਫ਼ਤ ਅੱਖਾਂ ਦਾ ਕੈਂਪ ਲੈਨਜ਼ਾਂ ਵਾਲਾ ਗੁਰਦੁਆਰਾ ਸਾਧ ਸੰਗਤ ਪਿੰਡ ਬਰਨਾਲਾ ਕਲਾਂ ਵਿਖੇ 11 ਫਰਵਰੀ ਨੂੰ ਲਗਾਇਆ ਜਾ ਰਿਹਾ ਹੈ। ਜਿਸ ਵਿਚ ਸੀਐਮਸੀ ਹਸਪਤਾਲ ਲੁਧਿਆਣਾ ਤੋਂ ਅੱਖਾਂ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਜਾਵੇਗੀ। ਉਪਰੰਤ ਮਰੀਜ਼ਾਂ ਦੇ ਆਪਰੇਸ਼ਨ ਸੀਐੱਮਸੀ ਹਸਪਤਾਲ ਲੁਧਿਆਣਾ ਵਿਖੇ ਕੀਤੇ ਜਾਣਗੇ। ਮਰੀਜ਼ਾਂ ਦੀਆਂ ਅੱਖਾਂ 'ਚ ਮੁਫ਼ਤ ਲੈਨਜ਼ ਪਾਏ ਜਾਣਗੇ ਅਤੇ ਅੱਖਾਂ ਦੀਆਂ ਬਿਮਾਰੀਆਂ ਸਬੰਧੀ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ। ਕੈਂਪ ਵਿਚ ਧਵਨ ਹਸਪਤਾਲ ਤੋਂ ਦਿਮਾਗ ਅਤੇ ਰੀੜ੍ਹ ਦੀ ਹੱਡੀ ਦੇ ਮਾਹਿਰ ਡਾ. ਅਜੇ ਧਵਨ, ਔਰਤਾਂ ਦੇ ਰੋਗਾਂ ਦੇ ਮਾਹਿਰ ਡਾ. ਸੁਰਭੀ ਧਵਨ, ਬਲਵੀਰ ਹਸਪਤਾਲ ਤੋਂ ਹੱਡੀਆਂ ਦੇ ਮਾਹਿਰ ਡਾ. ਬਲਵੀਰ ਸੱਲਣ, ਬਾਲਾ ਜੀ ਹਸਪਤਾਲ ਤੋਂ ਡਾ. ਅਭਿਸ਼ੇਕ ਮਿਸ਼ਰਾ ਮਰੀਜ਼ਾਂ ਦੀ ਜਾਂਚ ਕਰਨਗੇ ਅਤੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਟਰੱਸਟ ਦੇ ਸੇਵਾਦਾਰ ਹਰਪ੍ਰਭਮਹਿਲ ਸਿੰਘ ਨੇ ਕਿਹਾ ਕਿ ਅੱਖਾਂ ਦੇ ਆਪਰੇਸ਼ਨ ਕਰਵਾਉਣ ਵਾਲੇ ਮਰੀਜ ਇਕ ਕੰਬਲ ਜ਼ਰੂਰ ਨਾਲ ਲੈ ਕੇ ਆਉਣ। ਇਸ ਮੌਕੇ ਮਹਿੰਦਰ ਸਿੰਘ, ਸੁੱਚਾ ਸਿੰਘ, ਜਤਿੰਦਰ ਸਿੰਘ, ਸੱਤ ਸਰੂਪ ਸਿੰਘ, ਚੈਨ

5-FEB-PAGE-9.qxd 2/4/2024 9:57 PM Page 1

ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਟੂ ਜ਼ਿਲ੍ਹਾ ਜਲੰਧਰ ਦੇ ਬਲਾਕ ਨੂਰਮਹਿਲ ਵਿੱਚ ਮੀਤ ਪ੍ਰਧਾਨ ਊਸ਼ਾ ਰਾਣੀ ਦੀ ਅਗਵਾਈ ਵਿੱਚ ਇਕੱਠੇ ਹੋ ਕੇ ਮੁਲਾਜਮ ਵਿਰੋਧੀ ਬਜਟ ਵਿਰੁੱਧ ਮੋਦੀ ਸਰਕਾਰ ਦਾ ਪੁਤਲਾ ਫੂਕਿਆ। ਜਨਰਲ ਸਕੱਤਰ ਕ੍ਰਿਸ਼ਨਾ ਕੁਮਾਰੀ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਬਜਟ ਅਮੀਰ ਪੱਖੀ ਤੇ ਗਰੀਬ ਵਿਰੋਧੀ ਹੈ। ਅਸੀਂ ਇਸ ਦੀ ਜ਼ੋਰਦਾਰ ਨਿਖੇਧੀ ਕਰਦੇ ਹਾਂ ਅਤੇ ਮੋਦੀ ਸਰਕਾਰ ਨੂੰ ਗੱਦੀ ਤੋਂ ਚਲਦਾ ਕਰਨ ਲਈ ਅਸੀਂ ਸਾਰੇ ਇਕੱਠੇ ਹੋ ਕੇ ਤਾਣ ਲਾਵਾਂਗੇ। ਇਸ ਬਜਟ ਵਿੱਚ ਆਂਗਣਵਾੜੀ ਆਸ਼ਾ ਵਰਕਰ ਮਿਡ ਡੇ ਮੀਲ ਚੌਕੀਦਾਰ ਮਨਰੇਗਾ ਲਈ ਕੁਝ ਵੀ ਨਹੀਂ। ਮੋਦੀ ਦੀਆਂ ਨੀਤੀਆਂ ਕਾਰਨ ਸਾਰੇ ਸਰਕਾਰੀ ਮਹਿਕਮੇ ਕੌਡੀਆਂ ਦੇ ਭਾਅ ਵੱਡੇ ਪੂੰਜੀਪਤੀਆਂ ਕੋਲ ਵੇਚ ਦਿੱਤੇ ਗਏ ਹਨ। ਰਨ ਐਂਡ ਹਿੱਟ ਦਾ ਕਾਨੂੰਨ ਸਾਰੇ ਡਰਾਇਵਰਾਂ ਨੂੰ ਪ੍ਰਭਾਵਿਤ ਕਰੇਗਾ। ਮਜ਼ਦੂਰ ਕਾਨੂੰਨਾਂ ਵਿੱਚ ਕੀਤੀਆਂ ਸੋਧਾਂ ਵੀ ਮੋਦੀ ਸਰਕਾਰ ਦਾ ਮਜ਼ਦੂਰਾਂ ਉਪਰ ਹਮਲਾ ਹੈ। ਅਸੀਂ ਸਾਰਿਆਂ ਨੂੰ ਅਪੀਲ ਕਰਦੇ ਹਾਂ ਕਿ ਇਹਨਾਂ ਨੀਤੀਆਂ ਵਿਰੁੱਧ 16 ਫਰਵਰੀ ਨੂੰ ਸ਼ਹਿਰ ਫਗਵਾੜਾ ਵਿੱਚ ਰੋਡ ਜਾਮ ਲਈ ਇਕੱਠੇ ਹੋ ਕੇ ਮੋਦੀ ਸਰਕਾਰ ਦਾ ਮਜ਼ਦੂਰਾਂ ਕਿਸਾਨਾਂ ਮੁਲਾਜ਼ਮਾਂ ਵਿਰੋਧੀ ਚਿਹਰਾ ਬੇਨਕਾਬ ਕਰੀਏ। ਇਸ ਮੌਕੇ ਅਮਰਜੀਤ ਕੌਰ, ਗੀਤਾ, ਕੁਲਵਿੰਦਰ ਕੌਰ, ਸੁਰਜੀਤ ਕੌਰ, ਬਲਵਿੰਦਰ ਕੌਰ, ਰਾਜਵਿੰਦਰ ਕੌਰ, ਬਖਸ਼ੋ, ਸੁਰਿੰਦਰ ਕੌਰ, ਸਰਬਜੀਤ ਕੌਰ ਆਦਿ ਹਾਜਰ ਸਨ।

ਨੰਬਰਦਾਰ ਯੂਨੀਅਨ ਨਕੋਦਰ ਨੇ ਐੱਸ ਡੀ ਐੱਮ ਢਿੱਲੋਂ, ਡੀ ਐੱਸ ਪੀ ਵਿਰਕ ਤੇ ਐੱਸ ਐੱਚ ਓ ਜੈ ਪਾਲ ਦਾ ਕੀਤਾ ਸਨਮਾਨ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) -ਨੰਬਰਦਾਰ ਯੂਨੀਅਨ ਨਕੋਦਰ ਸਮਰਾ (643) ਦੀ ਇੱਕ ਮੀਟਿੰਗ ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ ਦੀ ਪ੍ਰਧਾਨਗੀ ਹੇਠ ਯੂਨੀਅਨ ਦੇ ਦਫਤਰ ਵਿੱਚ ਹੋਈ। ਜਿਸ ਵਿੱਚ ਗੁਰਪਾਲ ਸਿੰਘ ਸਮਰਾ ਸੂਬਾ ਪ੍ਰਧਾਨ ਪੰਜਾਬ ਪਹੁੰਚੇ। ਹਰਕੰਵਲ ਸਿੰਘ ਮੁੰਧ ਜ਼ਿਲ੍ਹਾ ਪ੍ਰਧਾਨ ਨੰਬਰਦਾਰ ਯੂਨੀਅਨ ਜ਼ਿਲ੍ਹਾ ਜਲੰਧਰ ਦਿਹਾਤੀ ਦੀ ਅਗਵਾਈ ਵਿੱਚ ਨਕੋਦਰ ਦੇ ਨਵੇਂ ਆਏ ਐਸ ਡੀ ਐਮ ਮਾਨਯੋਗ ਗੁਰਸਿਮਰਨ ਸਿੰਘ ਢਿੱਲੋਂ , ਕੁਲਵਿੰਦਰ ਸਿੰਘ ਵਿਰਕ ਡੀ ਐਸ ਪੀ ਨਕੋਦਰ ਅਤੇ ਜੈ ਪਾਲ ਐਸ ਐਚ ਓ ਥਾਣਾ ਸਦਰ ਨਕੋਦਰ ਦਾ ਨੰਬਰਦਾਰ ਯੂਨੀਅਨ ਦੇ ਦਫਤਰ ਵਿੱਚ ਪਹੁੰਚਣ 'ਤੇ ਸਵਾਗਤ ਕੀਤਾ ਗਿਆ। ਐਸ ਡੀ ਐਮ ਢਿੱਲੋਂ ਅਤੇ ਡੀ ਐਸ ਪੀ ਵਿਰਕ ਨੇ ਯੂਨੀਅਨ ਦੇ ਆਗੂਆਂ ਨੂੰ ਭਰੋਸਾ ਦਿੱਤਾ ਕਿ ਉਹ ਜਿੰਨਾ ਚਿਰ ਨਕੋਦਰ ਵਿੱਚ ਡਿਊਟੀ ਨਿਭਾਉਣਗੇ ਸਭ ਨੂੰ ਵਧੀਆ ਸੇਵਾਵਾਂ ਦੇਣਗੇ ਅਤੇ ਕਿਸੇ ਦਾ ਵੀ ਕੋਈ ਵੀ ਕੰਮ ਰੁਕਣ ਨਹੀ ਦੇਣਗੇ । ਉਹਨਾਂ ਕਿਹਾ ਕਿ ਸ਼ਹਿਰ ਵਿੱਚ ਟ੍ਰੈਫਿਕ ਦੀ ਸਮੱਸਿਆ ਦਾ ਢੁਕਵਾਂ ਹੱਲ ਕੀਤਾ ਜਾਵੇਗਾ ਇਸ ਲਈ ਸ਼ਹਿਰ ਵਾਸੀ ਵੀ ਪ੍ਰਸ਼ਾਸਨ ਨੂੰ ਸਹਿਯੋਗ ਦੇਣ। ਉਹਨਾਂ ਕਿਹਾ ਕਿ ਲੋਕਾਂ ਨੂੰ ਚੰਗੀ ਸੁਰੱਖਿਆ ਦੇਣਾ ਸਾਡਾ ਮੁੱਢਲਾ ਫਰਜ ਹੈ ਅਤੇ ਨਸ਼ੇ ਨੂੰ ਠੱਲ੍ਹ ਪਾਉਣ ਲਈ ਅਸੀਂ ਸਖਤ ਕਾਰਵਾਈ ਕਰਾਂਗੇ ਅਤੇ ਕਿਸੇ ਨੂੰ ਲੋਕਾਂ ਦੀ ਜਿੰਦਗੀ ਨਾਲ ਖਿਲਵਾੜ ਨਹੀਂ ਕਰਨ ਦੇਵਾਂਗੇ। ਉਹਨਾਂ ਯੂਨੀਅਨ ਦੇ ਆਗੂਆਂ ਨੂੰ ਭਰੋਸਾ ਦਿੱਤਾ ਕਿ ਨੰਬਰਦਾਰਾਂ ਦਾ ਮਾਣ ਸਤਿਕਾਰ ਉਹਨਾਂ ਦੇ ਦਫਤਰਾਂ ਵਿੱਚ ਕੀਤਾ ਜਾਵੇਗਾ ਕਿਸੇ ਨੂੰ ਵੀ ਕੋਈ ਮੁਸ਼ਕਲ ਹੋਵੇ ਤਾਂ ਉਹ ਸਿੱਧੇ ਉਹਨਾਂ ਨੂੰ ਮਿਲ ਸਕਦੇ ਹਨ। ਯੂਨੀਅਨ ਦੇ ਆਗੂਆਂ ਵਲੋਂ ਐਸ ਡੀ ਐਮ ਢਿੱਲੋਂ, ਡੀ ਐਸ ਪੀ ਵਿਰਕ ਅਤੇ ਐਸ ਐਚ ਓ ਸਭਰ ਦਾ ਲੋਈਆਂ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ, ਰਾਜ ਕੁਮਾਰ ਮਹਿੰਮੀ ਜ਼ਿਲ੍ਹਾ ਜਨਰਲ ਸਕੱਤਰ ਜਲੰਧਰ, ਹਰਦਿਆਲ ਸਿੰਘ ਸਰਕ ਪੁਰ ਸੀਨੀਅਰ ਵਾਇਸ ਪ੍ਰਧਾਨ, ਬਲਜੀਤ ਸਿੰਘ ਲਿੱਤਰਾਂ ਸੀਨੀਅਰ ਵਾਇਸ ਪ੍ਰਧਾਨ, ਸ਼ਿਵਰਾਜ ਸਿੰਘ ਸੰਧੂ, ਸੰਪੂਰਨ ਸਿੰਘ ਚਾਨੀਆਂ, ਗੁਰਦੇਵ ਮਾਲੜੀ ਸੀਨੀਅਰ ਵਾਇਸ ਪ੍ਰਧਾਨ, ਗੁਰਦੇਵ ਸੰਗੋਵਾਲ, ਹਰਨੇਕ ਸਿੰਘ ਜੋਸਨ ਸਿੱਧੂਪੁਰ ਵਾਇਸ ਪ੍ਰਧਾਨ, ਸਰਪੰਚ ਗੁਰਮੁਖ ਸਿੰਘ ਸੰਧੂ ਨੰਬਰਦਾਰ,ਗੁਰਮਿੰਦਰ ਸਿੰਘ ਕੈਂਥ ਜਨਰਲ ਸਕੱਤਰ, ਰਤਨ ਰਾਏ ਕੈਸ਼ੀਅਰ, ਹਰਮੇਸ ਸਿੰਘ ਲਿੱਤਰਾਂ, ਸੁਖਦੇਵ ਸਿੰਘ ਦਰਗਾਬਾਦ, ਗੁਰਬਖਸ਼ ਸਿੰਘ, ਸੰਤੋਖ ਸਿੰਘ, ਮਨਜੀਤ ਲਾਲ ਕੋਟਲਾ, ਹਰਜਿੰਦਰ ਸਿੰਘ, ਮਲਕੀਤ ਸਿੰਘ ਆਲੇਵਲੀ ਬਲਬੀਰ ਸਿੰਘ ਮੱਟੂ, ਮਹਿੰਦਰ ਪਾਲ ਸੰਧੂ, ਤਰਸੇਮ ਸਿੰਘ ਅਤੇ ਹਰਦੇਵ ਸਿੰਘ ਆਦਿ ਨੰਬਰਦਾਰ ਸਾਥੀ ਹਾਜਰ ਸਨ।

'ਆਪ ਦੀ ਸਰਕਾਰ ਆਪ ਦੇ ਦੁਆਰ' ਦੀ ਸ਼ੁਰੂਆਤ ਭਲਕੇ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ "ਆਪ ਦੀ ਸਰਕਾਰ ਆਪ ਦੇ ਦੁਆਰ" ਸਕੀਮ ਦੀ ਸ਼ੁਰੂਆਤ 6 ਫਰਵਰੀ ਨੂੰ ਕੀਤੀ ਜਾ ਰਹੀ ਹੈ। ਜਿਸ ਦਾ ਉਦੇਸ਼ ਨਾਗਰਿਕਾ ਨੂੰ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ, ਇਸ ਲਈ ਵਿਸੇਸ਼ ਕੈਂਪ ਲਗਾ ਕੇ ਲੋਕਾਂ ਦੀ ਰਿਹਾਇਸ਼ ਦੇ ਨੇੜੇ ਉਨ੍ਹਾਂ ਦੀਆਂ ਸ਼ਿਕਾਇਤਾਂ/ਸਮੱਸਿਆਵਾਂ ਸੁਣਨਾ ਅਤੇ ਹੱਲ ਕਰਨਾ ਹੈ। 6 ਫਰਵਰੀ ਤੋਂ ਮੁੱਖ ਮੰਤਰੀ ਵੱਲੋਂ ਸ਼ੁਰੂ ਕੀਤੇ ਜਾ ਰਹੇ ਇਨ੍ਹਾਂ ਕੈਂਪਾਂ ਨੂੰ ਜ਼ਿਲ੍ਹਿਆਂ ਵਿੱਚ ਅਸਰਦਾਰ ਬਣਾਉਣ ਲਈ ਸਿਖਲਾਈ ਪ੍ਰੋਗਰਾਮ ਤਿਆਰ ਕੀਤਾ ਹੈ ਤਾ ਜੋ ਲੋਕਾਂ ਨੂੰ ਜਲਦੀ ਅਤੇ ਪਾਰਦਰਸ਼ੀ ਢੰਗ ਨਾਲ ਸਹੂਲਤਾਂ ਮਿਲ ਸਕਣ। ਸ੍ਰੀ ਅਨੰਦਪੁਰ ਸਾਹਿਬ ਵਿੱਚ ਉਪ ਮੰਡਲ ਪੱਧਰ 'ਤੇ ਹੋਈ ਮੀਟਿੰਗ ਬਾਰੇ ਹੋਰ ਵੇਰਵੇ ਦਿੰਦੇ ਹੋਏ ਨਾਇਬ ਤਹਿਸੀਲਦਾਰ ਵਿਕਾਸਦੀਪ ਨੇ ਦੱਸਿਆ ਕਿ 6 ਫਰਵਰੀ ਨੂੰ ਜ਼ਿਲ੍ਹੇ ਵਿਚ "ਆਪ ਦੀ ਸਰਕਾਰ ਆਪ ਦੇ ਦੁਆਰ" ਸਕੀਮ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਕਰਨਗੇ। ਉਪ ਮੰਡਲ ਸ੍ਰੀ ਅਨੰਦਪੁਰ ਸਾਹਿਬ ਵਿੱਚ ਇਹ ਯੋਜਨਾ ਉਸੇ ਦਿਨ ਸ਼ੁਰੂ ਹੋਵੇਗੀ, ਜਿਸ ਵਿਚ ਰੋਜ਼ਾਨਾ ਚਾਰ ਪਿੰਡ ਦੀਆਂ ਸਮੱਸਿਆਵਾਂ/ਮੁਸ਼ਕਿਲਾਂ ਹੱਲ ਕੀਤੀਆਂ ਜਾਣਗੀਆਂ। ਰੋਜ਼ਾਨਾ ਸਵੇਰੇ ਦੋ ਪਿੰਡਾਂ ਦੀਆਂ ਮੁਸ਼ਕਿਲਾਂ 9.30 ਵਜੇ ਅਤੇ ਬਾਕੀ ਦੋ ਪਿੰਡਾਂ ਦੀਆਂ ਸਮੱਸਿਆਵਾਂ ਅਤੇ ਲੋੜਾਂ ਬਾਰੇ ਕੈਂਪ ਦੁਪਹਿਰ 1.30 ਵਜੇ ਲਗਾਏ ਜਾਣਗੇ, ਜਿਸ ਵਿੱਚ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸੇਵਾ ਕੇਂਦਰਾਂ ਦੇ ਕਰਮਚਾਰੀ ਆਪਣੇ ਆਪਣੇ ਵਿਭਾਗਾਂ/ਦਫਤਰਾਂ ਨਾਲ ਸਬੰਧਿਤ ਦਸਤਾਵੇਜ ਸਮੇਤ ਹਾਜਰ ਰਹਿਣਗੇ।

ਐੱਸ ਟੀ ਐੱਸ ਵਰਲਡ ਸਕੂਲ ਨੇ ਕਾਮੇਡੀ ਕੰਪੀਟੀਸ਼ਨ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ

ਗੁਰਾਇਆ (ਬਿੰਦਰ ਸੁਮਨ)- ਸਵਾਮੀ ਸੰਤ ਦਾਸ ਪਬਲਿਕ ਸਕੂਲ ਜਲੰਧਰ ਵਿਖੇ ਸਹੋਦਿਆ ਇੰਟਰ ਸਕੂਲ ਕਾਮੇਡੀ ਕੰਪੀਟੀਸ਼ਨ ਆਯੋਜਿਤ ਕੀਤਾ ਗਿਆ।

ਜਿਸ ਵਿੱਚ ਐੱਸ.ਟੀ.ਐੱਸ. ਵਰਲਡ ਸਕੂਲ ਦੀ ਹੋਣਹਾਰ ਵਿਦਿਆਰਥਣ ਅਰਪਿਤਾ ਅੱਠਵੀਂ ਬੀ ਨੇ ਪਹਿਲਾ ਸਥਾਨ ਤੇ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀ ਅਭੈ ਰਾਜਾ ਨੇ ਵੀਂ ਕੌਨਸੋਲੇਸ਼ਨ ਸਰਟੀਫਿਕੇਟ ਪ੍ਰਾਪਤ ਕਰਕੇ ਸ਼ਾਨਦਾਰ ਸਫਲਤਾ ਹਾਸਲ ਕੀਤੀ । ਸਕੂਲ ਦੇ ਪ੍ਰਿੰਸੀਪਲ ਪ੍ਰਭਜੋਤ ਕੌਰ ਗਿੱਲ ਨੇ ਅਰਪਿਤਾ ਤੇ ਅਭੈ ਰਾਜਾ ਨੂੰ ਵਧਾਈ ਦਿੱਤੀ। ਉਹਨਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਦੂਜਿਆਂ ਨੂੰ ਹਸਾਉਣਾ ਕੋਈ ਸੌਖਾ ਕੰਮ ਨਹੀਂ ਹੈ ਤੇ ਨਾਲ ਹੀ ਦੱਸਿਆ ਕਿ ਹੱਸਣ ਨਾਲ ਸਾਡਾ ਸਰੀਰ ਤੰਦਰੁਸਤ ਰਹਿੰਦਾ ਹੈ ਸਾਨੂੰ ਆਪਣੇ ਆਪ ਨੂੰ ਖੁਸ਼ ਰੱਖਣਾ ਚਾਹੀਦਾ ਹੈ ਤੇ ਦੂਜਿਆਂ ਨੂੰ ਵੀ ਖਸ਼ਸੀ ਦੇਣੀ ਚਾਹੀਦੀ ਹੈ। ਉਹਨਾਂ ਸਾਰੇ ਵਿਦਿਆਰਥੀਆਂ ਨੂੰ ਇਸੇ ਤਰ੍ਹਾਂ ਹੀ ਆਉਣ ਵਾਲੀਆਂ ਨਵੀਨ ਅਤੇ ਅਗਾਂਹ ਵਧੂ ਪ੍ਰਤੀਯੋਗਿਤਾਵਾਂ ਵਿੱਚ ਹਿੱਸਾ ਲੈਣ ਲਈ ਕਿਹਾ।

ਪੈਨਸ਼ਨਾਂ 'ਚ ਕਟੌਤੀ ਕਰਨ ਖਿਲਾਫ ਕੀਤੀ ਰੋਸ ਰੈਲੀ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ ਯੂਨਿਅਨ ਪੰਜਾਬ ਵੱਲੋ ਪਾਵਰ ਕਲੋਨੀ ਅਨੰਦਪੁਰ ਸਾਹਿਬ ਵਿਖੇ ਜਨਰੇਸ਼ਨ ਮੰਡਲ ਅਤੇ ਗੰਗੂਵਾਲ ਡਵੀਜਨ ਵੱਲੋ ਮਹੀਨਾ ਜਨਵਰੀ 2024 ਵਿੱਚ ਪੈਨਸ਼ਨਾਂ ਵਿੱਚ ਕਟੌਤੀ ਕਰਕੇ 40% ਪੈਨਸ਼ਨ ਖਾਤਿਆਂ ਵਿੱਚ ਪਈ, ਜਿਸਦੇ ਰੋਸ ਵਜੋ ਪੈਨਸ਼ਨਰਾਂ ਵੱਲੋ ਰੋਸ ਰੈਲੀ ਕੀਤੀ ਗਈ। ਬੁਲਾਰਿਆਂ ਨੇ ਸਰਕਾਰ ਵਿਰੁੱਧ ਅਤੇ ਪਾਵਰਕਮ ਮੈਨੇਜਮੈਂਟ ਵਿਰੁੱਧ ਭਰਵੀਂ ਨਾਅਰੇਬਾਜੀ ਕਰਕੇ ਆਪਣਾ ਰੋਸ ਪ੍ਰਗਟਾਇਆ। ਜਿਸ ਦੇ ਦਬਾਅ ਸਦਕਾ ਸਾਰੀ ਪੈਨਸ਼ਨ ਦੀ ਅਦਾਇਗੀ ਮੈਨੇਜਮੈਂਟ ਨੂੰ ਕਰਨੀ ਪਈ। ਰੋਸ ਰੈਲੀ ਵਿੱਚ ਮਹਿੰਗਾ ਰਾਮ, ਕੁਲਦੀਪ ਸਿੰਘ ਰਾਣਾ, ਸੰਤੋਖ ਸਿੰਘ, ਸੁਖਦੇਵ ਸਿੰਘ, ਦੋਲਤ ਰਾਮ, ਸੋਮ ਦੱਤ, ਦੇਸ ਰਾਜ, ਧੰਨਾ ਸਿੰਘ,ਜੋਗਿੰਦਰ ਸਿੰਘ, ਜਗਦੀਸ਼ ਸਿੰਘ, ਸੁਖਦੇਵ ਸਿੰਘ ਕੈਸ਼ੀਅਰ ਾਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਸਰਕਾਰ ਨੂੰ ਸਖਤ ਵਾਰਨਿੰਗ ਦਿੱਤੀ ਅਤੇ ਅਗਲੇ ਘੋਲਾਂ ਬਾਰੇ ਵਿਚਾਰ ਵਟਾਂਦਰਾਂ ਕੀਤਾ। 16 ਫਰਵਰੀ ਨੂੰ ਹੋ ਰਹੀ ਦੇਸ਼ ਵਿਆਪੀ ਹੜਤਾਲ ਵਿੱਚ ਰੈਗੂਲਰ ਸਾਥੀਆਂ ਦਾ ਸਹਿਯੋਗ ਕਰਨ ਬਾਰੇ ਵੀ ਵਿਚਾਰ ਕੀਤਾ ਗਿਆ।

'ਸਰਕਾਰ ਤੁਹਾਡੇ ਦੁਆਰ' ਤਹਿਤ ਹਲਕਾ ਟਾਂਡਾ 'ਚ ਅੱਜ ਤੋਂ ਮੁਹਿੰਮ ਦੀ ਹੋਵੇਗੀ ਆਰੰਭਤਾ : ਰਾਜਾ

ਟਾਂਡਾ ਉੜਮੁੜ, (ਜਸਵਿੰਦਰ ਸੰਧੂ ਉੱਕਾਰ ਸਿੰਘ)- ਸੂਬਾ ਸਰਕਾਰ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਲਗਾਏ ਜਾਣ ਵਾਲੇ ਕੈਂਪ 'ਸਰਕਾਰ ਤੁਹਾਡੇ ਦੁਆਰ' ਮੁਹਿੰਮ ਦੀ ਰੂਪ-ਰੇਖਾ ਤਿਆਰ ਕਰਨ ਤੇ ਇਸ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਆਮ ਆਦਮੀ ਪਾਰਟੀ ਦੀ ਇੱਕ ਮੀਟਿੰਗ ਸਥਾਨਕ ਪਾਸੀ ਮੈਰਿਜ ਹਾਲ ਵਿਖੇ ਹੋਈ। ਪਾਰਟੀ ਦੇ ਸੂਬਾਈ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਜ਼ਿਲਾ ਯੋਜਨਾ ਬੋਰਡ ਦੇ ਚੇਅਰਮੈਨ ਤੇ ਹਲਕਾ ਪ੍ਰਭਾਰੀ ਟਾਂਡਾ ਮੈਡਮ ਕਰਮਜੀਤ ਕੌਰ ਹੁਸ਼ਿਆਰਪੁਰ, ਪ੍ਰਭਾਰੀ ਤਜਿੰਦਰ ਰਿਪੀ, ਪ੍ਰਭਾਰੀ ਨਿਸਾਨ ਚਾਹਲ, ਪ੍ਰਭਾਰੀ ਪਰਮਿੰਦਰ ਕੌਰ, ਪ੍ਰਭਾਰੀ ਰੁਪਿੰਦਰ ਕੌਰ, ਪ੍ਰਭਾਰੀ ਰਾਜਵਿੰਦਰ ਸਿੰਘ ਤੇ ਪ੍ਰਭਾਰੀ ਦਇਆਵੰਤੀ ,ਹਲਕਾ ਟਾਂਡਾ ਦੇ 28 ਬਲਾਕ ਪ੍ਰਧਾਨਾਂ ਤੋਂ ਇਲਾਵਾ ਪਾਰਟੀ ਦੇ ਸਰਗਰਮ ਅਹੁਦੇਦਾਰ ਤੇ ਵਲੰਟੀਅਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਸਭ ਤੋਂ ਪਹਿਲਾਂ ਪਾਰਟੀ ਵੱਲੋਂ ਹੁਣ ਤੱਕ ਪੰਜਾਬ ਅਤੇ ਹਲਕਾ ਟਾਂਡਾ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਦਾ ਮੰਥਨ ਕੀਤਾ ਗਿਆ ਅਤੇ ਹਲਕੇ ਦੇ ਪਿੰਡਾਂ ਵਿੱਚ ਰਹਿੰਦੇ ਵਿਕਾਸ ਕਾਰਜਾਂ ਲਈ ਅਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਵਿਧਾਇਕ ਰਾਜਾ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਕਰਮਜੀਤ ਕੌਰ, ਹਲਕਾ ਪ੍ਰਭਾਵੀ, ਬਲਾਕ ਪ੍ਰਧਾਨਾ ਤੇ ਪਾਰਟੀ ਦੇ ਵਲੰਟੀਅਰਾਂ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਪਾਰਟੀ ਹਾਈ ਕਮਾਂਡ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਵੱਲੋਂ 5 ਫਰਵਰੀ ਤੋਂ ਸਰਕਾਰ ਤੁਹਾਡੇ ਦੁਆਰ ਤਹਿਤ ਹਲਕੇ ਦੇ ਸਾਰੇ ਪਿੰਡਾਂ ਵਿੱਚ ਕੈਂਪ ਲਗਾਵੇਗੀ ਜਿਸ ਵਿੱਚ ਵੱਖ-ਵੱਖ ਵਿਭਾਗਾਂ ਨਾਲ ਸੰਬੰਧਿਤ ਸਮੁੱਚਾ ਪ੍ਰਸ਼ਾਸਨ ਪਹੁੰਚ ਕੇ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਸੁਣੇਗਾ ਤੇ ਮੌਕੇ 'ਤੇ ਹੀ ਨਿਪਟਾਰਾ ਕੀਤਾ ਜਾਵੇਗਾ। ਵਿਧਾਇਕ ਰਾਜਾ ਨੇ ਦੱਸਿਆ ਕਿ ਪਿੰਡ ਬਸਤੀ ਬਾਜੀਗਰ, ਝਾਂਸਾ ਅਤੇ ਰਸੂਲਪੁਰ ਵਿੱਚ ਵੀ ਅਜਿਹੇ ਕੈਂਪ ਲਗਾ ਕੇ ਹਲਕਾ ਵਾਸੀਆਂ ਦੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਸੁਣੀਆਂ ਜਾਣਗੀਆਂ। ਜ਼ਿਲ੍ਹਾ ਯੋਜਨਾ ਬੋਰਡ ਹੁਸ਼ਿਆਰਪੁਰ ਦੇ ਚੇਅਰਮੈਨ ਤੇ ਹਲਕਾ ਟਾਂਡਾ ਦੇ ਪ੍ਰਭਾਰੀ ਮੈਡਮ ਕਰਮਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਵਿੱਚ ਜਿੱਥੇ ਸੂਬੇ ਅੰਦਰ ਇਤਿਹਾਸਿਕ ਵਿਕਾਸ ਕਾਰਜ ਹੋ ਰਹੇ ਹਨ ਉਥੇ ਹੀ ਜ਼ਿਲ੍ਹਾ ਹੁਸ਼ਿਆਰਪੁਰ ਵੀ ਵਿਕਾਸ ਦੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ। ਇਸ ਮੌਕੇ ਬਲਾਕ ਪ੍ਰਧਾਨ ਕੇਸਵ ਸਿੰਘ ਸੈਣੀ, ਸਿਟੀ ਪ੍ਰਧਾਨ ਟਾਂਡਾ ਜਗਜੀਵਨ ਜੱਗੀ, ਚੇਅਰਮੈਨ ਸੁਖਵਿੰਦਰ ਸਿੰਘ ਅਰੋੜਾ, ਗੁਰਦੀਪ ਸਿੰਘ ਹੈਪੀ, ਪ੍ਰੇਮ ਪਡਵਾਲ ਅਮਿਤ ਪਾਸੀ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਹਰਕ੍ਰਿਸਨ ਸੈਣੀ, ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ,ਕੋਰ ਕਮੇਟੀ ਸਚਿਨ ਪੁਰੀ, ਕੁਲਵਿੰਦਰ ਸਿੰਘ ਬੱਬਲ, ਮਾਸਟਰ ਕੁਲਵੰਤ ਸਿੰਘ ਜਹੂਰਾ, ਕੌਂ

5-FEB-PAGE-10.qxd 2/4/2024 9:52 PM Page 1

16 ਦਾ ਪੇਂਡੂ ਭਾਰਤ ਬੰਦ ਲਾਮਿਸਾਲ ਤੇ ਇਤਿਹਾਸਕ ਹੋਵੇਗਾ : ਜਨਤਕ ਜਥੇਬੰਦੀਆਂ

ਸਬ-ਡਵੀਜ਼ਨ ਪੱਧਰੀ ਮੀਟਿੰਗਾਂ ਅੱਜ ਸਰਦੂਲਗੜ੍ਹ, ਮਾਨਸਾ ਤੇ ਬੁਢਲਾਡਾ 'ਚ

ਮਾਨਸਾ (ਆਤਮਾ ਸਿੰਘ ਪਮਾਰ)

ਦੇਸ਼ ਵਿਆਪੀ ਸੱਦੇ 'ਤੇ 16 ਫਰਵਰੀ ਦੇ ਪੇਂਡੂ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਸਥਾਨਕ ਲਕਛਮਣੀ ਨਰਾਇਣ ਮੰਦਰ ਵਿਖੇ ਵੱਖ-ਵੱਖ ਸਮਾਜਿਕ, ਵਪਾਰਕ, ਕਿਸਾਨ, ਮਜ਼ਦੂਰ ਤੇ ਟਰੇਡ ਜਥੇਬੰਦੀਆਂ ਦੀ ਭਰਵੀਂ ਇਕੱਤਰਤਾ ਹੋਈ। ਮੀਟਿੰਗ ਦੀ ਪ੍ਰਧਾਨਗੀ ਗਿਰਧਾਰੀ ਲਾਲ, ਸੁਰਿੰਦਰ ਕੁਮਾਰ ਭੁੱਚੋ ਵਾਲੇ ਕਰਿਆਨਾ ਐਸੋਸੀਏਸ਼ਨ, ਕੁਲਦੀਪ ਸਿੰਘ ਚੱਕ ਭਾਈਕੇ ਨੇ ਕੀਤੀ। ਮੀਟਿੰਗ ਦੌਰਾਨ ਆੜ੍ਹਤੀਆ ਐਸੋਸੀਏਸ਼ਨ, ਕਰਿਆਨਾ ਐਸੋਸੀਏਸ਼ਨ, ਪੈਸਟੀਸਾਈਡ ਐਸੋਸੀਏਸ਼ਨ, ਵਪਾਰ ਮੰਡਲ, ਮੈਡੀਕਲ ਪ੍ਰੈਕਸ਼ਟੀਸਨਰਜ਼ ਐਸੋਸੀਏਸਨ, ਆਲ ਇੰਡੀਆ ਮਿੰਨੀ ਟਰਾਂਸਪੋਰਟ ਪੰਜਾਬ, ਟਰੇਡ ਯੂਨੀਅਨਾ ਏਟਕ, ਏਕਟੂ, ਉਸਾਰੀ ਮਜ਼ਦੂਰ ਯੂਨੀਅਨ, ਦੋਧੀ ਡੇਅਰੀ ਯੂਨੀਅਨ, ਪੰਜਾਬ ਖੇਤ ਮਜ਼ਦੂਰ ਯੂਨੀਅਨ, ਸੰਘਰਸ਼ੀ ਯੋਧੇ, ਪੈਨਸ਼ਨਰਜ਼ ਐਸੋਸੀਏਸ਼ਨ, ਇਨਕਲਾਬੀ ਨੌਜਵਾਨ ਸਭਾ, ਸੰਯੁਕਤ ਕਿਸਾਨ ਮੋਰਚੇ ਸਮੇਤ ਧਾਰਮਿਕ, ਸਮਾਜਿਕ ਤੇ ਜਨਤਕ ਸੰਗਠਨਾਂ ਦੇ ਆਗੂਆਂ ਨੇ ਭਾਰਤ ਬੰਦ ਦੀ ਸਫਲਤਾ ਉੱਪਰ ਵਿਚਾਰ ਚਰਚਾ ਕੀਤੀ।

ਇਸ ਮੌਕੇ ਰਮੇਸ਼ ਟੋਨੀ ਸਕੱਤਰ ਆੜ੍ਹਤੀਆ ਐਸੋਸੀਏਸ਼ਨ, ਗਿਰਧਾਰੀ ਲਾਲ ਆਗੂ ਰਿਟੇਲ ਕਰਿਆਣਾ ਐਸੋਸੀਏਸ਼ਨ ਤੇ ਸੁਰਿੰਦਰ ਕੁਮਾਰ ਆਗੂ ਵਪਾਰ ਮੰਡਲ ਨੇ ਕਿਹਾ ਕਿ ਰੁਜ਼ਗਾਰ ਤੇ ਵਪਾਰ ਨੂੰ ਬਚਾਉਣ ਲਈ ਸਮੁੱਚੇ ਵਰਗਾਂ ਨੂੰ ਭਾਰਤ ਬੰਦ ਵਿੱਚ ਗਰਮ ਜੋਸ਼ੀ ਨਾਲ ਸ਼ਮੂਲੀਅਤ ਕਰਨ ਦੀ ਲੋੜ ਹੈ, ਕਿਉਂਕਿ ਕਾਰਪੋਰੇਟ ਘਰਾਣਿਆਂ ਵੱਲੋਂ ਮੋਦੀ ਹਕੂਮਤ ਨਾਲ ਗੰਢਤੁੱਪ ਕਰਕੇ ਪਬਲਿਕ ਅਦਾਰਿਆਂ, ਖਣਿਜ ਪਦਾਰਥਾਂ ਤੇ ਛੋਟੇ ਕਾਰੋਬਾਰਾਂ ਨੂੰ ਤਬਾਹ ਕੀਤਾ ਜਾ ਰਿਹਾ ਹੈ। ਏਟਕ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਏਕਟੂ ਦੇ ਰਾਜਵਿੰਦਰ ਰਾਣਾ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਆਗੂ ਡਾ. ਧੰਨਾ ਮੱਲ ਗੋਇਲ, ਸੰਯੁਕਤ ਕਿਸਾਨ ਮੋਰਚੇ ਦੇ ਆਗੂ ਕੁਲਦੀਪ ਚੱਕ ਭਾਈਕੇ, ਖੇਤ ਮਜ਼ਦੂਰ ਆਗੂ ਕ੍ਰਿਸ਼ਨ ਚੌਹਾਨ, ਇਨਕਲਾਬੀ ਨੌਜਵਾਨ ਸਭਾ ਦੇ ਗਗਨ ਸਿਰਸੀਵਾਲਾ ਆਦਿ ਆਗੂਆਂ ਨੇ ਆਮ ਲੋਕਾਂ ਨੂੰ ਚੇਤਨ ਕਰਦਿਆਂ ਕਿਹਾ ਕਿ ਅਜੋਕੇ ਦੌਰ ਵਿੱਚ ਮੋਦੀ ਸਰਕਾਰ ਵੱਲੋਂ ਲੋਕ ਵਿਰੋਧੀ ਨਵਉਦਾਰਵਾਦੀ ਨੀਤੀਆਂ ਲਾਗੂ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਮਾਲੋਮਾਲ ਕੀਤਾ ਜਾ ਰਿਹਾ ਹੈ ਅਤੇ ਕਿਸਾਨਾਂ, ਮਜ਼ਦੂਰਾਂ ਤੇ ਛੋਟੇ ਕਾਰੋਬਾਰਾਂ ਨੂੰ ਤਬਾਹੀ ਦੇ ਕੰਢੇ ਖੜਾ ਕੀਤਾ ਜਾ ਰਿਹਾ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰੀਕ ਫਫੜੇ, ਪਰਮਜੀਤ ਗਾਗੋਵਾਲ, ਭਜਨ ਸਿੰਘ ਘੁੰਮਣ, ਨੇਮ ਚੰਦ ਨੇਮਾ ਐੱਮ ਸੀ, ਸੱਤਪਾਲ ਰਿਸ਼ੀ, ਰਤਨ ਭੋਲਾ, ਸੁਰਿੰਦਰ ਪਾਲ ਸ਼ਰਮਾ, ਦਰਸ਼ਨ ਸਿੰਘ, ਬਲਵਿੰਦਰ ਸਿੰਘ, ਸਿਕੰਦਰ ਘਰਾਂਗਣਾ, ਦਰਸ਼ਨ ਜਟਾਣਾ, ਮਨਜੀਤ ਮੀਹਾ, ਜੁਗਰਾਜ ਗੋਰਖਨਾਥ, ਮੱਖਣ ਸਿੰਘ ਭੈਣੀਬਾਘਾ, ਨਰੇਸ਼ ਬੁਰਜਹਰੀ ਆਦਿ ਆਗੂ ਹਾਜ਼ਰ ਸਨ।

ਸਰਪੰਚ ਦਰਸ਼ਨ ਸਿੰਘ ਮੈਣ ਨਾਲ ਕੋਈ ਵੀ ਧੱਕਾ ਨਹੀਂ ਹੋਣ ਦਿਆਂਗੇ : ਭੋਲਾ, ਗੁਰਸੇਵਕ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਭਾਰਤੀ ਅੰਬੇਡਕਰ ਮਿਸ਼ਨ ਦੇ ਸੂਬਾ ਜਨਰਲ ਸਕੱਤਰ ਤੇ ਨਗਰ ਕੌਂਸਲ ਪਾਤੜਾਂ ਦੇ ਸਾਬਕਾ ਕੌਂਸਲਰ ਵਿਜੇ ਕੁਮਾਰ ਭੋਲਾ ਅਤੇ ਜ਼ਿਲਾ ਜਰਨਲ ਸਕੱਤਰ ਗੁਰਸੇਵਕ ਸਿੰਘ ਮੌਲਵੀਵਾਲਾ ਨੇ ਕਿਹਾ ਹੈ ਕਿ ਪਟਿਆਲਾ ਜ਼ਿਲ੍ਹੇ ਦੇ ਪਿੰਡ ਮੈਣ ਦੇ ਵਾਲਮੀਕਿ ਸਮਾਜ ਦੇ ਆਗੂ ਸਰਪੰਚ ਦਰਸ਼ਨ ਸਿੰਘ ਮੈਣ ਦਾ ਉਨ੍ਹਾਂ ਦੇ ਪਿੰਡ ਮੈਣ ਦੇ ਆਪਣੇ ਆਪ ਨੂੰ ਪਤਵੰਤੇ ਦੱਸਣ ਵਾਲੇ ਵਿਅਕਤੀ ਪਿੰਡ ਵਿੱਚ ਸਰਪੰਚ ਦਰਸ਼ਨ ਸਿੰਘ ਦਾ ਬਾਈਕਾਟ ਕਰਨ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਰਹੇ ਹਨ, ਇਸ ਮਾਮਲੇ ਦਾ ਅੰਬੇਡਕਰ ਮਿਸ਼ਨ ਵਿਰੋਧ ਕਰਦੀ ਹੈ। ਉਨ੍ਹਾਂ ਕਿਹਾ ਕਿ ਸਰਪੰਚ ਦਰਸ਼ਨ ਸਿੰਘ ਮੈਣ ਦੇ ਹੱਕ ਵਿੱਚ ਪੰਜਾਬ ਦਾ ਸਮੂਹ ਵਾਲਮੀਕ ਭਾਈਚਾਰਾ ਖੜਾ ਹੈ। ਆਗੂਆਂ ਨੇ ਕਿਹਾ ਕਿ ਅਜੋਕੇ ਸਮੇਂ ਦੌਰਾਨ ਜਾਤੀਵਾਦ ਦੇ ਨਾਂ ਉੱਤੇ ਅਜਿਹਾ ਕਰਨਾ ਜਿੱਥੇ ਕਾਨੂੰਨਨ ਜੁਰਮ ਹੈ, ਉਥੇ ਸਮਾਜ ਵਿੱਚ ਵੀ ਅਜਿਹੇ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਪਟਿਆਲਾ ਦੇ ਪ੍ਰਸ਼ਾਸਨ ਵੱਲੋਂ ਜੇਕਰ ਕੋਈ ਢੁੱਕਵੀਂ ਕਾਰਵਾਈ ਨਾ ਕੀਤੀ ਗਈ ਤਾਂ ਵਾਲਮੀਕਿ ਸਮਾਜ ਵੱਲੋਂ ਮਿੱਥੇ ਸਮੇਂ 'ਤੇ ਡਿਪਟੀ ਕਮਿਸ਼ਨਰ ਪਟਿਆਲਾ ਤੇ ਐੱਸ ਐੱਸ ਪੀ ਪਟਿਆਲਾ ਦੇ ਦਫਤਰ ਅੱਗੇ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ।

ਸੀਚੇਵਾਲ ਵੱਲੋਂ ਬੁੱਢਾ ਦਰਿਆ ਦੇ ਨਾਲ-ਨਾਲ ਬੂਟੇ ਲਗਾਉਣ ਦੀ ਮੁਹਿੰਮ ਦਾ ਆਗਾਜ਼

ਵਿਧਾਇਕ ਤੇ ਡਿਪਟੀ ਕਮਿਸ਼ਨਰ ਵੱਲੋਂ ਲੋਕਾਂ ਨੂੰ ਗਰੀਨ ਅੰਬੈਸਡਰ ਬਣਨ ਦੀ ਅਪੀਲ

ਲੁਧਿਆਣਾ (ਰਾਜ ਸਿੰਗਲਾ)

ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਹਰਿਆਵਲ ਨੂੰ ਵਧਾਉਣ ਤੇ ਸਾਫ਼-ਸੁਥਰੇ ਵਾਤਾਵਰਣ ਨੂੰ ਯਕੀਨੀ ਬਣਾਉਣ ਦੀ ਵਚਨਬੱਧਤਾ ਦੇ ਮੱਦੇਨਜ਼ਰ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਵਿਸ਼ਵ ਵੈਟਲੈਂਡਜ਼ ਦਿਵਸ ਦੀ ਪਰਵ ਸੰਧਿਆ 'ਤੇ ਇਤਿਹਾਸਕ ਗੁਰਦੁਆਰਾ ਗਊ ਘਾਟ ਦੇ ਪਿਛਲੇ ਪਾਸੇ ਬੁੱਢਾ ਦਰਿਆ ਦੇ ਨਾਲ-ਨਾਲ ਬੂਟੇ ਲਗਾਉਣ ਦੀ ਵਿਸ਼ਾਲ ਮੁਹਿੰਮ ਦਾ ਆਗਾਜ਼ ਕੀਤਾ ਗਿਆ।

ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਕੁਲਵੰਤ ਸਿੰਘ ਸਿੱਧੂ, ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੇ ਨਾਲ ਰਾਜ ਸਭਾ ਮੈਂਬਰ ਸੀਚੇਵਾਲ ਨੇ ਕਿਹਾ ਕਿ ਸੂਬਾ ਸਰਕਾਰ ਸ਼ੁੱਧ ਹਵਾ, ਪਾਣੀ ਤੇ ਧਰਤੀ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਤੇ ਇਸ ਦਿਸ਼ਾ ਵਿੱਚ ਸੁਹਿਰਦ ਯਤਨ ਕੀਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਲੋਕ ਅੱਗੇ ਆਉਣ ਤੇ ਬੂਟੇ ਲਗਾਉਣ ਅਤੇ ਇਸ ਦੀ ਸਹੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਦੇ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਬੂਟੇ ਲਗਾ ਕੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਵਧੀਆ ਭਵਿੱਖ ਦੇਣ ਲਈ ਵਾਤਾਵਰਨ ਦੀ ਸੰਭਾਲ ਕਰਨੀ ਚਾਹੀਦੀ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਨਾਗਰਿਕਾਂ ਦੀ ਚੰਗੀ ਸਿਹਤ ਨੂੰ ਯਕੀਨੀ ਬਣਾਉਣ ਲਈ ਸਾਫ਼-ਸੁਥਰਾ ਤੇ ਪ੍ਰਦੂਸ਼ਣ ਰਹਿਤ ਵਾਤਾਵਰਨ ਬਹੁਤ ਜ਼ਰੂਰੀ ਹੈ, ਕਿਉਂਕਿ ਰੁੱਖ ਹੀ ਆਕਸੀਜਨ ਦਾ ਸਰੋਤ ਹਨ, ਜੋ ਧਰਤੀ 'ਤੇ ਮਨੁੱਖੀ ਜੀਵਨ ਦਾ ਆਧਾਰ ਹਨ।

ਉਨ੍ਹਾ ਕਿਹਾ ਕਿ ਬੁੱਢਾ ਦਰਿਆ ਦੇ ਪੁਨਰ-ਸੁਰਜੀਤੀ ਪ੍ਰਾਜੈਕਟ ਨੂੰ ਤੇਜ਼ੀ ਨਾਲ ਮੁਕੰਮਲ ਕਰਨ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਕੁਦਰਤ ਤੇ ਵਾਤਾਵਰਨ ਦੇ ਬਹੁਤ ਨੇੜੇ ਸਨ ਅਤੇ ਇਹ ਮੁਹਿੰਮ ਪਵਨ ਗੁਰੂ, ਪਾਣੀ ਪਿਤਾ, ਮਾਤਾ ਧਰਤਿ ਮਹੱਤ ਦਾ ਸੰਦੇਸ਼ ਦੇਣ ਵਾਲੇ ਮਹਾਨ ਗੁਰੂ ਨੂੰ ਸ਼ਰਧਾਂਜਲੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਅਨਮੋਲ ਸਿੰਘ ਧਾਲੀਵਾਲ, ਨਗਰ ਨਿਗਮ ਦੇ ਵਧੀਕ ਕਮਿਸ਼ਨਰ ਪਰਮਦੀਪ ਸਿੰਘ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

ਕਾਤਰਾਂ

ਅਸ਼ੋਕ ਮਾਂਡੀ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

ਲੁਧਿਆਣਾ (ਐੱਮ ਐੱਸ ਭਾਟੀਆ)-ਲੈਬ ਸਟਾਫ ਕਾਲਜ ਯੂਨੀਅਨ ਦੇ ਸਾਬਕਾ ਸੂਬਾ ਪ੍ਰਧਾਨ ਸ੍ਰੀ ਅਸ਼ੋਕ ਕੁਮਾਰ ਮਾਂਡੀ ਜੀ ਨਹੀਂ ਰਹੇ। ਉਨ੍ਹਾਂ ਆਪਣੇ ਸਮੇਂ ਦੌਰਾਨ ਸੰਘਰਸ਼ ਕਰਕੇ ਮੁਲਾਜ਼ਮਾਂ ਨੂੰ ਬਹੁਤ ਸਾਰੀਆਂ ਮੰਗਾਂ ਦੀਆਂ ਪ੍ਰਾਪਤੀਆਂ ਕਰਵਾ ਕੇ ਦਿੱਤੀਆਂ ਸਨ, ਇਸ ਲਈ ਉਨ੍ਹਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਸ ਦੁੱਖ ਦੀ ਘੜੀ ਵਿੱਚ ਲੈਬ ਸਟਾਫ ਯੂਨੀਅਨ ਦੇ ਸੂਬਾ ਪ੍ਰਧਾਨ ਮਨੋਜ ਕੁਮਾਰ ਵਰਮਾ, ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੇਲ ਸਿੰਘ ਮੈਲਡੇ, ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਅਤੇ ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ 1680 ਸੈਕਟਰ 22 ਬੀ ਚੰਡੀਗੜ੍ਹ ਦੇ ਜ਼ਿਲ੍ਹਾ ਜਨਰਲ ਸਕੱਤਰ ਸੁਰਿੰਦਰ ਸਿੰਘ ਬੈਂਸ, ਲੈਬ ਸਟਾਫ ਤੋਂ ਜਸਵਿੰਦਰ ਸਿੰਘ, ਰਜੇਸ਼ ਖੰਨਾ, ਚਰਨਜੀਤ ਸਿੰਘ ਗਰੋਵਰ, ਸੁਖਦੇਵ ਸਿੰਘ ਡਾਂਗੋਂ, ਚਰਨਜੀਤ ਸਿੰਘ, ਗੁਰਨਾਮ ਸਿੰਘ ਆਦਿ ਨੇ ਪਰਵਾਰ ਨਾਲ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ।

ਕੇਂਦਰੀ ਜੇਲ੍ਹ 'ਚੋਂ ਨਸ਼ੀਲੇ ਪਦਾਰਥ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਥਰੋ ਕੀਤੇ (ਫੈਂਕੇ) ਨੂੰ ਖੋਲ੍ਹ ਕੇ ਚੈੱਕ ਕੀਤਾ ਗਿਆ ਤਾਂ ਉਸ ਵੱਲੋਂ 40 ਪੂੜੀਆਂ ਤੰਬਾਕੂ ਬਰਾਮਦ ਹੋਇਆ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ 42 ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 1077, 1096 ਰਾਹੀਂ ਮਿਤੀ 1 ਫਰਵਰੀ 2024 ਨੂੰ ਕਰੀਬ 7.45 ਪੀਐੱਮ 'ਤੇ ਕੇਂਦਰੀ ਜੇਲ੍ਹ ਫਿਰੋਜ਼ਪੁਰ ਦੇ ਬਾਹਰੋਂ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਵਾਰਡ ਨੰਬਰ 3 ਵਿਚ 2 ਥਰੋ (ਫੈਂਕੇ) ਜੇਲ੍ਹ ਅੰਦਰ ਸੁੱਟੇ ਗਏ, ਜਿਨ੍ਹਾਂ ਨੂੰ ਖੋਲ੍ਹ ਕੇ ਚੈੱਕ ਕੀਤਾ ਗਿਆ ਤਾਂ ਇਨ੍ਹਾਂ ਵਿੱਚੋਂ 19 ਪੂੜੀਆਂ ਤੰਬਾਕੂ ਬਰਾਮਦ ਹੋਇਆ। 2 ਫਰਵਰੀ ਨੂੰ ਕਰੀਬ 8 ਏਐੱਮ 'ਤੇ ਕੇਂਦਰੀ ਜੇਲ੍ਹ ਫਿਰੋਜ਼ਪੁਰ ਦੇ ਬਾਹਰੋਂ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਲੰਗਰ ਬੈਰਕਾਂ ਦੇ ਵਿਹੜੇ ਵਿੱਚ 2 ਥਰੋ (ਫੈਂਕੇ) ਜੇਲ੍ਹ ਅੰਦਰ ਸੁੱਟੇ ਗਏ, ਜਿਨ੍ਹਾਂ ਨੂੰ ਖੋਲ੍ਹ ਕੇ ਚੈੱਕ ਕੀਤਾ ਗਿਆ ਤਾਂ ਇਨ੍ਹਾਂ ਵਿੱਚੋਂ 21 ਪੂੜੀਆਂ ਤੰਬਾਕੂ ਬਰਾਮਦ ਹੋਇਆ। ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

ਸੇਵਾਮੁਕਤ ਪੁਲਸ ਮੁਲਾਜ਼ਮ ਨੇ ਕੀਤੀ ਖੁਦਕੁਸ਼ੀ

ਸਿਰਸਾ (ਸੁਰਿੰਦਰ ਪਾਲ ਸਿੰਘ)-ਸਿਰਸਾ ਦੀ ਰਾਮ ਕਲੋਨੀ ਵਿੱਚ ਰਹਿਣ ਵਾਲੇ ਹਰਿਆਣਾ ਪੁਲਸ ਦੇ ਇੱਕ ਸੇਵਾਮੁਕਤ ਏਐੱਸਆਈ ਨੇ ਖ਼ੁਦ ਨੂੰ ਗੋਲੀ ਮਾਰ ਕੇ ਖ਼ੁਦਕੁਸ਼ੀ ਕਰ ਲਈ।ਮ੍ਰਿਤਕ ਸੁਭਾਸ਼ ਚੰਦ ਵਾਸੀ ਰਾਮ ਕਲੋਨੀ ਹਰਿਆਣਾ ਪੁਲਸ ਦਾ ਸੇਵਾਮੁਕਤ ਏ.ਐੱਸ.ਆਈ. ਸੀ ਤੇ ਉਹ ਲੰਬੇ ਸਮੇਂ ਤੱਕ ਸਿਰਸਾ ਸੀਆਈਡੀ ਤੇ ਬਾਅਦ ਵਿੱਚ ਫਤਿਹਾਬਾਦ ਵਿੱਚ ਤਾਇਨਾਤ ਰਿਹਾ। ਸੁਭਾਸ਼ ਸਾਲ 2015 ਵਿੱਚ ਸੇਵਾਮੁਕਤ ਹੋਇਆ ਸੀ। ਘਟਨਾ ਦੀ ਸੂਚਨਾ ਮਿਲਣ 'ਤੇ ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਲਿਆਂਦਾ। ਮਿਲੀ ਜਾਣਕਾਰੀ ਅਨੁਸਾਰ ਸੁਭਾਸ਼ ਚੰਦ ਨੇ ਆਪਣੇ ਰਿਵਾਲਵਰ ਨਾਲ ਖੁਦ ਨੂੰ ਗੋਲੀ ਮਾਰ ਲਈ।ਗੋਲੀ ਚੱਲਣ ਦੀ ਆਵਾਜ਼ ਸੁਣ ਕੇ ਪਰਿਵਾਰਕ ਮੈਂਬਰ ਉਸ ਦੇ ਕਮਰੇ ਵਿੱਚ ਗਏ ਤਾਂ ਉਸ ਨੂੰ ਖ਼ੂਨ ਨਾਲ ਲੱਥਪੱਥ ਹਾਲਤ ਵਿੱਚ ਦੇਖਿਆ।

ਕੁੱਟਮਾਰ ਦੇ ਦੋਸ਼ 'ਚ 4 ਖਿਲਾਫ ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪਿੰਡ ਝੁੱਗੇ ਕਿਸ਼ੋਰ ਸਿੰਘ ਵਾਲੇ ਵਿਖੇ ਇੱਕ ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ ਪੁਲਸ ਨੇ 4 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਗੁਰਦੀਪ ਸਿੰਘ ਪੁੱਤਰ ਬਚਨ ਸਿੰਘ ਵਾਸੀ ਪਿੰਡ ਝੁੱਗੇ ਕਿਸ਼ੋਰ ਸਿੰਘ ਵਾਲੇ ਨੇ ਦੱਸਿਆ ਕਿ ਉਹ ਕੰਮ ਕਾਰ ਤੋਂ ਘਰ ਵਾਪਸ ਆਇਆ ਤਾਂ ਘਰ ਵਿੱਚ ਲਾਇਟ ਨਹੀਂ ਸੀ ਤਾਂ ਬਿਜਲੀ ਦੇਖਣ ਲਈ ਆਪਣੇ ਘਰ ਦੇ ਅੱਗੇ ਲੱਗੇ ਬਕਸੇ ਕੋਲ ਗਿਆ ਤੇ ਬਿਜਲੀ ਦੀ ਤਾਰ ਨੂੰ ਹਿਲਾਇਆ ਤਾਂ ਲਾਇਟ ਆ ਗਈ। ਇਸ ਤੋਂ ਬਾਅਦ ਉਹ ਆਪਣੇ ਘਰ ਦੇ ਅੱਗੇ ਬਾਂਸ ਲਗਾਉਣ ਲੱਗ ਪਿਆ ਤਾਂ ਜੋ ਅਵਾਰਾ ਪਸ਼ੂ ਘਰ ਵਿੱਚ ਨਾਂ ਵੜੇ ਤਾਂ ਐਨੇ ਚਿਰ ਨੂੰ ਦੋਸ਼ੀਆਨ ਸੁਰਜੀਤ ਸਿੰਘ ਪੁੱਤਰ ਕਰਨੈਲ ਸਿੰਘ, ਸੋਨਾ ਸਿੰਘ ਪੁੱਤਰ ਕਰਨੈਲ ਸਿੰਘ, ਪ੍ਰਕਾਸ਼ ਕੌਰ ਪਤਨੀ ਸੋਨਾ ਸਿੰਘ ਤੇ ਸੁਰਜੀਤ ਕੌਰ ਪਤਨੀ ਸੁਰਜੀਤ ਸਿੰਘ ਵਾਸੀਆਨ ਪਿੰਡ ਝੁੱਗੇ ਕਿਸ਼ੋਰ ਸਿੰਘ ਵਾਲੇ ਮੌਕੇ 'ਤੇ ਆ ਕੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਗੁਰਦੀਪ ਸਿੰਘ ਨੇ ਦੱਸਿਆ ਕਿ ਉਸ ਦਾ ਇਲਾਜ ਸਿਵਲ ਹਸਪਤਾਲ ਮਮਦੋਟ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

ਵਿਦਿਆਰਥੀਆਂ ਨੂੰ ਸਾਂਝ ਕੇਂਦਰ ਦੇ ਅਧਿਕਾਰੀਆਂ ਕੀਤਾ ਜਾਗਰੂਕ

ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)-ਸ਼ਹਿਰ ਦੇ ਨਾਲ ਲੱਗਦੇ ਪਿੰਡ ਮੇਘਾ ਰਾਏ ਉਤਾੜ ਵਿਖੇ ਬਣੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੁਰੂ ਹਰਸਹਾਏ ਵਿੱਚ ਸਬ-ਡਵੀਜ਼ਨ ਸਾਂਝ ਕੇਂਦਰ ਗੁਰੂ ਹਰਸਹਾ

5-FEBPAGE-11-Majha-24-Final.qxd 2/4/2024 10:03 PM Page 1

16 ਨੂੰ ਭਾਰਤ ਬੰਦ ਦਾ ਪੂਰਾ ਸਮਰਥਨ ਕੀਤਾ ਜਾਵੇਗਾ: ਜੰਡ/ ਬੁਰਜ

ਪੱਟੀ (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ) -ਪੈਨਸ਼ਨਰਜ਼ ਐਂਡ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਤਹਿਸੀਲ ਪੱਟੀ ਦੀ ਹਫਤਾਵਾਰੀ ਮੀਟਿੰਗ ਹਰਜਿੰਦਰ ਸਿੰਘ ਜੰਡ ਦੀ ਪ੍ਰਧਾਨਗੀ ਹੇਠ ਹੋਈ। ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦੇ ਹੋਏ ਜਨਰਲ ਸਕੱਤਰ ਜਗਤਾਰ ਸਿੰਘ ਆਸਲ ਨੇ ਪੈਨਸ਼ਨਰਜ਼ ਦੇ ਭਖਦੇ ਮਸਲਿਆਂ ਵੱਲ ਧਿਆਨ ਦਿਵਾਇਆ। ਡੀ ਏ ਦੀਆਂ ਕਿਸ਼ਤਾਂ ਅਤੇ ਪੇ ਕਮਿਸ਼ਨ ਦੇ ਬਕਾਏ ਪੰਜਾਬ ਸਰਕਾਰ ਦੱਬ ਕੇ ਬੈਠੀ ਹੋਈ ਹੈ। ਦੋ ਸਾਲ ਲੰਘ ਜਾਣ ਦੇ ਬਾਵਜੂਦ ਮਾਨ ਸਰਕਾਰ ਘੋਸਲ ਮਾਰ ਕੇ ਬੈਠੀ ਹੋਈ ਹੈ। ਬਲਵਿੰਦਰ ਸਿੰਘ ਸਰਹਾਲੀ ਅਤੇ ਮੰਗਲ ਸਿੰਘ ਸਰਹਾਲੀ ਨੇ ਕੇਂਦਰ ਸਰਕਾਰ ਦੀਆਂ ਗਲਤ ਨੀਤੀਆਂ ਦੀ ਵਿਰੋਧਤਾ ਕੀਤੀ। ਕੇਂਦਰੀ ਸਰਕਾਰ ਸੂਬਿਆਂ ਵਿੱਚ ਬੇਲੋੜੀ ਦਖਲ ਅੰਦਾਜ਼ੀ ਕਰਕੇ ਲੋਕਤੰਤਰੀ ਸਰਕਾਰਾਂ ਨੂੰ ਡੇਗ ਕੇ ਭਾਜਪਾ ਆਪਣੀਆਂ ਸਰਕਾਰਾਂ ਬਣਾ ਰਹੀ ਹੈ। ਚੰਡੀਗੜ੍ਹ ਅਤੇ ਝਾਰਖੰਡ ਦੀ ਮਿਸਾਲ ਸਾਹਮਣੇ ਹੈ । ਸਤਪਾਲ ਸ਼ਰਮਾ ਪੱਟੀ ਅਤੇ ਗੁਪਾਲ ਸਿੰਘ ਨੇ ਕੇਂਦਰ ਅਤੇ ਪੰਜਾਬ ਸਰਕਾਰ ਵਿਰੁੱਧ ਟਰੇਡ ਯੂਨੀਅਨ ਵੱਲੋਂ ਭਾਰਤ ਬੰਦ 16 ਫਰਵਰੀ ਦਾ ਸਮਰਥਨ ਕਰਨ ਦਾ ਐਲਾਨ ਕੀਤਾ। ਸਮੂਹ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਭਾਰਤ ਬੰਦ ਦੀ ਹਮਾਇਤ ਵਿਚ ਮੈਦਾਨ ਵਿੱਚ ਨਿਤਰਨਗੀਆਂ। ਮੋਹਨ ਸਿੰਘ ਅਤੇ ਰਾਜ ਸਿੰਘ ਨੇ ਕਿਹਾ ਕਿ ਕੇਂਦਰੀ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰ ਨੂੰ ਇਨਕਮ ਟੈਕਸ 'ਚ ਕੋਈ ਛੋਟ ਨਹੀਂ ਦਿੱਤੀ। ਕੇਂਦਰੀ ਬਜਟ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਹੈ। ਕਾਮਰੇਡ ਧਰਮ ਸਿੰਘ ਅਤੇ ਚੰਨਣ ਸਿੰਘ ਨੇ ਸਾਰੇ ਪੈਨਸ਼ਨਰਜ਼ ਨੂੰ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੇ ਲੋਕ ਵਿਰੋਧੀ ਕਿਰਦਾਰ ਲਈ ਸੰਘਰਸ਼ਾਂ ਵਧ ਚੜ੍ਹ ਕੇ ਸ਼ਾਮਲ ਹੋਣ ਦਾ ਦਿੱਤਾ। ਪ੍ਰਧਾਨ ਹਰਜਿੰਦਰ ਸਿੰਘ ਜੰਡ ਅਤੇ ਕਸ਼ਮੀਰ ਸਿੰਘ ਬੁਰਜ ਨੇ ਕੈਸ਼ਲੈਸ ਸਕੀਮ ਦੀ ਮੰਗ ਕੀਤੀ । ਨਾਲ ਹੀ ਲਵਇਨ ਕੈਸਸ਼ਮੈਟ ਬਕਾਇਆ ਦੇਣ ਦੀ ਮੰਗ ਰੱਖੀ। ਕੇਂਦਰੀ ਸਰਕਾਰ ਨੇ ਪੁਰਾਣੀ ਪੈਨਸ਼ਨ ਬੰਦ ਕਰਕੇ ਮੁਲਾਜ਼ਮ ਵਰਗ ਨਾਲ ਧੋਖਾ ਕੀਤਾ ਹੈ। ਸਾਰੇ ਸਾਥੀਆਂ ਨੇ ਇੱਕਜੁੱਟ ਹੋ ਕੇ ਕੇਂਦਰ ਅਤੇ ਪੰਜਾਬ ਸਰਕਾਰ ਵਿਰੁੱਧ ਧਰਨੇ ਤੇ ਮੁਜ਼ਾਹਰਿਆਂ ਵਿੱਚ ਸ਼ਾਮਲ ਹੋਣ ਦਾ ਅਹਿਦ ਕੀਤ। ਮੀਟਿੰਗ ਵਿੱਚ ਬੀਰ ਮਸੀਹ, ਨਿਰਮਲ ਸਿੰਘ ਬੁਰਜ, ਮਨਜੀਤ ਸਿੰਘ ਸਭਰਾ, ਅਵਤਾਰ ਸਿੰਘ, ਸੁੱਖਾ ਸਿੰਘ ਆਦਿ ਹਾਜ਼ਰ ਸਨ। ਹਰਜਿੰਦਰ ਸਿੰਘ ਜੰਡ ਨੇ ਸਭ ਦਾ ਧੰਨਵਾਦ ਕੀਤਾ।

ਪਿੰਡ ਸਕਰੀ 'ਚ ਦੋ ਨੌਜਵਾਨਾਂ ਨੇ ਇੱਕ ਬਜ਼ੁਰਗ ਦੇ ਘਰ ਦਾਖਲ ਹੋ ਕੇ ਮਾਰੀ ਗੋਲੀ

ਗੁਰਦਾਸਪੁਰ, (ਦਿਨੇਸ਼ ਕੁਮਾਰ)- ਨੇੜਲੇ ਪਿੰਡ ਸਕਰੀ 'ਚ ਮਾਹੌਲ ਉਸ ਸਮੇਂ ਤਣਾਅਪੂਰਨ ਹੋ ਗਿਆ ਜਦੋਂ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੇ ਮਾਮੂਲੀ ਗੱਲ ਨੂੰ ਲੈ ਕੇ ਇਕ ਬਜ਼ੁਰਗ ਵਿਅਕਤੀ ਨੂੰ ਘਰ ਵਿਚ ਦਾਖਲ ਹੋ ਕੇ ਉਸ ਦੀ ਲੱਤ 'ਚ ਦੋ ਗੋਲੀਆਂ ਮਾਰ ਕੇ ਜ਼ਖਮੀ ਕਰ ਦਿੱਤਾ। ਜ਼ਖਮੀ ਬਜ਼ੁਰਗ ਨੂੰ ਗੁਰਦਾਸਪੁਰ ਦੇ ਇੱਕ ਨਿੱਜੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਘਟਨਾ ਸੰਬੰਧੀ ਹਸਪਤਾਲ 'ਚ ਜ਼ੇਰੇ ਇਲਾਜ ਜ਼ਖਮੀ ਬਜ਼ੁਰਗ ਬਲਵਿੰਦਰ ਸਿੰਘ (60) ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਸਕਰੀ ਨੇ ਦੱਸਿਆ ਕਿ ਕੱਲ੍ਹ ਸ਼ਾਮ ਉਹ ਘਰ ਬੈਠਾ ਸੀ ਕਿ ਕਿਸੇ ਨੇ ਘਰ ਦਾ ਦਰਵਾਜ਼ਾ ਖੜਕਾਇਆ ਅਤੇ ਜਦੋਂ ਉਹ ਬਾਹਰ ਆਇਆ ਤਾਂ ਇਕ ਨੌਜਵਾਨ ਨੇ ਉਸ 'ਤੇ ਗੋਲੀਆਂ ਚਲਾ ਦਿੱਤੀਆਂ ਅਤੇ ਦੋ ਗੋਲੀਆਂ ਉਸ ਦੀ ਲੱਤ 'ਚ ਲੱਗੀਆਂ, ਜਿਸ ਕਾਰਨ ਉਹ ਹੇਠਾਂ ਡਿਗ ਗਿਆ । ਜ਼ਖਮੀ ਬਜ਼ੁਰਗ ਨੇ ਦੱਸਿਆ ਕਿ ਜਦੋਂ ਨੌਜਵਾਨ ਆਪਣੇ ਸਾਥੀ ਨਾਲ ਮੋਟਰਸਾਈਕਲ 'ਤੇ ਭੱਜਣ ਲੱਗਾ ਤਾਂ ਆਸ-ਪਾਸ ਦੇ ਲੋਕਾਂ ਨੇ ਉਨ੍ਹਾਂ ਨੂੰ ਫੜ ਲਿਆ ਅਤੇ ਇਕ ਨੌਜਵਾਨ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਅਤੇ ਬਾਅਦ 'ਚ ਇਨ੍ਹਾਂ ਹਮਲਾਵਰ ਨੌਜਵਾਨਾਂ ਨੂੰ ਪੁਲਸ ਹਵਾਲੇ ਕਰ ਦਿੱਤਾ ਗਿਆ। ਪੁਲਸ ਨੇ ਦੱਸਿਆ ਕਿ ਬਜ਼ੁਰਗ ਵਿਅਕਤੀ ਦੀ ਕਿਸੇ ਨਾਲ ਕੋਈ ਦੁਸ਼ਮਣੀ ਨਹੀਂ ਹੈ ਪਰ ਦੋਵੇਂ ਹਮਲਾਵਰਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜ਼ਖਮੀ ਹਮਲਾਵਰ ਦਾ ਵੀ ਇਲਾਜ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੋਵਾਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਨੈਸ਼ਨਲ ਹਾਈਵੇ ਦੀਨਾਨਗਰ-ਮੀਰਥਲ 'ਤੇ ਪੁਲ ਹੇਠਾਂ ਧੱਸਿਆ

ਗੁਰਦਾਸਪੁਰ (ਜਨਕ ਮਹਾਜਨ)- ਨਹਿਰ ਅਪਰਬਾਰੀ ਦੋਆਬ 'ਤੇ ਦੀਨਾਨਗਰ ਤੋਂ ਵਾਇਆ ਧਮਰਾਈ ਮੀਰਥਲ ਨੈਸ਼ਨਲ ਹਾਈਵੇ 'ਤੇ ਕਰੋੜਾਂ ਰੁਪਏ ਖਰਚ ਕਰਕੇ ਕੁਝ ਸਮਾਂ ਪਹਿਲਾਂ ਹੀ ਲੋਕ ਨਿਰਮਾਣ ਵਿਭਾਗ ਪੰਜਾਬ ਵਲੋਂ ਬਣਿਆ ਪੁਲ ਹੇਠਾਂ ਨੂੰ ਧੱਸ ਗਿਆ ਹੈ ਜਿਸ ਕਰਕੇ ਲੋਕ ਹੁਣ ਇਸ ਪੁਲ ਤੋਂ ਲੰਘਣ ਸਮੇਂ ਖ਼ਤਰਾ ਮਹਿਸੂਸ ਕਰ ਰਹੇ ਹਨ। ਇਲਾਕਾ ਵਾਸੀਆਂ ਨੇ ਦੱਸਿਆ ਕਿ ਦੀਨਾਨਗਰ ਤੋਂ ਮੀਰਥਲ ਜਾਣ ਵਾਸਤੇ ਇਹ ਨੈਸ਼ਨਲ ਹਾਈਵੇ ਬਣਨ ਨਾਲ ਲੋਕਾਂ ਦਾ ਸਫ਼ਰ ਕਾਫ਼ੀ ਘਟ ਗਿਆ ਸੀ ਕਿਉਂ ਜੋ ਲੋਕ ਪਹਿਲਾਂ ਮੀਰਥਲ ਜਾਣ ਵਾਸਤੇ ਦੀਨਾਨਗਰ ਤੋਂ ਵਾਇਆ ਪਠਾਨਕੋਟ ਜਾਂ ਗੁਰਦਾਸਪੁਰ ਰਾਹੀਂ ਜਾਂਦੇ ਸਨ, ਜਿਸ ਨਾਲ ਸਫ਼ਰ ਕਾਫ਼ੀ ਵਧ ਜਾਂਦਾ ਸੀ। ਇਹ ਨੈਸ਼ਨਲ ਹਾਈਵੇ ਪੁਲ ਬਣਨ ਨਾਲ ਦੀਨਾਨਗਰ ਤੋਂ ਇਲਾਵਾ ਨਜ਼ਦੀਕੀ ਪਿੰਡਾਂ ਦੇ ਲੋਕਾਂ ਨੂੰ ਮੁਕੇਰੀਆਂ ਜਾਣ ਲਈ ਕਾਫ਼ੀ ਰਾਹਤ ਮਹਿਸੂਸ ਹੋਣੀ ਹੈ। ਉਨ੍ਹਾਂ ਕਿਹਾ ਦੀਨਾਨਗਰ ਤੋਂ ਵਾਇਆ ਧਮਰਾਈ ਮੀਰਥਲ ਨੈਸ਼ਨਲ ਹਾਈਵੇ 'ਤੇ ਜਾਣ ਲਈ ਨਹਿਰ ਅਪਰਬਾਰੀ ਦੋਆਬ 'ਤੇ ਪਿਛਲੀ ਸਰਕਾਰ ਵਲੋਂ ਕੁਝ ਸਮਾਂ ਪਹਿਲਾਂ ਹੀ ਕਰੋੜਾਂ ਰੁਪਏ ਦੇ ਕਰੀਬ ਖ਼ਰਚ ਕਰਕੇ ਇਸ ਪੁਲ ਦਾ ਨਿਰਮਾਣ ਕਰਵਾਇਆ ਗਿਆ ਸੀ। ਉਨ੍ਹਾਂ ਕਿਹਾ ਅਜੇ ਤੱਕ ਇਸ ਪੁਲ 'ਤੇ ਆਵਜਾਈ ਪੂਰੀ ਤਰ੍ਹਾਂ ਚਾਲੂ ਵੀ ਨਹੀਂ ਹੋਈ ਸੀ ਕਿ ਇਹ ਪੁਲ ਹੇਠਾਂ ਧੱਸਣਾ ਵੀ ਸ਼ੁਰੂ ਹੋ ਗਿਆ ਹੈ। ਪੁਲ ਦਾ ਕੁਝ ਹਿੱਸਾ ਹੇਠਾਂ ਬੈਠਣ ਨਾਲ ਪ੍ਰਸ਼ਾਸਨ ਵਲੋਂ ਇਸ ਧੱਸੇ ਹੋਏ ਪੁਲ ਦੇ ਆਲੇ ਦੁਆਲੇ ਡਰੰਮ ਅਤੇ ਰੋਕਾਂ ਲਗਾ ਦਿੱਤੀਆਂ ਗਈਆਂ ਹਨ ਤਾਂ ਜੋ ਰਾਤ ਦੇ ਹਨੇਰੇ ਸਮੇਂ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ। ਲੋਕਾਂ ਦਾ ਕਹਿਣਾ ਹੈ ਕਿ ਪੁਲ ਦੇ ਨਿਰਮਾਣ ਕਾਰਜ ਸਮੇਂ ਘਟੀਆ ਸਮੱਗਰੀ ਦੇ ਵਰਤਣ ਦਾ ਨਤੀਜਾ ਕਿ ਇਹ ਪੁਲ ਹੇਠਾਂ ਧੱਸ ਗਿਆ ਹੈ। ਇਲਾਕਾ ਵਾਸੀਆਂ ਨੇ ਜਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਪੁਲ ਦੇ ਨਿਰਮਾਣ ਕਾਰਜ ਸਮੇਂ ਘਟੀਆ ਸਮੱਗਰੀ ਵਰਤਣ ਵਾਲੇ ਠੇਕੇਦਾਰ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਕੇ ਇਸ ਪੁਲ ਦੀ ਦੁਬਾਰਾ ਮੁਰੰਮਤ ਕਰ ਇਸ ਨੂੰ ਚਾਲੂ ਕੀਤਾ ਜਾਵੇ ਤਾਂ ਜੋ ਦਿਨ ਅਤੇ ਰਾਤ ਸਮੇਂ ਬਿਨਾਂ ਕਿਸੇ ਡਰ ਤੋਂ ਲੋਕ ਇਥੋਂ ਦੀ ਗੁਜ਼ਰ ਸਕਣ।

ਫੌਜੀ ਸੁਖਪ੍ਰੀਤ ਸਿੰਘ ਦੀ ਜੰਮੂ ਕਸ਼ਮੀਰ 'ਚ ਮੌਤ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)- ਅਜਨਾਲੇ ਸ਼ਹਿਰ ਦੇ ਭਗਤ ਨਾਮਦੇਵ ਕਲੋਨੀ ਦੇ ਸੁਖਪ੍ਰੀਤ ਸਿੰਘ ਜੋ ਪਿਛਲੇ ਪੰਜ ਸਾਲ ਤੋਂ ਫੌਜ ਵਿੱਚ ਡਿਊਟੀ ਕਰ ਰਿਹਾ ਸੀ ਇਸ ਸਮੇਂ ਜੰਮੂ ਕਸ਼ਮੀਰ ਦੇ ਸਾਂਭਾ ਇਲਾਕੇ ਵਿੱਚ ਡਿਊਟੀ 'ਤੇ ਤਾਇਨਾਤ ਸੀ, ਜਿਸ ਦੀ ਅਟੈਕ ਨਾਲ ਬੀਤੀ ਰਾਤ ਮੌਤ ਹੋ ਗਈ। ਸੁਖਪ੍ਰੀਤ ਸਿੰਘ ਦੇ ਪਿਤਾ ਰਿਟਾਇਰ ਫੌਜੀ ਰਣਜੀਤ ਸਿੰਘ ਨੇ ਦੱਸਿਆ ਕਿ ਸੁਖਪ੍ਰੀਤ ਸਿੰਘ ਦੀ ਹਾਰਟ ਵਿੱਚ ਤਕਲੀਫ ਹੋਣ 'ਤੇ ਉਸ ਨੂੰ ਹਸਪਤਾਲ ਖੜਿਆ ਗਿਆ ਸੀ ਅਤੇ ਅਟੈਕ ਹੋਣ ਨਾਲ ਉਸ ਦੀ ਮੌਤ ਹੋ ਗਈ। ਉਹ ਆਪਣੇ ਪੰਜ ਸਾਲ ਦਾ ਬੇਟਾ ਨੂੰ ਅਤੇ ਪਤਨੀ ਰੋਂਦਿਆਂ ਛੱਡ ਗਿਆ। ਸੁਖਪ੍ਰੀਤ ਸਿੰਘ ਦਾ ਪੋਸਟਮਾਰਟਮ ਹੋਣ ਤੋਂ ਉਪਰੰਤ ਅਜਨਾਲੇ ਸ਼ਹਿਰ 'ਚ ਅੰਤਿਮ ਸੰਸਕਾਰ ਕੀਤਾ ਜਾਵੇਗਾ।

ਟੁੱਟੀ ਸੜਕ ਕਾਰਨ ਨਿੱਤ ਹੋ ਰਹੇ ਹਾਦਸੇ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਸਰਕਾਰ ਦੇ ਟਰਾਂਸਪੋਰਟ ਤੇ ਪੰਚਾਇਤ ਮੰਤਰੀ ਦੇ ਵਿਧਾਨ ਸਭਾ ਹਲਕਾ ਪੱਟੀ ਨੂੰ ਤਰਨ ਤਾਰਨ ਸ਼ਹਿਰ ਸੜਕ ਵਿੱਚ ਪਿੰਡ ਚਤਾਲਾ ਦੇ ਰਸਤੇ ਸਾਹਮਣੇ ਨਿਤ ਦਿਨ ਰਾਹਗੀਰ ਡੂੰਘੇ ਟੋਇਆਂ ਵਿੱਚ ਡਿੱਗਣ ਕਾਰਨ ਗੰਭੀਰ ਜ਼ਖਮੀ ਹੋ ਰਹੇ ਹਨ। ਕਿਸਾਨ ਜਥੇਬੰਦੀ ਵੱਲੋਂ ਇਸ ਸਬੰਧੀ 10 ਜਨਵਰੀ ਨੂੰ ਟੋਲ ਪਲਾਜ਼ਾ ਉਸਮਾ ਤੇ ਧਰਨਾ ਵੀ ਦਿੱਤਾ ਗਿਆ ਸੀ ਪਰ ਪ੍ਰਸ਼ਾਸਨ ਤੇ ਹਾਈਵੇ ਅਥਾਰਟੀ ਵੱਲੋਂ ਕੋਈ ਸੁਧਾਰ ਨਹੀਂ ਕੀਤਾ ਗਿਆ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਫਤਿਹ ਸਿੰਘ ਪਿੱਦੀ ਤੇ ਜ਼ੋਨ ਦੇ ਪ੍ਰੈੱਸ ਸਕੱਤਰ ਸੁਪਰੀਮ ਸਿੰਘ ਨੇ ਪ੍ਰੈਸ ਬਿਆਨ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੰਮ੍ਰਿਤਸਰ ਤੋਂ ਬਠਿੰਡਾ ਹਾਈਵੇ ਨੰਬਰ 54 'ਤੇ ਪਿੰਡ ਅਲਾਦੀਨਪੁਰ ਵਿੱਚ ਫਲਾਈਓਵਰ ਬਣਿਆ ਹੋਇਆ ਹੈ। ਇਸ ਪੁਲ ਦੀ ਸਰਵਿਸ ਰੋਡ ਰਾਹੀਂ ਵਿਧਾਨ ਸਭਾ ਹਲਕਾ ਪੱਟੀ ਨੂੰ ਰਸਤਾ ਜਾਂਦਾ ਹੈ। ਇਸ ਸਾਰੀ ਸੜਕ ਦੀ ਹਾਲਤ ਬਹੁਤ ਖਸਤਾ ਹੋ ਚੁੱਕੀ ਹੈ। ਪਿੰਡ ਅਲਾਦੀਨਪੁਰ ਦਾ ਸਾਰਾ ਗੰਦਾ ਪਾਣੀ ਵੀ ਇਸ ਸੜਕ 'ਤੇ ਪੈ ਰਿਹਾ ਹੈ। ਪੁਲ ਦੇ ਹੇਠਾਂ ਵੱਡੇ ਖੱਡੇ ਪੈ ਚੁੱਕੇ ਹਨ ਤੇ ਸਭ ਤੋਂ ਮਾੜੀ ਹਾਲਤ ਪਿੰਡ ਚਤਾਲਾ ਦੇ ਮੁੱਖ ਰਸਤੇ ਦੇ ਸਾਹਮਣੇ ਹੈ ਜਿਸ 'ਤੇ ਦੋ ਦੋ ਫੁੱਟ ਪਾਣੀ ਖੜ੍ਹਾ ਹੈ ਤੇ ਦੋ ਦੋ ਫੁੱਟ ਡੂੰਘੇ ਟੋਏ ਪੈ ਗਏ ਹਨ। ਜਿਨ੍ਹਾਂ ਟੋਇਆਂ ਵਿੱਚ ਰੋਜ਼ ਗੱਡੀਆਂ, ਕਾਰਾਂ ਤੇ ਈ ਰਿਕਸ਼ਾ ਪਲਟ ਰਹੇ ਹਨ। ਜਿਸ ਨਾਲ ਆਮ ਰਾਹਗੀਰਾਂ ਨੂੰ ਗੰਭੀਰ ਸੱਟਾਂ ਲੱਗ ਰਹੀਆਂ ਹਨ। ਪੱਟੀ ਰੋਡ ਨੂੰ ਤਰਨ ਤਾਰਨ ਤੋਂ ਜਾਣ ਵਾਲਾ ਰਸਤਾ ਆਮ ਲੋਕਾਂ ਲਈ ਸਰਾਪ ਬਣ ਗਿਆ ਹੈ। 10 ਜਨਵਰੀ ਨੂੰ ਕਿਸਾਨ ਜਥੇਬੰਦੀ ਵੱਲੋਂ ਉਸਮਾ ਟੋਲ ਪਲਾਜ਼ੇ 'ਤੇ ਧਰਨਾ ਵੀ ਦਿੱਤਾ ਗਿਆ ਸੀ। ਧਰਨੇ ਵਿੱਚ ਸਬੰਧਤ ਅਧਿਕਾਰੀਆਂ ਵੱਲੋਂ ਤਹਿਸੀਲਦਾਰ ਤੇ ਡੀ ਐਸ ਪੀ ਦੀ ਹਾਜ਼ਰੀ ਵਿੱਚ ਇਸ ਸੜਕ ਦੀ ਮੁਰੰਮਤ ਤੇ ਪਾਣੀ ਦੀ ਨਿਕਾਸੀ ਦਾ ਹੱਲ ਕਰਨ ਲਈ ਇੱਕ ਹਫਤੇ ਦਾ ਸਮਾਂ ਮੰਗਿਆ ਸੀ। ਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਇਹ ਸੜਕ ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਤੇ ਹਲਕਾ ਪੱਟੀ ਨੂੰ ਵੀ ਜਾਂਦੀ ਹੈ, ਪਰ ਪੰਜਾਬ ਸਰਕਾਰ ਦਾ ਮੰਤਰੀ ਆਪਣੇ ਹਲਕੇ ਨੂੰ ਜਾਂਦੀ ਸੜਕ ਦਾ ਸੁਧਾਰ ਨਹੀਂ ਕਰ ਸਕਦਾ ਤਾਂ ਆਮ ਲੋਕਾਂ ਦੇ ਕੰਮ ਕਿੱਦਾਂ ਕਰੇਗਾ। ਆਗੂਆਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਸ ਸੜਕ ਦਾ ਕੋਈ ਹੱਲ ਨਾ ਕੀਤਾ ਤਾਂ ਅਗਲਾ ਐਕਸ਼ਨ ਤਿੱਖਾ ਹੋਵੇਗਾ।

ਸਕੂਲੀ ਵਿਦਿਆਰਥੀਆਂ ਜਲਗਾਹ ਦਿਵਸ ਮਨਾਇਆ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸੇਰ ਸਿੰਘ ਯੋਧਾ) - ਲਖਵਿੰਦਰ ਸਿੰਘ ਵਣ ਮੰਡਲ ਅਫਸਰ ਜੰਗਲੀ ਜੀਵ ਮੰਡਲ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਮਲਜੀਤ ਸਿੰਘ ਵਣ ਰੇਂਜ ਅਫਸਰ ਜੰਗਲੀ ਜੀਵ ਰੇਂਜ ਹਰੀਕੇ ਦੀ ਅਗਵਾਈ ਵਿਚ ਜੰਗਲੀ ਜੀਵ ਸੈਂਚੁਰੀ ਹਰੀਕੇ ਵਿਖੇ ਡਬਲਯੂ ਡਬਲਯੂ ਐਫ ਭਾਰਤ ਦੇ ਸਹਿਯੋਗ ਨਾਲ ਵਿਸ਼ਵ ਜਲਗਾਹ ਦਿਵਸ ਮਨਾਇਆ ਗਿਆ।ਜੰਗਲੀ ਜੀਵ ਸੈਂਚੁਰੀ ਅਧੀਨ ਪੈਂਦੀ ਚੂੜੀਆ ਚੈਕਪੋਸਟ 'ਤੇ ਇੱਕ ਪ੍ਰੋਗਰਾਮ ਦਾ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਹਰੀਕੇ ਦੇ ਕਰੀਬ 25 ਵਿਦਿਆਰਥੀਆਂ, ਦਸ਼ਮੇਸ਼ ਪਬਲਿਕ ਸਕੂਲ ਹਰੀਕੇ ਦੇ 20 ਵਿਦਿਆਰਥੀਆਂ ਤੇ ਸ੍ਰੀ ਗੁਰੂ ਹਰਗੋਬਿੰਦ ਨੈਸ਼ਨਲ ਮਾਡਲ ਸਕੂਲ ਹਰੀਕੇ ਦੇ 20 ਵਿਦਿਆਰਥੀਆਂ ਨੇ ਭਾਗ ਲਿਆ।ਇਸ ਪ੍ਰੋਗਰਾਮ ਵਿਚ ਮਹਿਕਮੇ ਵੱਲੋਂ ਇਸ ਵਾਰ ਵਿਸ਼ਵ ਜਲਗਾਹ ਦਿਵਸ ਧੀਮ ਵੈਟਲੈਂਡ ਅਤੇ ਹੋਮਨ ਵੈਲਬਿਅਗ ਤਹਿਤ ਆਏ ਹੋਏ ਸਕੂਲੀ ਵਿਦਿਆਰਥੀਆਂ ਅਤੇ ਸਕੂਲ ਸਟਾਫ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਹਰੀਕੇ ਵੈਟਲੈਂਡ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ। ਸਕੂਲੀ ਵਿਦਿਆਰਥੀਆਂ ਅਤੇ ਆਏ ਸਕੂਲ ਸਟਾਫ ਨੂੰ ਹਰੀਕੇ ਐਲ.ਐਮ.ਬੀ. ਬੰਧ ਤੇ ਨੇਚਰ ਵਾਕ ਕਰਵਾਈ ਗਈ ਹਰੀਕੇ ਨੈਚਰ ਇੰਟਰਪ੍ਰੀਟੇਸ਼ਨ ਸੈਂਟਰ ਦਾ ਟੂਰ ਕਰਵਾਇਆ ਗਿਆ। ਸਕੂਲੀ ਵਿਦਿਆਰਥੀਆਂ ਵੈਟਲੈਂਡ ਸਬੰਧੀ ਵੱਖ ਵੱਖ ਤਰ੍ਹਾਂ ਦੀਆਂ ਕਵਿਤਾਵਾ ਸੁਣਾਈਆਂ। ਇਸ ਮੌਕੇ ਤੇ ਜੰਗਲੀ ਜੀਵ ਵਣ ਵਿਭਾਗ ਵੱਲੋਂ ਵੈਟਲੈਂਡ ਨੂੰ ਸਾਫ ਸੁਥਰਾ ਰੱਖਣ ਲਈ ਵੈਟਲੈਂਡਜ਼ ਮਿੱਤਰ ਪੁਸਤਕਾ ਪੜ੍ਹੀ ਗਈ ਤੇ ਸਕੂਲ ਵਿਦਿਆਰਥੀਆਂ ਤੇ ਸਟਾਫ ਨੂੰ ਪ੍ਰਣ ਦਿਵਾਇਆ ਗਿਆ।

ਤਿੱਬੜੀ ਚੌਕ 'ਚ ਟ੍ਰੈਫ਼ਿਕ ਲਾਈਟਾਂ ਤੇ ਸਪੀਡ ਬਰੇਕਰ ਨਾ ਹੋਣ ਕਾਰਨ ਹਾਦਸੇ ਵਾਪਰਨ ਦਾ ਡਰ

ਗੁਰਦਾਸਪੁਰ (ਜਨਕ ਮਹਾਜਨ)- ਤਿੱਬੜੀ ਰੋਡ ਗੁਰਦਾਸਪੁਰ ਸਥਿਤ ਰੇਲਵੇ ਅੰਡਰ ਬ੍ਰਿਜ ਨੇੜੇ ਸਪੀਡ

5-FEB-PAGE-12.qxd 2/4/2024 10:00 PM Page 1

ਜਨਮ ਦਿਨ ਮੁਬਾਰਕ

ਮਹਰੀਨ ਕੌਰ, ਧਾਲੀਵਾਲ

ਅਵੀਦੀਪ ਸਿੰਘ

ਐਨਿਸ ਸਲੂਜਾ, ਮਲੋਟ

ਵਿਆਹ ਮੁਬਾਰਕ

ਡਾ. ਬਲਵਿੰਦਰ ਸਿੰਘ ਢਿੱਲੋਂ ਦੇ ਹੋਣਹਾਰ ਪੁੱਤਰ ਰਮਨਦੀਪ ਸਿੰਘ ਦੇ ਵਿਆਹ ਮੌਕੇ ਦੀ ਤਸਵੀਰ

ਮਲਕੀਤ ਸਿੰਘ ਖੇਪੜ ਦੀ ਪੁੱਤਰੀ ਸ਼ਿਵਾਨੀ ਦਾ ਸ਼ੁਭ ਵਿਆਹ ਲਖਵੀਰ ਲੱਕੀ ਪਿੰਡ ਕੋਟ ਗੁਰਮਰਿਆਦਾ ਨਾਲ ਹੋਇਆ

ਅਮਰਜੀਤ ਵਾਸੀ ਮੁਹੱਲਾ ਸਲਵਾੜਾ ਹੁਸ਼ਿਆਰਪੁਰ ਅਤੇ ਰਿਪੀ ਵਾਸੀ ਹਰਦੋਖਾਨ ਹੁਸ਼ਿਆਰਪੁਰ ਨੂੰ ਵਿਆਹ ਦੀਆਂ ਮੁਬਾਰਕਾਂ

ਰਵਿੰਦਰ ਸਿੰਘ ਪੁੱਤਰ ਤਰਲੋਕ ਸਿੰਘ ਵਾਸੀ ਰੋਸ਼ਨ ਵਿਹਾਰ (ਬਟਾਲਾ) ਦਾ ਸ਼ੁੱਭ ਵਿਆਹ ਪ੍ਰਭਜੋਤ ਕੌਰ ਪੁੱਤਰੀ ਜਸਵੰਤ ਸਿੰਘ ਵਾਸੀ ਪਿੰਡ ਉਦੋਕੇ (ਬਟਾਲਾ) ਨਾਲ ਹੋਇਆ

ਡਰੋਨਾਂ ਰਾਹੀਂ ਗੈਰ-ਕਾਨੂੰਨੀ ਹਥਿਆਰਾਂ ਤੇ ਹੈਰੋਇਨ ਦੀ ਤਸਕਰੀ ਕਰਨ ਵਾਲੇ ਗਰੋਹ ਦਾ ਪਰਦਾ ਫਾਸ਼

ਜਲੰਧਰ (ਸ਼ੈਲੀ ਐਲਬਰਟ) -ਸਥਾਨਕ ਪੁਲਸ ਨੇ ਡਰੋਨਾਂ ਰਾਹੀਂ ਗੈਰ-ਕਾਨੂੰਨੀ ਹਥਿਆਰਾਂ ਅਤੇ ਹੈਰੋਇਨ ਦੀ ਸਰਹੱਦ ਪਾਰ ਤੋਂ ਤਸਕਰੀ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕੀਤਾ ਹੈ ਅਤੇ ਇਹ ਗੈਂਗ ਬਦਨਾਮ ਗੈਂਗਸਟਰ ਅਤੇ ਅੱਤਵਾਦੀ ਲਖਬੀਰ ਸਿੰਘ ਲੰਡਾ ਦੀ ਅਗਵਾਈ ਵਾਲੇ ਆਪਣੇ ਵਿਰੋਧੀ ਗਿਰੋਹ ਦੇ ਤਿੰਨ ਮੈਂਬਰਾਂ ਨੂੰ ਖਤਮ ਕਰਨ ਦੀ ਯੋਜਨਾ ਬਣਾ ਰਿਹਾ ਸੀ।.ਵੇਰਵਿਆਂ ਦਾ ਖੁਲਾਸਾ ਕਰਦਿਆਂ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਸ ਨੂੰ ਸੂਹ ਮਿਲੀ ਸੀ ਕਿ ਸਹਿਰ ਦੇ ਆਸ-ਪਾਸ ਹਥਿਆਰਾਂ ਦੀ ਤਸਕਰੀ ਕਰਨ ਵਾਲਾ ਇੱਕ ਗਿਰੋਹ ਸਰਗਰਮ ਹੈ। ਇਸ ਤੋਂ ਬਾਅਦ ਉਨ੍ਹਾਂ ਦੱਸਿਆ ਕਿ ਪੁਲਸ ਨੇ ਜਾਲ ਵਿਛਾ ਕੇ ਜਸਪ੍ਰੀਤ ਸਿੰਘ ਉਰਫ ਜੱਸਾ ਪੁੱਤਰ ਤਰਲੋਕ ਸਿੰਘ ਵਾਸੀ ਹਰੀਕੇ ਨੇੜੇ ਗੁਰਦੁਆਰਾ ਗੁਰਦਰਸਨ ਪ੍ਰਕਾਸ ਤਰਨਤਾਰਨ ਨੂੰ ਵੇਰਕਾ ਮਿਲਕ ਪਲਾਂਟ ਤੋਂ ਕਾਬੂ ਕਰ ਲਿਆ। ਥਾਣਾ ਡਿਵੀਜਨ 1 ਜਲੰਧਰ ਵਿਖੇ ਐਫਆਈਆਰ ਨੰਬਰ 11 ਮਿਤੀ 24-01-2024 ਅਧੀਨ 25 ਅਸਲਾ ਐਕਟ ਦਰਜ ਕੀਤੀ ਗਈ ਹੈ। ਤਫਤੀਸ਼ ਦੌਰਾਨ ਜਸਪ੍ਰੀਤ ਸਿੰਘ ਉਰਫ ਜੱਸਾ ਨੇ ਖੁਲਾਸਾ ਕੀਤਾ ਕਿ ਉਸ ਦੇ ਪਾਕਿਸਤਾਨ ਸਥਿਤ ਹਥਿਆਰਬੰਦ ਸਮੱਗਲਰਾਂ ਨਾਲ ਡੂੰਘੇ ਸਬੰਧ ਹਨ ਜਿਨ੍ਹਾਂ ਰਾਹੀਂ ਉਸ ਨੇ ਪਾਕਿਸਤਾਨ ਦੇ ਸੂਤਰਾਂ ਰਾਹੀਂ ਡਰੋਨਾਂ ਦੀ ਵਰਤੋਂ ਕਰਕੇ ਪਿਸਤੌਲਾਂ ਅਤੇ ਹੈਰੋਇਨ ਦੀ ਖਰੀਦ ਕੀਤੀ ਸੀ ਅਤੇ ਹੁਣ ਤੱਕ ਸੂਬੇ ਵਿੱਚ ਅਜਿਹੀਆਂ ਛੇ ਖੇਪਾਂ ਪ੍ਰਾਪਤ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਜੱਸਾ ਦੀ ਕੈਨੇਡਾ ਸਥਿਤ ਗੈਂਗਸਟਰ ਕਮ ਅੱਤਵਾਦੀ ਲਖਬੀਰ ਸਿੰਘ ਲੰਡਾ ਨਾਲ ਪੁਰਾਣੀ ਦੁਸਮਣੀ ਚੱਲ ਰਹੀ ਸੀ। ਇਸ ਰੰਜਿਸ਼ ਦੀ ਜੜ੍ਹ ਸੂਬੇ ਦੇ ਹਰੀਕੇ ਪੱਤਣ ਇਲਾਕੇ ਵਿੱਚ ਮੱਛੀ ਫੜਨ ਦਾ ਠੇਕਾ ਸੀ ਅਤੇ ਹਾਲ ਹੀ ਵਿੱਚ ਜੱਸਾ ਦੇ ਚਚੇਰੇ ਭਰਾ ਸੁਖਪ੍ਰੀਤ ਸਿੰਘ ਨੂੰ ਲੰਡਾ ਗੈਂਗ ਵੱਲੋਂ ਮਾਰ ਦਿੱਤਾ ਗਿਆ ਸੀ। ਜੱਸਾ ਦੇ ਖਿਲਾਫ ਐਨਡੀਪੀਐਸ, ਆਰਮਜ ਐਕਟ ਅਤੇ ਹੋਰ ਧਾਰਾਵਾਂ ਤਹਿਤ 17 ਐਫਆਈਆਰ ਪੈਂਡਿੰਗ ਹਨ ਅਤੇ ਨਵੀਂ ਖੇਪ ਰਾਹੀਂ ਉਸ ਨੇ ਲੰਡਾ ਗਰੋਹ ਦੇ ਤਿੰਨ ਮੁੱਖ ਸਾਥੀਆਂ ਨੂੰ ਮਾਰਨ ਦੀ ਯੋਜਨਾ ਬਣਾਈ ਸੀ। ਉਨ੍ਹਾਂ ਦੱਸਿਆ ਕਿ ਤਫਤੀਸ਼ ਦੇ ਆਧਾਰ 'ਤੇ ਪੁਲਸ ਨੇ ਤਿੰਨ ਹੋਰ ਦੋਸ਼ੀਆਂ ਨੂੰ ਤਿੰਨ ਪਿਸਤੌਲਾਂ ਸਮੇਤ 14 ਰੌਂਦ ਸਮੇਤ ਕਾਬੂ ਕੀਤਾ ਹੈ। ਫੜੇ ਗਏ ਸਮੱਗਲਰਾਂ ਦੀ ਪਛਾਣ ਭਗਵੰਤ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਪੰਗੇਟਾ ਤਰਨਤਾਰਨ, ਗੁਰਜੰਟ ਸਿੰਘ ਉਰਫ ਅੰਮ੍ਰਿਤ ਪੁੱਤਰ ਸੁਰਿੰਦਰ ਸਿੰਘ ਵਾਸੀ ਪਿੰਡ ਵੈਪੁਰੀ ਤਰਨਤਾਰਨ ਅਤੇ ਲਵਪ੍ਰੀਤ ਸਿੰਘ ਉਰਫ ਲਵ ਪੁੱਤਰ ਜਸਵੰਤ ਵਜੋਂ ਹੋਈ ਹੈ। ਸਿੰਘ ਵਾਸੀ ਪਿੰਡ ਰਲਚਾਹਲ ਤਰਨਤਾਰਨ ਵਜੋਂ ਹੋਈ ਹੈ। ਭਗਵੰਤ ਸਿੰਘ ਨੂੰ ਕਪੂਰਥਲਾ ਚੌਕ ਤੋਂ, ਗੁਰਜੰਟ ਸਿੰਘ ਨੂੰ ਮਕਸੂਦਾਂ ਬਾਈਪਾਸ ਤੋਂ ਅਤੇ ਲਵਪ੍ਰੀਤ ਸਿੰਘ ਨੂੰ ਵੇਰਕਾ ਮਿਲਕ ਪਲਾਂਟ ਤੋਂ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਸਪ੍ਰੀਤ ਖਿਲਾਫ ਕਤਲ ਦੀ ਕੋਸ਼ਿਸ਼, ਆਰਮਜ ਐਕਟ, ਏਅਰਕ੍ਰਾਫਟ ਐਕਟ, ਐਨਡੀਪੀਐਸ ਅਤੇ ਹੋਰ ਦੀਆਂ ਗੰਭੀਰ ਧਾਰਾਵਾਂ ਤਹਿਤ ਅੱਠ ਐਫਆਈਆਰਜ ਪੈਂਡਿੰਗ ਹਨ ਜਦੋਂਕਿ ਬਾਕੀ ਤਿੰਨਾਂ ਦਾ ਕੋਈ ਅਪਰਾਧਿਕ ਰਿਕਾਰਡ ਨਹੀਂ ਹੈ।

ਭੈਰੋ ਮਾਜਰਾ ਵਿਖੇ ਕਰਵਾਇਆ ਤਿੰਨ ਦਿਨਾ ਗੁਰਮਤਿ ਸਮਾਗਮ

ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੰਬੀ)- ਪਿੰਡ ਭੈਰੋਮਾਜਰਾ ਵਿਖੇ ਸੰਤ ਬਾਬਾ ਕਰਤਾਰ ਸਿੰਘ ਅਤੇ ਸੰਤ ਬਾਬਾ ਸਰਦੂਲ ਸਿੰਘ ਭੈਰੋਮਾਜਰਾ ਵਾਲਿਆ ਦੀ ਯਾਦ ਨੂੰ ਸਮਰਪਿਤ ਤਿੰਨ ਦਿਨਾਂ ਗੁਰਮਤਿ ਸਮਾਗਮ ਕਰਵਾਇਆ ਗਿਆ । ਸਮਾਗਮ ਦੇ ਅਖੀਰਲੇ ਦਿਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਤਮਸਤਕ ਹੁੰਦਿਆਂ ਮਹਾਂਪੁਰਸ਼ਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ । ਗੁਰਦੁਆਰਾ ਸ੍ਰੀ ਦਸਮੇਸ਼ਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਖੁੱਲੇ ਪੰਡਾਲ ਵਿੱਚ ਕੀਰਤਨ ਦਰਬਾਰ ਸਜਾਇਆ ਗਿਆ, ਜਿੱਥੇ ਰਾਗੀ ਜਥਿਆਂ, ਕਥਾਵਾਚਕਾਂ ਤੇ ਹੋਰ ਸੰਤ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ । ਇਸੇ ਦੌਰਾਨ ਮੈਡੀਕਲ ਕੈਂਪ ਦੌਰਾਨ ਦਰਜਨਾਂ ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਖੂਨ ਦਾਨ ਕੈਂਪ ਵਿੱਚ 250 ਯੂਨਿਟ ਖੂਨ ਇਕੱਤਰ ਕੀਤਾ ਗਿਆ । ਸਮਾਗਮ ਦੌਰਾਨ ਬਾਬਾ ਅਮਰ ਸਿੰਘ ਭੈਰੋਮਾਜਰਾ, ਜਥੇਦਾਰ ਬਾਬਾ ਸੁਖਪਾਲ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕਰਨ ਸਿੰਘ ਡੀਟੀਓ, ਸਾਬਕਾ ਸੰਸਦ ਮੈਂਬਰ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਦੇ ਸਿਆਸੀ ਸਕੱਤਰ ਅਮਨਦੀਪ ਸਿੰਘ ਮਾਂਗਟ, ਪੁਲੀਸ ਅਧਿਕਾਰੀ ਪਰਮਜੀਤ ਸਿੰਘ, ਕ੍ਰਿਪਾਲ ਸਿੰਘ, ਗਿਆਨ ਸਿੰਘ, ਕੁਲਦੀਪ ਸਿੰਘ, ਮਹਿੰਦਰ ਸਿੰਘ ਅਤੇ ਅਜਮੇਰ ਸਿੰਘ ਆਦਿ ਹਾਜਰ ਸਨ ।

ਸੰਜੀਵ ਭਨੋਟ ਬਣੇ ਪ੍ਰਧਾਨ ਤੇ ਪ੍ਰਵੀਰ ਅੱਬੀ ਜਨਰਲ ਸਕੱਤਰ

ਬਹਿਰਾਮ (ਅਵਤਾਰ ਕਲੇਰ) ਪੰਜਾਬ-ਚੰਡੀਗੜ੍ਹ ਜਰਨਲਿਸਟ ਯੂਨੀਅਨ ਬੰਗਾ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਨੂਰਪੁਰੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਚੇਅਰਮੈਨ ਹਰਮੇਸ਼ ਵਿਰਦੀ ਅਤੇ ਜ਼ਿਲ੍ਹਾ ਜਨਰਲ ਸਕੱਤਰ ਨਵਕਾਂਤ ਭਰੋਮਜਾਰਾ ਹਾਜਰ ਹੋਏ। ਮੀਟਿੰਗ ਵਿੱਚ ਬੰਗਾ ਸਬ ਡਿਵੀਜ਼ਨ ਦੀ ਦੋਬਾਰਾ ਚੋਣ ਕਰਨ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸਰਵਸੰਮਤੀ ਉਪਰੰਤ ਕਾਰਜਕਾਰੀ ਪ੍ਰਧਾਨ ਨਰਿੰਦਰ ਮਾਹੀ ਨੇ ਨਵੇਂ ਪ੍ਰਧਾਨ ਦੀ ਚੋਣ ਲਈ ਸੰਜੀਵ ਭਨੋਟ ਦਾ ਨਾਂਅ ਪੇਸ਼ ਕੀਤਾ। ਜਿਸ ਨੂੰ ਸਾਰੇ ਮੌਜੂਦ ਪੱਤਰਕਾਰਾਂ ਨੇ ਸਹਿਮਤੀ ਦਿੱਤੀ। ਇਸੇ ਤਰ੍ਹਾਂ ਪ੍ਰਵੀਰ ਅੱਬੀ ਨੂੰ ਜਨਰਲ ਸਕੱਤਰ ਬਣਾਉਣ ਲਈ ਸਹਿਮਤੀ ਕੀਤੀ ਗਈ। ਇਸ ਮੌਕੇ ਨਵਕਾਂਤ ਭਰੋਮਜਾਰਾ ਨੇ ਨਵੇਂ ਚੁਣੇ ਗਏ ਪ੍ਰਧਾਨ ਸੰਜੀਵ ਭਨੋਟ ਨੂੰ ਜਿੱਥੇ ਹਰ ਤਰ੍ਹਾਂ ਸਹਿਯੋਗ ਦੇਣ ਦੀ ਗੱਲ ਕਹੀ ਉੱਥੇ ਸੰਜੀਵ ਭਨੋਟ ਨੂੰ ਜਥੇਬੰਦੀ ਚਲਾਉਣ ਲਈ ਸੁਝਾਅ ਦਿੱਤੇ। ਇਸ ਮੌਕੇ ਮਨਜਿੰਦਰ ਸਿੰਘ ਨੂੰ ਪ੍ਰੈਸ ਸਕੱਤਰ ਬਣਾਉਣ ਦਾ ਪ੍ਰਸਤਾਵ ਚੇਅਰਮੈਨ ਹਰਮੇਸ਼ ਵਿਰਦੀ ਵਲੋਂ ਰੱਖਿਆ ਗਿਆ ਜੋ ਕਿ ਸਰਵਸੰਮਤੀ ਨਾਲ ਪਾਸ ਕੀਤਾ ਗਿਆ। ਚੁਣੇ ਗਏ ਤਿੰਨੇ ਅਹੁਦੇਦਾਰਾਂ ਨੇ ਆਪਣੇ ਕੰਮ ਨੂੰ ਇਮਾਨਦਾਰੀ ਨਾਲ ਚਲਾਉਣ ਦਾ ਵਾਅਦਾ ਕੀਤਾ। ਇਸ ਮੌਕੇ ਕੁਲਦੀਪ ਸਿੰਘ ਪਾਬਲਾ, ਧਰਮਵੀਰ ਪਾਲ, ਰਾਜ ਮਜਾਰੀ, ਗੁਰਜਿੰਦਰ ਗੁਰੂ ਆਦਿ ਵੀ ਹਾਜਰ ਸਨ।

ਨਿਵੇਕਲਾ ਸ਼ਰਧਾਂਜਲੀ ਸਮਾਗਮ

ਮਾਂ ਦੀਆਂ ਅੱਖਾਂ ਦੀ ਲੋਅ ਨੂੰ ਜਗਦਾ ਰੱਖਣਾ ਹੋਵੇਗਾ

ਵੱਖ-ਵੱਖ ਬੁਲਾਰੇ ਮਾਤਾ ਬਲਜੀਤ ਕੌਰ ਸਿੱਧੂ ਨੂੰ ਸ਼ਰਧਾਂਜਲੀ ਭੇਂਟ ਕਰਦੇ ਹੋਏ।

ਜੇਕਰ ਕੋਈ ਸਮਾਗਮ ਰੁਟੀਨ ਨਾਲੋਂ ਵੱਖਰਾ ਨਿਆਰਾ ਹੋਵੇ, ਸਮਾਗਮ ਨਾਲ ਸਬੰਧਤ ਵਿਅਕਤੀ ਵੱਲੋਂ ਸਮਾਜ ਨੂੰ ਸਮਰਪਣ, ਸੁਹਿਰਦਤਾ ਤੇ ਸਿਦਕ ਦੇ ਰੂਪ ਵਿੱਚ ਦਿੱਤੇ ਖਜਾਨੇ ਨੂੰ ਸੰਭਾਲਣ ਦਾ ਪ੍ਰਣ ਹੋਵੇ ਤੇ ਕਿਸੇ ਵਿਸ਼ੇਸ਼ ਖਿੱਤੇ ਦੇ ਲੋਕਾਂ ਨੂੰ ਦਰਪੇ, ਭਵਿੱਖੀ ਖਤਰਿਆਂ ਦੀ ਨਿਸਾਨਦੇਹੀ ਕਰਦਿਆਂ ਜਾਗਦੇ ਰਹਿਣ ਦਾ ਹੋਕਾ ਵੀ ਹੋਵੇ ਤਾਂ ਉਹ ਚੇਤਿਆ ਦਾ ਸਦੀਵੀ ਹਿੱਸਾ ਬਣ ਜਾਂਦਾ ਹੈ। ਇਹ ਵੀ ਕਿ ਉਹ ਸਮਾਗਮ ਤੁਹਾਨੂੰ ਮਾਨਸਿਕ ਸਕੂਨ ਤੇ ਤਾਕਤ ਪ੍ਰਦਾਨ ਕਰ ਜਾਵੇ ਤੇ ਤੁਸੀਂ ਉਸ ਦਾ ਹਿੱਸਾ ਬਣ ਕੇ ਮਾਣ ਵੀ ਮਹਿਸੂਸ ਕਰੋ। ਇਸ ਤਰ੍ਹਾਂ ਦਾ ਮਾਣ ਮਹਿਸੂਸ ਕਰਨ ਦਾ ਸਬੱਬ ਬਣਿਆ ਮਲਸੀਆ ਪਿੰਡ ਦੇ ਕਨੇਡਾ ਜਾ ਵਸੇ ਸਿੱਧੂ ਪਰਵਾਰ ਦੀ ਮਾਂ ਬਲਜੀਤ ਕੌਰ ਸਿੱਧੂ ਦਾ ਸ਼ਰਧਾਂਜਲੀ ਸਮਾਗਮ। ਕਨੇਡਾ ਦੇ ਓਟਾਰੀਓ ਰਾਜ ਦੇ ਸ਼ਹਿਰ ਬਰੈਂਪਟਨ ਤੋਂ ਮੈਂਬਰ ਪਾਰਲੀਮੈਂਟ ਤੇ ਸਰਕਾਰ ਵਿੱਚ ਸੰਸਦੀ ਸਕੱਤਰ ਮਨਿੰਦਰ ਸਿੱਧੂ ਦੇ ਦਾਦੀ ਤੇ ਉੱਘੇ ਸਮਾਜ ਸੇਵਕ ਪਰਮ ਸਿੱਧੂ, ਨਰਿੰਦਰ ਸਿੱਧੂ ਤੇ ਰਾਣਾ ਸਿੱਧੂ ਦੇ ਮਾਤਾ ਬਲਜੀਤ ਕੌਰ ਸਿੱਧੂ ਬੀਤੇ ਸਮੇਂ ਕਨੇਡਾ ਵਿੱਚ ਪੂਰੇ ਹੋ ਗਏ ਸਨ। ਉਨ੍ਹਾਂ ਨਮਿਤ ਪਾਠ ਦੇ ਭੋਗ ਤਾਂ ਬਰੈਂਪਟਨ ਵਿੱਚ ਵੀ ਪਾਏ ਗਏ ਸਨ ਅਤੇ ਸ਼ਰਧਾਂਜਲੀ ਸਮਾਗਮ ਵਿੱਚ 'ਤਿੱਲ ਸੁੱਟਣ ਜੋਗੀ' ਥਾਂ ਨਹੀਂ ਸੀ ਬਚੀ। ਸਿੱਧੂ ਪਰਵਾਰ ਅੰਦਰਲਾ ਮਿੱਟੀ ਦਾ ਮੋਹ ਇਸੇ ਸੋਚ ਵਿੱਚੋਂ ਝਲਕਦਾ ਹੈ ਕਿ ਉਨ੍ਹਾਂ ਨੇ ਆਪਣੀ ਜਨਮ ਭੂਮੀ ਮਲਸੀਆਂ ਵਿਖੇ ਵੀ ਸ਼ਰਧਾਂਜਲੀ ਸਮਾਗਮ ਕਰਨ ਦਾ ਫੈਸਲਾ ਕੀਤਾ।

ਬਾਬਾ ਸਾਹਿਬ ਸਿੰਘ ਬੇਦੀ ਦੇ ਅਸਥਾਨ ਗੁਰਦਵਾਰਾ ਦਮਦਮਾ ਸਾਹਿਬ ਮਲਸੀਆ ਵਿਖੇ ਮਾਤਾ ਬਲਜੀਤ ਕੌਰ ਸਿੱਧੂ ਨਮਿੱਤ ਅਖੰਡ ਪਾਠ ਦੇ ਭੋਗ ਪੈਣ ਉਪਰੰਤ ਹਜੂਰੀ ਰਾਗੀ ਭਾਈ ਰਵਿੰਦਰ ਸਿੰਘ ਦੇ ਜਥੇ ਨੇ ਕੀਰਤਨ ਰਾਹੀਂ ਸੰਗਤ ਨੂੰ ਗੁਰ ਸ਼ਬਦ ਨਾਲ ਜੋੜਿਆ। ਅੰਤਿਮ ਅਰਦਾਸ ਉਪਰੰਤ ਵੱਖ ਵੱਖ ਬੁਲਾਰਿਆਂ ਨੇ ਮਾਤਾ ਜੀ ਨੂੰ ਸ਼ਰਧਾ ਭੇਂਟ ਕਰਨ ਦੇ ਨਾਲ ਨਾਲ ਕਈ ਸਮਾਜੀ ਤੇ ਸਿਆਸੀ ਸਰੋਕਾਰ ਵੀ ਸਾਂਝੇ ਕੀਤੇ।

ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਪ੍ਰਧਾਨ ਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਸਾਥੀ ਅਮਲੋਕ ਸਿੰਘ ਨੇ ਆਪਣੇ 50 ਸਾਲਾਂ ਦੇ ਜਨਤਕ ਜੀਵਨ ਵਿੱਚੋਂ ਪੌਣਾ ਹਿੱਸਾ ਮਾਤਾ ਬਲਜੀਤ ਕੌਰ ਸਿੱਧੂ ਦੇ ਚਰਨਾਂ 'ਚ ਗੁਜਾਰਨ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹ ਤੁਰਦਾ ਫਿਰਦਾ ਇਤਿਹਾਸ ਸਨ ਤੇ ਮੈਂ ਗੌਰਵਮਈ ਵਿਰਸੇ ਨੂੰ ਸੰਭਾਲ ਕੇ ਰੱਖਣਾ ਮਾਤਾ ਜੀ ਕੋਲੋਂ ਸਿੱਖਿਆ ਹੈ। ਉਨ੍ਹਾਂ ਕਿਹਾ ਕਿ ਜਿਹੜਾ ਵਿਸ਼ਾਲ ਸਾਗਰ ਮੈਂ ਮਾਤਾ ਦੀਆਂ ਅੱਖਾਂ ਵਿੱਚ ਵੇਖ ਸਕਿਆ ਹਾਂ, ਉਹ ਹੋਰਨਾਂ ਦਾ ਵੀ ਨਸੀਬ ਬਣੇ ਇਹ ਮੇਰੀ ਕਾਮਨਾ ਹੈ। ਅਮਲੋਕ ਸਿੰਘ ਨੇ ਪੰਜਾਬ ਦੇ ਬਣ ਰਹੇ ਹਾਲਾਤ ਦੇ ਹਵਾਲੇ ਨਾਲ ਕਿਹਾ ਕਿ ਆਉਣ ਵਾਲਾ ਸਮਾਂ ਔਖਿਆਈਆ ਭਰਿਆ ਹੋਵੇਗਾ। ਅਜਿਹੇ ਸਮਿਆਂ ਵਿੱਚ ਮਾਤਾ ਬਲਜੀਤ ਕੌਰ ਵਰਗੀਆਂ ਮਾਵਾਂ ਦੀ ਲੋੜ ਹੋਵੇਗੀ। ਅਸੀਂ ਉਨ੍ਹਾਂ ਦੇ ਰਾਹਾਂ 'ਤੇ ਚੱਲਣ ਦਾ ਪ੍ਰਣ ਕਰਦੇ ਹੋਏ ਇਹ ਵੀ ਕਹਿਣਾ ਚਾਹੁੰਦੇ ਹਾਂ ਕਿ ਮਾਂ ਦੇ ਨੈਣਾਂ ਦੀ ਲੋਅ ਨੂੰ ਜਗਦਾ ਰੱਖਾਂਗੇ। ਅਮੋਲਕ ਸਿੰਘ ਨੇ ਸੰਘਰਸ਼ਾਂ ਦੇ ਪਾਂਧੀ ਮਾਤਾ ਦੇ ਚੌਥੇ ਪੁੱਤ ਬਲਵੰਤ ਮਲਸੀਆਂ ਦੇ ਹਾਵਲੇ ਨਾਲ ਕਿਹਾ ਕਿ ਬਲਜੀਤ ਕੌਰ ਸਿੱਧੂ ਅਨੇਕਾਂ ਧੀਆਂ ਪੁੱਤਾਂ ਦੀ ਮਾਂ ਸਨ। ਉਨ੍ਹਾਂ ਪੰਜਾਬ ਦੇ ਕਾਲੇ ਦੌਰ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਿਨਾਂ ਵਿੱਚ ਮਾਤਾ ਬਲਜੀਤ ਕੌਰ ਨੇ ਆਪਣੇ ਮਨ ਅਤੇ ਘਰ ਦਾ ਬੂਹਾਂ ਸਦਾ ਖੁੱਲ੍ਹਾ ਰੱਖਿਆ।

ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਕਿਹਾ ਕਿ ਮਾਤਾ ਜੀ ਦੀ ਸੱਚੀ ਸੁੱਚੀ ਸੋਚ ਨੂੰ ਜਿੰਦਾ ਰੱਖਣਾ ਹੀ ਉਨ੍ਹਾਂ ਨੂੰ ਸਹੀ ਸ਼ਰਧਾਂਜਲੀ ਹੋਵੇਗੀ। ਇੰਦਰਜੀਤ ਸਿੰਘ ਬੱਲ (ਕਨੇਡਾ) ਨੇ ਸਿੱਧੂ ਪਰਵਾਰ ਦੇ ਹਵਾਲੇ ਨਾਲ ਤੇ ਮਾਤਾ ਬਲਜੀਤ ਕੌਰ ਸਿੱਧੂ ਦੀ ਸੁਹਿਰਦਤਾ ਨੂੰ ਸਲਾਮ ਕਰਦਿਆਂ ਕਿਹਾ ਕਿ ਕਨੇਡਾ ਵਿੱਚ ਪੰਜਾਬੀਆਂ ਦੀ ਲੰਬੀ ਤੇ ਸਫਲ ਕਹਾਣੀ ਹੈ। ਉਨ੍ਹਾਂ ਪੰਜਾਬ ਦੇ ਹਾਲਾਤ ਦਾ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਲੋੜ ਇਸ ਗੱਲ ਦੀ ਹੈ ਕਿ ਇੱਥੋਂ ਦੀ ਵਿੱਦਿਆ, ਜਾਇਦਾਦ ਤੇ ਵਿਦਵਤਾ ਨੂੰ ਇੱਕ ਕੁਠਾਲੀ ਵਿੱਚ ਪਾਇਆ ਜਾਵੇ। ਹਰਪਾਲ ਸਿੰਘ ਪ੍ਰਧਾਨ ਓਟਾਰੀਓ ਖਾਲਸਾ ਦਰਬਾਰ ਨੇ ਸ਼ਰਧਾਜਲੀ ਸ਼ਬਦਾਂ ਵਿੱਚ ਸਿੱਧੂ ਪਰਵਾਰ ਦੀ ਸੇਵਾ ਪ੍ਰਵਿਰਤੀ ਦਾ ਜ਼ਿਕਰ ਕੀਤਾ। ਅਮਰ ਉਜਾਲਾ ਦੇ ਮੁੱਖ ਸੰਪਾਦਕ ਸੁਰਿੰਦਰ ਪਾਲ ਨੇ ਮਾਂ ਦੇ ਪਵਿੱਤਰ ਰਿਸ਼ਤੇ ਦੀ ਬਾਤ ਪਾਈ। ਐਡਵੋਕੇਟ ਦੀਪਕ ਸ਼ਰਮਾ ਨੇ ਸਿੱਧੂ ਪਰਵਾਰ ਨਾਲ ਆਪਣੀਆਂ ਪੀੜੀਆਂ ਸਾਂਝਾ ਨੂੰ ਚੇਤੇ ਕਰਦਿਆਂ ਮਾਤਾ ਬਲਜੀਤ ਕੌਰ ਦੇ ਮਾਣ ਮੱਤੇ ਜੀਵਨ ਸਫਰ ਦਾ ਵਰਣਨ ਕੀਤਾ।